@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
# Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 1 September 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 1 ਸਤੰਬਰ 2026, 17 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 298, qpatrika@gmail.com ਫੋਨ : 9971359517 www.qaumipatrika.org

## ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿੱਚੋਂ ਸਾਰੇ ਗਾਰਬੇਜ ਵੁਲਨੇਰੇਬਲ ਪੁਆਇੰਟਸ ਖ਼ਤਮ ਕਰਨ ਲਈ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ੁਰੂ ਕੀਤੀ ਜਾਵੇਗੀ : ਹਰਜੋਤ ਸਿੰਘ ਬੈਂਸ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਚੰਡੀਗੜ੍ਹ 31 ਅਗਸਤ। ਪੰਜਾਬ ਨੂੰ ਕੂੜਾ-ਕਰਕਟ ਮੁਕਤ ਬਣਾਉਣ ਦੀ ਦਿਸ਼ਾ ਵੱਲ ਵੱਡਾ ਕਦਮ ਚੁੱਕਦਿਆਂ ਸਥਾਨਕ ਸਰਕਾਰਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸੂਬੇ ਭਰ ਦੇ ਸਾਰੇ ਗਾਰਬੇਜ ਵੁਲਨੇਰੇਬਲ ਪੁਆਇੰਟਸ (ਜੀ.ਵੀ.ਪੀਜ਼.) ਨੂੰ ਖ਼ਤਮ ਕਰਨ ਲਈ 7 ਸਤੰਬਰ ਤੱਕ 10 ਦਿਨਾਂ ਲਈ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਉਣ ਦਾ ਐਲਾਨ ਕੀਤਾ ਹੈ। ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ. ਹਰਜੋਤ ਬੈਂਸ ਨੇ ਕਿਹਾ ਕਿ ਇਹ 10 ਰੋਜ਼ਾ ਮੁਹਿੰਮ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ 'ਮਿਸ਼ਨ ਕਲੀਨ ਪੰਜਾਬ' ਪਹਿਲਕਦਮੀ ਵਿੱਚ ਹੋਰ ਤੇਜ਼ੀ ਲਿਆਵੇਗੀ, ਜਿਸ ਤਹਿਤ ਸੀਨੀਅਰ ਅਧਿਕਾਰੀ ਪਹਿਲਾਂ ਹੀ ਸਵੇਰੇ 7 ਵਜੇ ਤੋਂ 8 ਵਜੇ ਤੱਕ ਰੋਜ਼ਾਨਾ ਜ਼ਮੀਨੀ ਪੱਧਰ 'ਤੇ ਨਿਰੀਖਣ ਕਰ ਰਹੇ ਹਨ। ਸ. ਬੈਂਸ ਨੇ ਕਿਹਾ, ਪੰਜਾਬ ਸਾਡੇ ਗੁਰੂਆਂ ਅਤੇ ਸੰਤਾਂ ਦੀ ਪਵਿੱਤਰ ਧਰਤੀ ਹੈ ਅਤੇ ਇਸ ਦੇ ਕਣ-ਕਣ ਵਿੱਚ ਅਧਿਆਤਮਿਕਤਾ ਸਮੋਈ ਹੋਈ ਹੈ। ਇਸ ਨੂੰ ਸਾਫ਼-ਸੁਥਰਾ ਅਤੇ ਸੁੰਦਰ ਰੱਖਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਮੁਹਿੰਮ ਵਿੱਚ ਸਾਰੇ ਵਿਧਾਇਕ, ਡਿਪਟੀ ਕਮਿਸ਼ਨਰ, ਨਗਰ ਨਿਗਮ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ, ਈਓਜ਼ ਅਤੇ ਗੈਰ ਸਰਕਾਰੀ ਸੰਗਠਨ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ 'ਐਮ ਸੇਵਾ' ਐਪ ਰਾਹੀਂ



ਨਾਗਰਿਕ ਵੀ ਆਪਣੇ ਖੇਤਰਾਂ ਵਿੱਚ ਜੀ.ਵੀ.ਪੀਜ਼. ਦੀਆਂ ਫੋਟੋਆਂ ਅਪਲੋਡ ਕਰਕੇ ਇਸ ਮੁਹਿੰਮ ਵਿੱਚ ਸ਼ਾਮਲ ਹੋ ਸਕਦੇ ਹਨ। ਹਰੇਕ ਸ਼ਿਕਾਇਤ ਦੀ ਵੱਖਰੀ ਆਈਡੀ ਤਿਆਰ ਹੋਵੇਗੀ, ਜਿਸ ਨਾਲ ਨਾਗਰਿਕ ਆਪਣੀ ਸ਼ਿਕਾਇਤ ਨੂੰ ਟਰੈਕ ਕਰ ਸਕਦੇ ਹਨ ਅਤੇ ਉਸ ਸਥਾਨ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਾਰਵਾਈ ਕੀਤੀ ਜਾਵੇਗੀ। ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਇਹ ਮੁਹਿੰਮ ਹਰ ਸ਼ਹਿਰ ਅਤੇ ਕਸਬੇ ਵਿੱਚ ਕੂੜੇ-ਕਰਕਟ ਵਾਲੇ ਸਥਾਨਾਂ ਦੀ ਮੁਕੰਮਲ ਸਫ਼ਾਈ ਕਰਨ 'ਤੇ ਕੇਂਦਰਿਤ ਹੋਵੇਗੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਰਗੇ ਵੱਡੇ ਸ਼ਹਿਰਾਂ ਵਿੱਚ 600 ਅਤੇ ਪਟਿਆਲਾ ਵਿੱਚ ਲਗਭਗ 450 ਜੀਵੀਪੀਜ਼ ਦੀ ਪਛਾਣ ਕੀਤੀ ਗਈ ਹੈ। ਸ. ਬੈਂਸ ਨੇ ਕਿਹਾ, ਅਗਲੇ 10 ਦਿਨਾਂ ਵਿੱਚ, ਸਾਰੇ ਵਿਧਾਇਕ ਅਤੇ ਅਧਿਕਾਰੀ ਜੀਵੀਪੀਜ਼ ਨੂੰ ਖ਼ਤਮ ਕਰਨ ਲਈ ਹਰ ਰੋਜ਼ ਸਵੇਰੇ ਜ਼ਮੀਨੀ ਪੱਧਰ 'ਤੇ ਨਿਰੀਖਣ ਕਰਨਗੇ। ਮੈਂ ਖੁਦ ਵੀ ਫ਼ੀਲਡ ਵਿੱਚ ਮੌਜੂਦ ਰਹਾਂਗਾ। ਸ. ਹਰਜੋਤ ਬੈਂਸ ਨੇ ਨਾਗਰਿਕਾਂ ਨੂੰ ਇਸ ਮਿਸ਼ਨ ਨਾਲ ਜੁੜਨ ਦਾ ਸੱਦਾ ਦਿੰਦਿਆਂ ਕਿਹਾ ਕਿ ਇਹ ਮਹਿਜ਼ ਸਰਕਾਰੀ ਮੁਹਿੰਮ ਨਹੀਂ ਸਗੋਂ ਲੋਕ ਲਹਿਰ ਹੈ। ਉਨ੍ਹਾਂ ਸਫ਼ਾਈ ਕਰਮਚਾਰੀਆਂ ਦੇ ਸਨਮਾਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਅਤੇ ਕਿਹਾ ਕਿ ਇਹ ਯਕੀਨੀ ਬਣਾਉਣਾ ਸਾਡਾ ਫਰਜ਼ ਹੈ ਕਿ ਉਨ੍ਹਾਂ ਦੇ ਯਤਨ ਸਾਡੇ ਗੈਰ-ਜ਼ਿੰਮੇਵਾਰਾਨਾ ਵਤੀਰੇ ਕਾਰਨ ਅਜਾਈਂ ਨਾ ਜਾਣ। ਉਨ੍ਹਾਂ ਨੇ ਅੰਮ੍ਰਿਤਸਰ ਵਿੱਚ ਸਫ਼ਾਈ ਅਭਿਆਨ ਦੌਰਾਨ ਦੇਰ ਰਾਤ ਸਮੇਂ ਕੀਤੇ ਨਿਰੀਖਣ ਬਾਰੇ ਗੱਲ ਕਰਦਿਆਂ ਸਫ਼ਾਈ ਕਰਮਚਾਰੀਆਂ ਦੇ ਸਨਮਾਨ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕ ਖੇਤਰ ਨੂੰ ਚੰਗੀ ਤਰ੍ਹਾਂ ਸਾਫ਼ ਕਰ ਦਿੰਦੇ ਹਨ ਪਰ ਥੋੜੀ ਦੇਰ ਬਾਅਦ ਦੁਬਾਰਾ ਉਥੇ ਕੂੜਾ ਸੁੱਟ ਦਿੱਤਾ ਜਾਂਦਾ ਹੈ। ਸ. ਬੈਂਸ ਨੇ ਕਿਹਾ, ਸਾਨੂੰ ਆਪਣੇ ਸਫ਼ਾਈ ਸੇਵਕਾਂ ਦਾ ਸਮਰਥਨ ਕਰਨਾ ਚਾਹੀਦਾ ਹੈ। ਇਹ ਯਕੀਨੀ ਬਣਾਉਣਾ ਸਾਡਾ ਫਰਜ਼ ਹੈ ਕਿ ਉਨ੍ਹਾਂ ਦੇ ਯਤਨ ਸਾਡੇ ਗੈਰ-ਜ਼ਿੰਮੇਵਾਰਾਨਾ ਵਿਵਹਾਰ ਕਾਰਨ ਅਜਾਈਂ ਨਾ ਜਾਣ। ਮੰਤਰੀ ਹਰਜੋਤ ਸਿੰਘ ਬੈਂਸ ਨੇ ਲੋਕਾਂ ਨੂੰ ਐਮ-ਸੇਵਾ ਐਪ ਡਾਊਨਲੋਡ ਕਰਨ, ਆਪਣੇ ਖੇਤਰਾਂ ਵਿੱਚ ਗਾਰਬੇਜ ਵੁਲਨੇਰੇਬਲ ਪੁਆਇੰਟਸ ਦੀਆਂ ਤਸਵੀਰਾਂ ਅਪਲੋਡ ਕਰਨ ਅਤੇ ਸਫ਼ਾਈ ਮੁਹਿੰਮ ਨੂੰ ਟਰੈਕ ਕਰਨ ਲਈ ਹਰੇਕ ਸ਼ਿਕਾਇਤ ਲਈ ਤਿਆਰ ਕੀਤੀ ਵਿਲੱਖਣ ਆਈਡੀ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਆਸ-ਪਾਸ ਦੇ ਆਂਢ-ਗੁਆਂਢ ਵਿੱਚ ਸਫ਼ਾਈ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਇਸ ਮੁਹਿੰਮ ਨੂੰ ਇੱਕ ਲੋਕ ਲਹਿਰ ਬਣਾਉਣ।

## 'ਸਿਆਸਤ ਤੋਂ 'ਸੰਨਿਆਸ' ਨਹੀਂ ਲਵਾਂਗੀ' ਮਮਤਾ ਬੈਨਰਜੀ ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ

ਕੋਲਕਾਤਾ 31 ਅਗਸਤ। ਤ੍ਰਿਣਮੂਲ ਕਾਂਗਰਸ ਪ੍ਰਧਾਨ ਮਮਤਾ ਬੈਨਰਜੀ ਨੇ ਕਿਹਾ ਕਿ ਉਹ ਸਿਆਸਤ ਤੋਂ 'ਸੰਨਿਆਸ' ਨਹੀਂ ਲਵੇਗੀ ਅਤੇ ਉਦੋਂ ਤੱਕ ਨਹੀਂ ਰੁਕੇਗੀ ਜਦੋਂ ਤੱਕ ਉਹ ਭਾਜਪਾ ਨੂੰ ਹਾਸ਼ੀਏ 'ਤੇ ਨਹੀਂ ਧੱਕ ਦਿੰਦੀ। ਦੱਸ ਦੇਈਏ ਕਿ ਮਮਤਾ ਬੈਨਰਜੀ ਨੇ ਸੋਸ਼ਲ ਮੀਡੀਆ ਮੰਚ 'ਫੇਸਬੁੱਕ' 'ਤੇ ਇਹ ਵੀ ਕਿਹਾ ਕਿ ਸੂਬੇ ਦੀ ਸੱਤਾ 'ਚ ਬਦਲਾਅ ਤੋਂ 4 ਮਹੀਨਿਆਂ ਦੇ ਅੰਦਰ ਹੀ ਲੋਕਾਂ ਨੇ ਭਾਜਪਾ ਦਾ ਅਸਲੀ ਚਿਹਰਾ ਦੇਖ ਲਿਆ ਹੈ। ਬੈਨਰਜੀ ਨੇ ਦੋਸ਼ ਲਾਇਆ ਕਿ ਮਰਦਮਸ਼ੁਮਾਰੀ ਦੀ ਕਵਾਇਦ ਰਾਸ਼ਟਰੀ ਨਾਗਰਿਕ ਰਜਿਸਟਰ (ਐੱਨ. ਆਰ. ਸੀ.) ਲਾਗੂ ਕਰਨ ਦੀ ਇਕ ਹੋਰ 'ਪਿਛਲੇ ਦਰਵਾਜ਼ਿਓਂ ਕੀਤੀ ਗਈ ਕੋਸ਼ਿਸ਼' ਹੈ ਅਤੇ ਇਸ ਨੂੰ ਸਿਆਸੀ ਪਾਰਟੀਆਂ ਨਾਲ ਸਲਾਹ ਕੀਤੇ ਬਿਨਾਂ ਲਾਗੂ ਕੀਤਾ ਗਿਆ। ਉਨ੍ਹਾਂ ਲੋਕਾਂ ਨੂੰ ਮਰਦਮਸ਼ੁਮਾਰੀ ਦੇ ਫਾਰਮ 'ਤੇ ਦਸਤਖ਼ਤ ਕਰਨ ਅਤੇ ਨਿੱਜੀ ਜਾਣਕਾਰੀ ਸਾਂਝੀ ਕਰਨ ਤੋਂ ਪਹਿਲਾਂ ਚੌਕਸ ਰਹਿਣ ਲਈ ਕਿਹਾ ਅਤੇ ਚਿਤਾਵਨੀ ਦਿੱਤੀ ਕਿ ਇਸ ਨਾਲ ਉਨ੍ਹਾਂ ਦੀ ਨਿੱਜੀ ਬੱਚਤ ਤੱਕ ਖਤਮ ਹੋ ਸਕਦੀ ਹੈ। ਸੂਬੇ ਦੇ ਵੱਖ-ਵੱਖ ਹਿੱਸਿਆਂ 'ਚ ਔਰਤਾਂ ਵੱਲੋਂ ਘਟਾ ਰਹੀ ਹੈ। ਇਸ ਤੋਂ ਇਲਾਵਾ ਸਾਬਕਾ ਮੁੱਖ ਮੰਤਰੀ ਬੈਨਰਜੀ ਨੇ ਦੋਸ਼ ਲਾਇਆ, "ਅਸੀਂ ਔਰਤਾਂ ਨੂੰ ਆਰਥਿਕ ਤੌਰ 'ਤੇ ਆਤਮਨਿਰਭਰ ਬਣਾਉਣ ਲਈ 'ਲਕਸ਼ਮੀਰ ਭੰਡਾਰ' ਸ਼ੁਰੂ ਕੀਤਾ ਸੀ ਪਰ



'ਅੰਨਪੂਰਣਾ ਭੰਡਾਰ ਵਿੱਤੀ ਸਹਾਇਤਾ ਯੋਜਨਾ' ਦੀ ਰਾਸ਼ੀ ਦੀ ਵੰਡ 'ਚ ਕਥਿਤ ਦੇਰੀ ਨੂੰ ਲੈ ਕੇ ਕੀਤੇ ਜਾ ਰਹੇ ਮੁਜ਼ਾਹਰਿਆਂ ਵਿਚਾਲੇ ਬੈਨਰਜੀ ਨੇ ਕਿਹਾ ਕਿ ਸੂਬੇ ਦੀ ਭਾਜਪਾ ਸਰਕਾਰ ਅਯੋਗਤਾ ਦਾ ਹਵਾਲਾ ਦੇ ਕੇ ਲਾਭਪਾਤਰੀਆਂ ਦੀ ਗਿਣਤੀ ਭਾਜਪਾ ਅੰਨਪੂਰਣਾ ਭੰਡਾਰ ਦਾ ਪੈਸਾ ਦੇਣ 'ਚ ਧਰਮ ਅਤੇ ਜਾਤ ਨੂੰ ਆਧਾਰ ਬਣਾ ਰਹੀ ਹੈ। ਉਹ ਚੋਣਾਂ ਤੋਂ ਪਹਿਲਾਂ ਸਾਰੀਆਂ ਔਰਤਾਂ ਨੂੰ ਅੰਨਪੂਰਣਾ ਯੋਜਨਾ ਦਾ ਪੈਸਾ ਦੇਣ ਦੇ ਆਪਣੇ ਵਾਅਦੇ ਦੀ ਉਲੰਘਣਾ ਕਰ ਰਹੀ ਹੈ ਅਤੇ ਹੁਣ ਉਨ੍ਹਾਂ ਨੂੰ ਧੋਖਾ ਦੇ ਰਹੀ ਹੈ।"


## ਭ੍ਰਿਸ਼ਟਾਚਾਰ ਦਾ ਕੇਂਦਰ ਬਣੀ ਗਮਾਡਾ, ਅਫ਼ਸਰਾਂ 'ਤੇ ਹੋਵੇ ਕਾਰਵਾਈ: ਮਲਵਿੰਦਰ ਕੰਗ

ਚੰਡੀਗੜ੍ਹ 31 ਅਗਸਤ। ਸ੍ਰੀ ਅਨੰਦਪੁਰ ਸਾਹਿਬ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਗਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਨੂੰ 'ਭ੍ਰਿਸ਼ਟਾਚਾਰ ਦਾ ਕੇਂਦਰ' ਕਰਾਰ ਦਿੱਤਾ ਹੈ। ਉਨ੍ਹਾਂ ਨੇ ਆਪਣੇ ਹਲਕੇ ਦੇ ਅਧੀਨ ਆਉਂਦੇ ਮੋਹਾਲੀ ਦੇ ਪਿੰਡ ਸੈਣੀ ਮਾਜਰਾ ਵਿਚ ਗਮਾਡਾ ਅਧਿਕਾਰੀਆਂ ਵੱਲੋਂ ਕੀਤੀ ਗਈ ਕਾਰਵਾਈ 'ਤੇ ਸਵਾਲ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਗਮਾਡਾ ਅਫ਼ਸਰਾਂ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਦੀ ਚੇਤਾਵਨੀ ਤਕ ਦੇ ਦਿੱਤੀ ਹੈ। ਮਲਵਿੰਦਰ ਸਿੰਘ ਕੰਗ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਪਿੰਡ ਦੇ ਲੋਕ ਸ਼ਿਕਾਇਤ ਕਰ ਰਹੇ ਹਨ ਕਿ ਗਮਾਡਾ ਦੀ ਇਹ ਕਾਰਵਾਈ ਪੱਖਪਾਤੀ ਹੈ। ਜਿਹੜੇ ਦੁਕਾਨਦਾਰ ਅਫ਼ਸਰਾਂ ਨੂੰ ਰਿਸ਼ਵਤ ਦਿੰਦੇ ਹਨ, ਉਨ੍ਹਾਂ 'ਤੇ ਕੋਈ ਕਾਰਵਾਈ ਨਹੀਂ ਹੁੰਦੀ ਤੇ ਜਿਹੜੇ ਅਜਿਹਾ ਨਹੀਂ ਕਰਦੇ, ਉਨ੍ਹਾਂ ਦੀਆਂ ਦੁਕਾਨਾਂ ਤੋੜ ਦਿੱਤੀਆਂ ਜਾਂਦੀਆਂ ਹਨ। ਕੰਗ ਨੇ ਕਿਹਾ ਕਿ ਉਨ੍ਹਾਂ ਨੇ ਗਮਾਡਾ ਦੇ ਅਫ਼ਸਰਾਂ ਨੂੰ ਫ਼ੋਨ ਕਰ ਕੇ ਬਿਨਾਂ ਕਿਸੇ ਪੱਖਪਾਤ ਦੇ ਕਾਰਵਾਈ ਕਰਨ ਲਈ ਕਿਹਾ ਸੀ

## 'ਆਪ੍ਰੇਸ਼ਨ ਸਿੰਦੂਰ' 'ਤੇ ਫਿਰ ਭੱਖੀ ਸਿਆਸਤ, ਸਾਬਕਾ ਸੀਡੀਐਸ ਅਨਿਲ ਚੌਹਾਨ ਦੇ ਬਿਆਨ ਨੂੰ ਲੈ ਕੇ ਜੈਰਾਮ ਰਮੇਸ਼ ਨੇ ਘੇਰਿਆ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨੈਸ਼ਨਲ ਡੈਸਕ 31 ਅਗਸਤ। ਕਾਂਗਰਸ ਪਾਰਟੀ ਨੇ ਇੱਕ ਵਾਰ ਫਿਰ ਆਪ੍ਰੇਸ਼ਨ ਸਿੰਦੂਰ ਨੂੰ ਲੈ ਕੇ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸਾਬਕਾ ਸੀਡੀਐਸ ਅਨਿਲ ਚੌਹਾਨ ਦੇ ਆਪ੍ਰੇਸ਼ਨ ਸਿੰਦੂਰ ਸੰਬੰਧੀ ਹਾਲੀਆ ਬਿਆਨ 'ਤੇ ਸਵਾਲ ਖੜ੍ਹੇ ਕੀਤੇ ਹਨ। ਕਾਂਗਰਸ ਦੇ ਰਾਜ ਸਭਾ ਮੈਂਬਰ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ ਕਿ 30 ਮਈ, 2025 ਨੂੰ ਸਿੰਗਾਪੁਰ ਵਿੱਚ ਦਿੱਤੇ ਗਏ ਇੱਕ ਮੀਡੀਆ ਇੰਟਰਵਿਊ ਵਿੱਚ, ਤਤਕਾਲੀ ਚੀਫ਼ ਆਫ਼ ਡਿਫੈਂਸ ਸਟਾਫ, ਜਨਰਲ ਅਨਿਲ ਚੌਹਾਨ ਨੇ 'ਆਪ੍ਰੇਸ਼ਨ ਸਿੰਦੂਰ' ਬਾਰੇ ਕੁਝ ਬਹੁਤ ਮਹੱਤਵਪੂਰਨ ਖੁਲਾਸੇ ਕੀਤੇ ਸਨ। ਸੀਨੀਅਰ ਕਾਂਗਰਸ ਨੇਤਾ ਨੇ ਅੱਗੇ ਲਿਖਿਆ ਕਿ ਕੱਲ੍ਹ ਹੀ, ਜਨਰਲ ਚੌਹਾਨ ਨੇ ਫਿਰ ਕੁਝ ਬਹੁਤ ਮਹੱਤਵਪੂਰਨ ਬਿਆਨ ਦਿੱਤੇ, ਜਿਨ੍ਹਾਂ ਨੇ ਜਾਇਜ਼



ਚਿੰਤਾਵਾਂ ਪੈਦਾ ਕੀਤੀਆਂ ਹਨ। ਯਾਦ ਰੱਖਣਾ ਜ਼ਰੂਰੀ ਹੈ ਕਿ 29 ਜੁਲਾਈ, 1999 ਨੂੰ, ਕਾਰਗਿਲ ਯੁੱਧ ਖਤਮ ਹੋਣ ਤੋਂ ਚਾਰ ਦਿਨ ਬਾਅਦ, ਵਾਜਪਾਈ ਸਰਕਾਰ ਨੇ ਕੇ. ਸੁਬਰਾਮਨਿਅਮ ( ਜੋ ਮੌਜੂਦਾ ਵਿਦੇਸ਼ ਮੰਤਰੀ ਦੇ ਪਿਤਾ ਹਨ) ਨੂੰ ਇੱਕ ਬਿਆਨ ਜਾਰੀ ਕੀਤਾ ਸੀ। ਕਾਰਗਿਲ ਸਮੀਖਿਆ ਕਮੇਟੀ ਸੁਬ੍ਰਾਹਮਣੀਅਮ (ਮੌਜੂਦਾ ਵਿਦੇਸ਼ ਮੰਤਰੀ ਦੇ ਪਿਤਾ) ਦੀ ਪ੍ਰਧਾਨਗੀ ਹੇਠ 'ਕਾਰਗਿਲ ਸਮੀਖਿਆ ਕਮੇਟੀ' ਬਣਾਈ ਸੀ। ਕਾਰਗਿਲ ਸਮੀਖਿਆ ਕਮੇਟੀ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਪੋਸਟ ਵਿੱਚ ਅੱਗੇ ਲਿਖਿਆ ਕਿ ਇਸ ਕਮੇਟੀ ਦੀ ਰਿਪੋਰਟ 23 ਫਰਵਰੀ, 2000 ਨੂੰ ਸੰਸਦ ਵਿੱਚ ਪੇਸ਼ ਕੀਤੀ ਗਈ ਸੀ। ਇੰਟਰਵਿਊਆਂ ਅਤੇ ਭਾਸ਼ਣਾਂ ਵਿੱਚ ਕਦੇ-ਕਦਾਈਂ ਖੁਲਾਸੇ - ਭਾਵੇਂ ਇੱਕ ਜਾਣਬੁੱਝ ਕੇ ਰਣਨੀਤੀ ਦਾ ਹਿੱਸਾ ਹੋਣ ਜਾਂ ਨਾ ਹੋਣ - ਸੁਬ੍ਰਾਹਮਣੀਅਮ ਕਮੇਟੀ ਵਰਗੀ ਇੱਕ ਯੋਜਨਾਬੱਧ ਅਤੇ ਵਿਆਪਕ ਸਮੀਖਿਆ ਪ੍ਰਕਿਰਿਆ ਦਾ ਬਦਲ ਨਹੀਂ ਹੋ ਸਕਦੇ। ਜਨਰਲ ਅਨਿਲ ਚੌਹਾਨ ਨੇ ਮੰਗਲਵਾਰ ਨੂੰ ਨਵੀਂ ਦਿੱਲੀ ਵਿੱਚ ਵਿਵੇਕਾਨੰਦ ਇੰਟਰਨੈਸ਼ਨਲ ਫਾਊਂਡੇਸ਼ਨ ਵਿਖੇ ਆਪ੍ਰੇਸ਼ਨ ਸਿੰਦੂਰ ਅਤੇ ਇਸ ਤੋਂ ਬਾਅਦ ਦੇ ਨਤੀਜਿਆਂ 'ਤੇ ਆਯੋਜਿਤ 'ਵਿਮਰ?ਸ਼' ਪ੍ਰੋਗਰਾਮ ਵਿੱਚ ਜਾਣਕਾਰੀ ਦਿੰਦੇ ਹੋਏ, ਆਪ੍ਰੇਸ਼ਨ ਦੌਰਾਨ 'ਕਿਰਾਨਾ ਹਿੱਲਸ' ਦੇ ਖੇਤਰ ਬਾਰੇ ਉਭਰੀਆਂ ਰਿਪੋਰਟਾਂ ਅਤੇ ਘਟਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਸਾਬਕਾ ਸੀਡੀਐਸ ਨੇ ਦੱਸਿਆ ਕਿ ਭਾਰਤੀ ਇੰਡੀਅਨ ਲੋਇਟਰਿੰਗ ਮਿਊਨੀਸ਼ਨ ਦੇ ਉਸ ਇਲਾਕੇ ਤੱਕ ਪਹੁੰਚਣ ਦੀ ਸੰਭਾਵਿਤ ਕਾਰਨ ਕੀ ਹੋ ਸਕਦੇ ਹਨ।

## ਸਵਾਈਨ ਫਲੂ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਦੀ ਅਪੀਲ

ਮੋਹਾਲੀ 31 ਅਗਸਤ। ਮੌਸਮੀ ਫਲੂ ਅਤੇ ਸਵਾਈਨ ਫਲੂ ਤੋਂ ਬਚਾਅ ਲਈ ਜ਼ਿਲ੍ਹਾ ਟੀਕਾਕਰਨ ਅਫ਼ਸਰ ਗਿਰੀਸ਼ ਡੋਗਰਾ ਅਤੇ ਪ੍ਰੋਗਰਾਮ ਅਫਸਰ ਡਾ. ਹਰਮਨਦੀਪ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਵਾਈਨ ਫਲੂ ਇਨਫਲੂਐਂਜ਼ਾ ਵਾਇਰਸ ਕਾਰਨ ਹੋਣ ਵਾਲੀ ਸਾਹ ਪ੍ਰਣਾਲੀ ਦੀ ਛੂਤ ਦੀ ਬਿਮਾਰੀ ਹੈ ਅਤੇ ਐੱਚ.1 ਐੱਨ.1 ਇਸ ਦਾ ਪ੍ਰਮੁੱਖ ਰੂਪ ਹੈ। ਇਹ ਖੰਘਣ, ਛਿੱਕਣ ਜਾਂ ਗੱਲ ਕਰਨ ਦੌਰਾਨ ਨਿਕਲਣ ਵਾਲੀਆਂ ਸਾਹ ਦੀਆਂ ਬੂੰਦਾਂ ਰਾਹੀਂ ਫੈਲ ਸਕਦਾ ਹੈ। ਉਨ੍ਹਾਂ ਦੱਸਿਆ ਕਿ ਬੁਖ਼ਾਰ, ਖੰਘ, ਗਲੇ 'ਚ ਦਰਦ, ਨੱਕ ਵਗਣਾ ਜਾਂ ਬੰਦ ਹੋਣਾ, ਸਿਰ ਦਰਦ, ਸਰੀਰ 'ਚ ਦਰਦ ਅਤੇ ਥਕਾਵਟ ਇਸ ਦੇ ਮੁੱਖ ਲੱਛਣ ਹਨ। ਅਜਿਹੇ ਲੱਛਣ ਸਾਹਮਣੇ ਆਉਣ 'ਤੇ ਘਬਰਾਉਣ ਦੀ ਬਜਾਏ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਸਾਹ ਲੈਣ 'ਚ ਤਕਲੀਫ਼, ਲਗਾਤਾਰ ਤੇਜ਼ ਬੁਖਾਰ ਜਾਂ ਸਿਹਤ 'ਚ ਤੇਜ਼ੀ ਨਾਲ ਗਿਰਾਵਟ ਹੋਣ 'ਤੇ ਤੁਰੰਤ ਹਸਪਤਾਲ ਨਾਲ ਸੰਪਰਕ ਕੀਤਾ ਜਾਵੇ। ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਖੰਘਣ ਜਾਂ ਛਿੱਕਣ ਸਮੇਂ ਮੂੰਹ ਤੇ ਨੱਕ ਨੂੰ ਰੁਮਾਲ ਜਾਂ ਟਿਸ਼ੂ ਨਾਲ ਢੱਕਣ, ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਣ ਅਤੇ ਅੱਖਾਂ, ਨੱਕ ਤੇ ਮੂੰਹ ਨੂੰ ਬਿਨਾਂ ਧੋਤੇ ਹੱਥਾਂ ਨਾਲ ਨਾ ਛੂਹਣ ਦੀ ਸਲਾਹ ਦਿੱਤੀ। ਭੀੜ ਵਾਲੀਆਂ ਥਾਵਾਂ ਤੋਂ ਪਰਹੇਜ਼ ਕਰਨ ਅਤੇ ਬੀਮਾਰ ਹੋਣ ਦੀ ਸੂਰਤ 'ਚ ਘਰ ਰਹਿਣ ਲਈ ਵੀ ਕਿਹਾ ਗਿਆ। ਛੋਟੇ ਬੱਚਿਆਂ, ਬਜ਼ੁਰਗਾਂ, ਗਰਭਵਤੀ ਔਰਤਾਂ ਅਤੇ ਪਹਿਲਾਂ ਤੋਂ ਗੰਭੀਰ ਬੀਮਾਰੀ ਤੋਂ ਪੀੜਤ ਲੋਕਾਂ ਨੂੰ ਵਿਸ਼ੇਸ਼ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ 'ਚ ਇਸ ਬਿਮਾਰੀ ਦੀ ਜਾਂਚ ਅਤੇ ਇਲਾਜ ਮੁਫ਼ਤ ਹੈ। ਵਧੇਰੇ ਜਾਣਕਾਰੀ ਲਈ ਮੈਡੀਕਲ ਹੈਲਪਲਾਈਨ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਗਡਕਰੀ ਨੇ ਸੰਨਿਆਸ ਲੈਣ ਦੀਆਂ ਅਟਕਲਾਂ ਨੂੰ ਕੀਤਾ ਰੱਦ, ਟਰੱਸਟ ਨੂੰ ਲੈ ਕੇ ਸੀ 'ਅਗਲੀ ਪੀੜ੍ਹੀ' ਵਾਲੀ ਟਿੱਪਣੀ

ਕੌਮੀ ਪਤ੍ਰਿਕਾ

ਨਾਗਪੁਰ 31 ਅਗਸਤ। ਕੇਂਦਰੀ ਮੰਤਰੀ ਨਿਤਿਨ ਗਡਕਰੀ ਦੇ ਉਸ ਬਿਆਨ ਕਾਰਨ ਅਟਕਲਾਂ ਸ਼ੁਰੂ ਹੋ ਗਈਆਂ ਹਨ ਕਿ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਟਰੱਸਟ ਦੇ ਸਮਾਜਿਕ ਕੰਮ ਨੂੰ ਸੰਭਾਲਣਾ ਚਾਹੀਦਾ ਹੈ। ਕੁਝ ਮੀਡੀਆ ਚੈਨਲਾਂ ਨੇ ਇਸ ਨੂੰ ਜਨਤਕ ਜੀਵਨ ਤੋਂ ਉਨ੍ਹਾਂ ਦੇ ਸੰਭਾਵਿਤ ਸੰਨਿਆਸ ਨਾਲ ਜੋੜ ਕੇ ਵੇਖਿਆ ਪਰ ਉਨ੍ਹਾਂ ਦੇ ਦਫਤਰ ਨੇ ਇਸ ਦਾਅਵੇ ਨੂੰ ਰੱਦ ਕਰ ਦਿੱਤਾ। ਗਡਕਰੀ ਦੇ ਦਫਤਰ ਨੇ ਕੇਂਦਰੀ ਮੰਤਰੀ ਦੇ ਰੁਖ ਨੂੰ ਸਪਸ਼ਟ ਕਰਦੇ ਹੋਏ ਇਕ ਅਧਿਕਾਰਤ ਬਿਆਨ ਜਾਰੀ ਕੀਤਾ, ਜਿਸ 'ਚ ਕਿਹਾ ਗਿਆ ਹੈ ਕਿ ਉਨ੍ਹਾਂ ਦੀ ਟਿੱਪਣੀ ਦਾ ਸਿਆਸਤ ਨਾਲ ਕੋਈ ਲੈਣਾ-



ਦੇਣਾ ਨਹੀਂ । ਉਹ ਖਾਸ ਤੌਰ 'ਤੇ ਲਕਸ਼ਮਣਰਾਓ ਮਾਨਕਰ ਟਰੱਸਟ ਬਾਰੇ ਗੱਲ ਕਰ ਰਹੇ ਸਨ। ਸਬੰਧਤ ਟਰੱਸਟ ਗਡਕਰੀ ਵੱਲੋਂ ਹੀ ਬਣਾਇਆ ਗਿਆ ਇਕ ਸੰਗਠਨ ਹੈ ਜੋ ਕਬਾਇਲੀ ਖੇਤਰਾਂ 'ਚ ਏਕਲ ਵਿਦਿਆਲਿਆ ਚਲਾਉਂਦਾ ਹੈ। ਇਸ ਸੰਦਰਭ 'ਚ ਉਨ੍ਹਾਂ ਕਿਹਾ ਸੀ ਕਿ ਉਹ ਹੁਣ ਪਹਿਲਾਂ ਵਾਂਗ ਕੰਮ ਨਹੀਂ ਕਰ ਸਕਦੇ ਤੇ ਨੌਜਵਾਨ ਪੀੜ੍ਹੀ ਨੂੰ ਵਧੇਰੇ ਜ਼ਿੰਮੇਵਾਰੀ ਲੈਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਬਿਆਨ 'ਚ ਕਿਹਾ ਗਿਆ ਕਿ ਉਨ੍ਹਾਂ ਦੀ ਟਿੱਪਣੀ ਸਪੱਸ਼ਟ ਰੂਪ 'ਚ ਟਰੱਸਟ ਦੇ ਕੰਮਕਾਜ ਤੇ ਇਸ ਦੀ ਭਵਿੱਖ ਦੀ ਲੀਡਰਸ਼ਿਪ ਨਾਲ ਸਬੰਧਤ ਸੀ। ਹਾਲਾਂਕਿ, ਕੁਝ ਟੀ. ਵੀ. ਚੈਨਲ ਇਸ ਬਿਆਨ ਨੂੰ ਇਸ ਦੇ ਅਸਲ ਸੰਦਰਭ ਨਾਲੋਂ ਤੋੜ-ਮਰੋੜ ਕੇ ਪੇਸ਼ ਕਰ ਰਹੇ ਹਨ। ਉਹ ਇਸ ਨੂੰ ਇਕ ਸਿਆਸੀ ਟਿੱਪਣੀ ਵਜੋਂ ਪੇਸ਼ ਕਰ ਰਹੇ ਹਨ। ਸੋਮਵਾਰ ਨਾਗਪੁਰ ਦੇ ਕਟੋਲ 'ਚ ਏਕਲਵਯ ਏਕਲ ਵਿਦਿਆਲਿਆ ਅਧਿਆਪਕ-ਸੁਪਰਵਾਈਜ਼ਰ ਸਿਖਲਾਈ ਕਲਾਸ 'ਚ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਗਡਕਰੀ ਨੇ ਲਕਸ਼ਮਣਰਾਓ ਮਾਨਕਰ ਟਰੱਸਟ ਦੇ ਸਫਰ ਦਾ ਜ਼ਿਕਰ ਕੀਤਾ, ਜੋ ਕਬਾਇਲੀ ਖੇਤਰਾਂ 'ਚ ਕਈ ਸਕੂਲ ਚਲਾਉਂਦਾ ਹੈ। ਟਰੱਸਟ ਦੇ ਸਫਰ ਤੇ ਕਬਾਇਲੀ ਖੇਤਰਾਂ 'ਚ ਇਸ ਦੇ ਕੰਮ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨਵੀਂ ਪੀੜ੍ਹੀ ਨੂੰ ਜ਼ਿੰਮੇਵਾਰੀ ਸੰਭਾਲਨ ਦੀ ਅਪੀਲ ਕੀਤੀ ਤੇ ਕਿਹਾ ਕਿ ਉਹ ਪਿੱਛੇ ਹਟਣਗੇ ਤਾਂ ਜੋ ਨਵੀਂ ਪੀੜ੍ਹੀ ਟਰੱਸਟ ਦੇ ਸਮਾਜਿਕ ਕਾਰਜ ਸੰਭਾਲ ਸਕੇ। ਉਨ੍ਹਾਂ ਕਿਹਾ ਕਿ ਸੱਚ ਕਹਾਂ ਤਾਂ ਮੈਂ ਪ੍ਰੇਰਨਾ ਦਾ ਸੋਮਾ ਨਹੀਂ ਹਾਂ। ਅੱਜਕੱਲ੍ਹ ਮੈਂ ਪਹਿਲਾਂ ਜਿੰਨਾ ਕੰਮ ਨਹੀਂ ਕਰ ਸਕਦਾ। ਜਦੋਂ ਮੈਂ ਕਰ ਸਕਦਾ ਸੀ , ਬਹੁਤ ਜ਼ਿਆਦਾ ਕੀਤਾ। ਹੁਣ ਮੈਂ ਮਾਨਕਰ ਟਰੱਸਟ ਦੇ ਕੰਮ 'ਚ ਆਪਣੀ ਸ਼ਮੂਲੀਅਤ ਘਟਾ ਦਿੱਤੀ ਹੈ। ਮੈਂ ਸਾਰਿਆਂ ਨੂੰ ਕਿਹਾ ਹੈ ਕਿ ਇਹ ਕੰਮ ਹੁਣ ਨਵੀਂ ਪੀੜ੍ਹੀ ਨੂੰ ਸੌਂਪਿਆ ਜਾਣਾ ਚਾਹੀਦਾ ਹੈ।

## 2029 'ਚ ਲੋਕ ਸਭਾ ਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਇਕੋ ਸਮੇਂ ਕਰਵਾਉਣੀਆਂ ਸੰਭਵ ਨਹੀਂ : ਚਿਦਾਂਬਰਮ

ਕੌਮੀ ਪਤ੍ਰਿਕਾ

ਨਵੀਂ ਦਿੱਲੀ 31 ਅਗਸਤ। ਕਾਂਗਰਸ ਦੇ ਸੀਨੀਅਰ ਨੇਤਾ ਪੀ. ਚਿਦਾਂਬਰਮ ਨੇ ਕਿਹਾ ਹੈ ਕਿ 2029 'ਚ ਲੋਕ ਸਭਾ ਤੇ ਸੂਬਾਈ ਵਿਧਾਨ ਸਭਾਵਾਂ ਦੀਆਂ ਚੋਣਾਂ ਇਕੋ ਸਮੇਂ ਕਰਵਾਉਣੀਆਂ ਸੰਭਵ ਨਹੀਂ ਹਨ। ਉਨ੍ਹਾਂ 'ਵਨ ਨੇਸ਼ਨ-ਵਨ ਇਲੈਕਸ਼ਨ' ਬਿੱਲਾਂ ਵਿਰੁੱਧ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਵੱਲੋਂ ਦੇਸ਼ ਪੱਧਰੀ ਮੁਹਿੰਮ ਚਲਾਉਣ ਦੀ ਚਿਤਾਵਨੀ ਵੀ ਦਿੱਤੀ। ਸਾਬਕਾ ਕੇਂਦਰੀ ਗ੍ਰਹਿ ਮੰਤਰੀ ਦਾ ਇਹ ਬਿਆਨ 'ਵਨ ਨੇਸ਼ਨ-ਵਨ ਇਲੈਕਸ਼ਨ' ਬਿੱਲਾਂ 'ਤੇ ਵਿਚਾਰ ਕਰਨ ਵਾਲੀ ਸਾਂਝੀ ਸੰਸਦੀ ਕਮੇਟੀ ਦੇ ਚੇਅਰਮੈਨ ਪੀ. ਪੀ. ਚੌਧਰੀ ਵੱਲੋਂ ਕੀਤੀ ਗਈ ਟਿੱਪਣੀ ਤੋਂ ਇਕ ਦਿਨ ਬਾਅਦ ਆਇਆ ਹੈ। ਚੌਧਰੀ ਨੇ ਸੋਮਵਾਰ ਕਿਹਾ ਸੀ ਕਿ ਜੇ ਸੰਵਿਧਾਨ 'ਚ ਸੋਧ ਕੀਤੀ ਜਾਂਦੀ ਹੈ ਤੇ ਸੂਬਾਈ ਸਰਕਾਰਾਂ ਸਹਿਮਤ ਹੁੰਦੀਆਂ ਹਨ ਤਾਂ 2029 'ਚ ਲੋਕ ਸਭਾ ਤੇ ਸੂਬਾਈ ਵਿਧਾਨ ਸਭਾਵਾਂ ਦੀਆਂ ਚੋਣਾਂ ਇਕੋ ਸਮੇਂ ਕਰਵਾਉਣੀਆਂ ਸੰਭਵ ਹਨ। ਚਿਦਾਂਬਰਮ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ ਉਨ੍ਹਾਂ ਚੌਧਰੀ ਦਾ ਬਿਆਨ ਪੜ੍ਹਿ ਆ ਹੈ ਕਿ 2029 'ਚ ਇਕੋ ਸਮੇਂ ਚੋਣਾਂ ਸੰਭਵ ਹਨ। ਚੌਧਰੀ ਸੰਵਿਧਾਨ (129ਵਾਂ ਸੋਧ) ਬਿੱਲ, 2024 ਤੇ ਕੇਂਦਰ ਸ਼ਾਸਿਤ ਪ੍ਰਦੇਸ਼ ਕਾਨੂੰਨ (ਸੋਧ) ਬਿੱਲ, 2024 'ਤੇ ਵਿਚਾਰ ਕਰਨ ਲਈ ਗਠਿਤ 31 ਮੈਂਬਰੀ ਸਾਂਝੀ ਸੰਸਦੀ ਕਮੇਟੀ ਦੇ ਚੇਅਰਮੈਨ



ਹਨ। ਚਿਦਾਂਬਰਮ ਨੇ ਕਿਹਾ ਕਿ ਉਨ੍ਹਾਂ ਦਾ ਵਿਚਾਰ ਗਲਤ ਹੈ ਅਤੇ ਇਹ ਬਿੱਲ ਦੇ ਪਾਠ ਦੇ ਉਲਟ ਹੈ। ਭਾਵੇਂ ਬਿੱਲ ਪਾਸ ਹੋ ਜਾਂਦਾ ਹੈ ਜਿਸ ਦੀ ਬਹੁਤ ਘੱਟ ਸੰਭਾਵਨਾ ਹੈ ਤਾਂ ਵੀ ਬਿੱਲ ਅਧੀਨ ਨਿਰਧਾਰਤ ਮਿਤੀ ਸਿਰਫ ਅਜਿਹੀ ਮਿਤੀ ਹੋ ਸਕਦੀ ਹੈ ਜੋ ਆਮ ਚੋਣਾਂ ਤੋਂ ਬਾਅਦ ਹੋਵੇ।

## ਪਤੀ-ਪਤਨੀ 'ਚ ਝਗੜੇ ਨਾ ਸੁਲਝਣ ਤਾਂ ਜੀਵਨਸਾਥੀ ਬਣ ਜਾਂਦੈ 'ਜੀਅ ਦਾ ਜੰਜਾਲ' : ਹਾਈ ਕੋਰਟ

ਨਵੀਂ ਦਿੱਲੀ 31 ਅਗਸਤ। ਦਿੱਲੀ ਹਾਈ ਕੋਰਟ ਨੇ ਕਿਹਾ ਹੈ ਕਿ ਵਿਆਹ ਸੰਸਥਾ ਕਾਫ਼ੀ ਵਿਰੋਧਾਭਾਸੀ ਹੈ ਅਤੇ ਜੇ ਪਤੀ-ਪਤਨੀ ਵਿਚਕਾਰ ਝਗੜਿਆਂ ਦਾ ਜਲਦ ਹੱਲ ਨਾ ਕੀਤਾ ਜਾਵੇ ਤਾਂ ਜੀਵਨਸਾਥੀ ਹੀ 'ਜੀਅ ਦਾ ਜੰਜਾਲ' ਬਣ ਜਾਂਦਾ ਹੈ। ਅਦਾਲਤ ਨੇ ਕਿਹਾ ਕਿ ਪਤੀ-ਪਤਨੀ ਦਾ ਰਿਸ਼ਤਾ ਮਨੁੱਖ ਦੇ ਸਭ ਤੋਂ ਖ਼ੂਬਸੂਰਤ ਰਿਸ਼ਤਿਆਂ 'ਚੋਂ ਇਕ ਹੈ ਪਰ ਜਦੋਂ ਵਿਆਹੁਤਾ ਰਿਸ਼ਤੇ 'ਚ ਕੁਝ ਗਲਤ ਹੋ ਜਾਂਦਾ ਹੈ ਤਾਂ ਇਹ ਰਿਸ਼ਤਾ ਸਭ ਤੋਂ ਭਿਆਨਕ ਹੋ ਜਾਂਦਾ ਹੈ। ਜਸਟਿਸ ਵਿਮਲ ਕੁਮਾਰ ਯਾਦਵ ਨੇ ਇਹ ਟਿੱਪਣੀਆਂ ਇਕ ਵਿਅਕਤੀ ਦੀ ਅਪੀਲ ਮਨਜ਼ੂਰ ਕਰਦੇ ਹੋਏ ਕੀਤੀਆਂ। ਹੇਠਲੀ ਅਦਾਲਤ ਨੇ ਉਸ ਨੂੰ ਪਤਨੀ ਦੇ ਮੂੰਹ 'ਚ ਬੇਗਾਨ ਸਪ੍ਰੇਅ ਪਾ ਕੇ ਉਸ ਦੀ ਹੱਤਿਆ ਦੀ ਕੋਸ਼ਿਸ਼ ਦੇ ਮਾਮਲੇ 'ਚ 3 ਸਾਲ ਕੈਦ ਦੀ ਸਜ਼ਾ ਸੁਣਾਈ ਸੀ। ਹਾਈ ਕੋਰਟ ਨੇ ਮਾਮਲੇ 'ਚ ਨਫੇ ਸਿੰਘ ਨੂੰ ਬਰੀ ਕਰਦੇ ਹੋਏ ਕਿਹਾ ਕਿ ਇਸਤਗਾਸਾ ਧਿਰ ਭਾਰਤੀ ਦੰਡ ਸੰਹਿਤਾ (ਆਈ. ਪੀ. ਸੀ.) ਦੀ ਧਾਰਾ 307 ਤਹਿਤ ਇਰਾਦੇ ਤੇ ਜਾਣਕਾਰੀ ਦੇ ਸਬੰਧ 'ਚ ਲੋੜੀਂਦੇ ਠੋਸ ਸਬੂਤ ਪੇਸ਼ ਕਰਨ 'ਚ ਅਸਫਲ ਰਹੀ। ਅਦਾਲਤ ਨੇ ਵਿਅਕਤੀ ਨੂੰ ਸ਼ੱਕ ਦਾ ਲਾਭ ਦਿੰਦੇ ਹੋਏ ਕਿਹਾ ਕਿ ਰਿਕਾਰਡ 'ਤੇ ਪੇਸ਼ ਕੀਤੇ ਗਏ ਇਸ ਤਰ੍ਹਾਂ ਦੇ ਕਮਜ਼ੋਰ ਸਬੂਤਾਂ ਦੇ ਆਧਾਰ 'ਤੇ ਕਾਰਵਾਈ ਕਰਨਾ ਬੇਹੱਦ ਅਸੁਰੱਖਿਅਤ ਹੋਵੇਗਾ। ਨਫੇ ਸਿੰਘ ਅਤੇ ਪੀੜਤ ਔਰਤ ਨੇ ਸਾਲ 2000 'ਚ ਵਿਆਹ ਕੀਤਾ ਸੀ ਪਰ ਇਕ ਸਾਲ 'ਚ ਹੀ ਉਨ੍ਹਾਂ ਦੇ ਸਬੰਧ ਖਰਾਬ ਹੋ ਗਏ। ਦਾਇਰ ਕੀਤੇ ਗਏ ਮੁਕੱਦਮੇ ਅਨੁਸਾਰ 2001 'ਚ ਘਰੇਲੂ ਝਗੜੇ ਦੌਰਾਨ ਪਤੀ ਨੇ ਪਹਿਲਾਂ ਪਤਨੀ ਨੂੰ ਗਲਾਸ 'ਚ ਕੀਟਨਾਸ਼ਕ ਪੀਣ ਲਈ ਮਜਬੂਰ ਕਰਨ ਦੀ ਕਥਿਤ ਕੋਸ਼ਿਸ਼ ਕੀਤੀ ਅਤੇ ਜਦੋਂ ਉਹ ਸਫਲ ਨਾ ਹੋਇਆ ਤਾਂ ਉਸ ਨੇ ਡੱਬੇ 'ਚੋਂ ਸਿੱਧੇ ਪਤਨੀ ਦੇ ਗਲੇ 'ਚ ਕੀਟਨਾਸ਼ਕ ਪਾ ਦਿੱਤਾ। ਇਸ ਮਾਮਲੇ 'ਚ ਵਿਅਕਤੀ ਅਤੇ ਉਸ ਦੀ ਮਾਂ ਖ਼?ਲਾਫ਼ ਐੱਫਆਈਆਰ ਦਰਜ ਕੀਤੀ ਗਈ ਸੀ। ਹੇਠਲੀ ਅਦਾਲਤ ਨੇ ਉਸ ਦੀ ਮਾਂ ਨੂੰ ਬਰੀ ਕਰ ਦਿੱਤਾ, ਜਦੋਂ ਕਿ ਸਿੰਘ ਨੂੰ ਕਤਲ ਦੀ ਕੋਸ਼ਿਸ਼ ਦਾ ਦੋਸ਼ੀ ਠਹਿਰਾਇਆ ਸੀ।

## ਹੁਣ ਆਂਡਿਆਂ ਦੀਆਂ ਕੀਮਤਾਂ 'ਚ ਭਾਰੀ ਵਾਧਾ, ਇਸ ਕਾਰਨ ਅਜੇ ਹੋਰ ਵਧਣਗੇ ਰੇਟ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਬਿਜ਼ਨੈੱਸ ਡੈਸਕ 31 ਅਗਸਤ। ਖੰਡ ਦੀਆਂ ਵਧਦੀਆਂ ਕੀਮਤਾਂ ਵਿਚਕਾਰ ਈਥਾਨੌਲ ਦੀ ਵਧਦੀ ਮੰਗ ਹੁਣ ਪੋਲਟਰੀ ਸੈਕਟਰ 'ਤੇ ਪ੍ਰਭਾਵ ਪਾ ਰਹੀ ਹੈ। ਈਥਾਨੌਲ ਉਤਪਾਦਨ ਲਈ ਮੱਕੀ ਦੀ ਵਧਦੀ ਖਪਤ ਨੇ ਪੋਲਟਰੀ ਫੀਡ ਦੀ ਲਾਗਤ ਵਧਾ ਦਿੱਤੀ ਹੈ, ਜਿਸਦਾ ਸਿੱਧਾ ਅਸਰ ਅੰਡੇ ਦੀਆਂ ਕੀਮਤਾਂ 'ਤੇ ਪਿਆ ਹੈ। ਪਿਛਲੇ ਸਾਲ ਅੰਡੇ ਦੀਆਂ ਕੀਮਤਾਂ ਵਿੱਚ ਲਗਭਗ 35-40 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਅਤੇ ਸਰਦੀਆਂ ਵਿੱਚ ਮੰਗ ਵਧਣ ਨਾਲ ਹੋਰ ਵਾਧੇ ਦੀ ਉਮੀਦ ਹੈ। ਰਾਸ਼ਟਰੀ ਅੰਡਾ ਤਾਲਮੇਲ ਕਮੇਟੀ ਦੇ ਅੰਕੜਿਆਂ ਅਨੁਸਾਰ, ਫਾਰਮ ਪੱਧਰ 'ਤੇ ਇੱਕ ਅੰਡੇ ਦੀ ਕੀਮਤ ਲਗਭਗ 7 ਤੱਕ ਪਹੁੰਚ ਗਈ ਹੈ, ਜਦੋਂ ਕਿ ਇਹ ਪ੍ਰਚੂਨ ਬਾਜ਼ਾਰ ਵਿੱਚ ਲਗਭਗ 8.50 ਤੋਂ 9 ਰੁਪਏ 'ਚ ਵਿਕ ਰਿਹਾ ਹੈ। ਸਰਕਾਰ ਦੀ ਈਥਾਨੌਲ ਮਿਸ਼ਰਣ ਨੀਤੀ ਪੈਟਰੋਲ ਨਾਲ ਬਾਇਓਫਿਊਲ ਦੇ ਵਧੇ ਹੋਏ ਮਿਸ਼ਰਣ 'ਤੇ ਜ਼ੋਰ ਦੇ ਰਹੀ ਹੈ। ਇਸ ਨਾਲ ਈਥਾਨੌਲ ਉਤਪਾਦਨ ਲਈ ਗੰਨੇ ਦੇ ਨਾਲ-ਨਾਲ ਮੱਕੀ ਦੀ ਮੰਗ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਉਦਯੋਗ ਦੇ ਅੰਕੜਿਆਂ ਅਨੁਸਾਰ, ਦੇਸ਼ ਦੇ ਕੁੱਲ ਮੱਕੀ ਉਤਪਾਦਨ ਦਾ ਲਗਭਗ 37 ਪ੍ਰਤੀਸ਼ਤ ਹੁਣ ਈਥਾਨੌਲ ਡਿਸਟਿਲਰੀਆਂ ਵਿੱਚ ਵਰਤਿਆ ਜਾਂਦਾ ਹੈ। ਭਾਰਤ ਦਾ ਕੁੱਲ ਮੱਕੀ ਉਤਪਾਦਨ ਲਗਭਗ 43.4 ਮਿਲੀਅਨ ਟਨ ਹੋਣ ਦਾ ਅਨੁਮਾਨ ਹੈ, ਜਿਸ ਵਿੱਚੋਂ ਲਗਭਗ 17 ਮਿਲੀਅਨ ਟਨ ਈਥਾਨੌਲ ਉਤਪਾਦਨ ਲਈ ਵਰਤਿਆ ਜਾ ਰਿਹਾ ਹੈ। ਇਸ ਵਧਦੀ ਮੰਗ ਨੇ ਮੱਕੀ ਦੀਆਂ ਕੀਮਤਾਂ 'ਤੇ ਦਬਾਅ ਪਾਇਆ ਹੈ। ਮੱਕੀ, ਜੋ ਕਿ ਲਗਭਗ ਤਿੰਨ ਸਾਲ ਪਹਿਲਾਂ ਲਗਭਗ 14,000 ਰੁਪਏ ਪ੍ਰਤੀ ਟਨ ਵਿੱਚ ਉਪਲਬਧ ਸੀ, ਹੁਣ ਲਗਭਗ 26,500 ਰੁਪਏ ਪ੍ਰਤੀ ਟਨ ਤੱਕ ਪਹੁੰਚ ਗਈ ਹੈ। ਪਿਛਲੇ ਪੰਜ ਮਹੀਨਿਆਂ ਵਿੱਚ ਹੀ ਕੀਮਤਾਂ ਵਿੱਚ ਲਗਭਗ 20 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਮੱਕੀ ਪੋਲਟਰੀ ਉਦਯੋਗ ਲਈ ਸਭ ਤੋਂ ਮਹੱਤਵਪੂਰਨ ਕੱਚੇ ਮਾਲ ਵਿੱਚੋਂ ਇੱਕ ਹੈ। ਉਦਯੋਗ ਅਨੁਸਾਰ, ਮੱਕੀ ਫੀਡ ਦੀ ਲਾਗਤ ਵਿੱਚ



ਮਹੱਤਵਪੂਰਨ ਯੋਗਦਾਨ ਪਾਉਂਦੀ ਹੈ, ਅਤੇ ਕੁੱਲ ਪੋਲਟਰੀ ਉਤਪਾਦਨ ਲਾਗਤਾਂ ਦਾ ਲਗਭਗ 65-70 ਪ੍ਰਤੀਸ਼ਤ ਫੀਡ ਨਾਲ ਸਬੰਧਤ ਹੈ। ਨਤੀਜੇ ਵਜੋਂ, ਮੱਕੀ ਦੀਆਂ ਵਧਦੀਆਂ ਕੀਮਤਾਂ ਪੋਲਟਰੀ ਫਾਰਮਿੰਗ ਦੀ ਲਾਗਤ ਵਿੱਚ ਤੇਜ਼ੀ ਨਾਲ ਵਾਧਾ ਕਰ ਰਹੀਆਂ ਹਨ। ਮੱਕੀ ਤੋਂ ਈਥਾਨੌਲ ਉਤਪਾਦਨ ਵੀ ਕੁਝ ਸਾਲਾਂ ਵਿੱਚ ਕਾਫ਼ੀ ਵਧਿਆ ਹੈ। 2022 ਵਿੱਚ, ਇਸ ਉਦੇਸ਼ ਲਈ ਲਗਭਗ 1 ਮਿਲੀਅਨ ਟਨ ਮੱਕੀ ਦੀ ਵਰਤੋਂ ਕੀਤੀ ਗਈ ਸੀ, ਜੋ ਕਿ 2024 ਵਿੱਚ ਵੱਧ ਕੇ 6 ਮਿਲੀਅਨ ਟਨ ਤੋਂ ਵੱਧ ਹੋ ਗਈ। ਹੁਣ, ਇਹ ਖਪਤ ਲਗਭਗ 17 ਮਿਲੀਅਨ ਟਨ ਹੋਣ ਦਾ ਅਨੁਮਾਨ ਹੈ। ਉਦਯੋਗ ਦਾ ਅਨੁਮਾਨ ਹੈ ਕਿ ਇਹ ਅੰਕੜਾ 2030 ਤੱਕ 25 ਮਿਲੀਅਨ ਟਨ ਤੱਕ ਪਹੁੰਚ ਸਕਦਾ ਹੈ। ਭਾਰਤ ਦੀ ਮੱਕੀ ਵਪਾਰ ਸਥਿਤੀ ਵੀ ਵਧਦੀ ਘਰੇਲੂ ਮੰਗ ਕਾਰਨ ਬਦਲ ਰਹੀ ਹੈ। ਪਹਿਲਾਂ, ਭਾਰਤ ਬੰਗਲਾਦੇਸ਼ ਅਤੇ ਵੀਅਤਨਾਮ ਵਰਗੇ ਦੇਸ਼ਾਂ ਨੂੰ ਮੱਕੀ ਨਿਰਯਾਤ ਕਰਦਾ ਸੀ, ਪਰ ਹੁਣ, ਵਧਦੀ ਘਰੇਲੂ ਜ਼ਰੂਰਤਾਂ ਦੇ ਕਾਰਨ, ਦਰਾਮਦਾਂ 'ਤੇ ਨਿਰਭਰਤਾ ਵਧ ਰਹੀ ਹੈ। ਭਾਰਤ ਦੀ ਮੱਕੀ ਦੀ ਦਰਾਮਦ ਵਿੱਤੀ ਸਾਲ 2024-25 ਵਿੱਚ ਲਗਭਗ 1 ਮਿਲੀਅਨ ਟਨ ਦੇ ਰਿਕਾਰਡ ਪੱਧਰ 'ਤੇ ਪਹੁੰਚ ਗਈ। ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਘਰੇਲੂ ਉਤਪਾਦਨ ਮੰਗ ਦੇ ਅਨੁਸਾਰ ਨਹੀਂ ਵਧਦਾ ਹੈ, ਤਾਂ ਆਉਣ ਵਾਲੇ ਸਾਲਾਂ ਵਿੱਚ ਦਰਾਮਦ ਹੋਰ ਵਧ ਸਕਦੀ ਹੈ। ਇਸ ਨਾਲ ਪੋਲਟਰੀ ਫੀਡ ਦੀ ਲਾਗਤ ਅਤੇ ਅੰਤ ਵਿੱਚ ਅੰਡੇ ਦੀਆਂ ਕੀਮਤਾਂ 'ਤੇ ਅਸਰ ਪੈਣ ਦੀ ਸੰਭਾਵਨਾ ਹੈ।

# ਛੱਤ 'ਤੇ ਖੇਡ ਰਹੇ ਬੱਚੇ ਨਾਲ ਕੁਕਰਮ ਦੀ ਕੋਸ਼ਿਸ਼, ਲੋਕਾਂ ਨੇ ਫੜ ਕੇ ਕੀਤੀ ਛਿੱਤਰ-ਪਰੇਡ

**ਕੌਮੀ ਪਤ੍ਰਿਕਾ**

ਜਲੰਧਰ 31 ਅਗਸਤ। ਸਈਪੁਰ ਇਲਾਕੇ ਵਿਚ ਛੱਤ 'ਤੇ ਖੇਡ ਰਹੇ ਢਾਈ ਸਾਲ ਦੇ ਬੱਚੇ ਨਾਲ ਮੁਹੱਲੇ ਦੇ ਹੀ ਰਹਿਣ ਵਾਲੇ ਇਕ ਵਿਅਕਤੀ ਨੇ ਕੁਕਰਮ ਕਰਨ ਦੀ ਕੋਸ਼ਿਸ਼ ਕੀਤੀ। ਜਿਉਂ ਹੀ ਇਕ ਹੋਰ ਬੱਚੇ ਨੇ ਹੇਠਾਂ ਜਾ ਕੇ ਰੌਲਾ ਪਾਇਆ ਤਾਂ ਇਕ ਵਿਅਕਤੀ ਤੁਰੰਤ ਛੱਤ 'ਤੇ ਗਿਆ ਅਤੇ ਮੁਲਜ਼ਮ ਦੀਆਂ ਹਰਕਤਾਂ ਦੇਖ ਕੇ ਹੈਰਾਨ ਰਹਿ ਗਿਆ। ਜਿਵੇਂ ਹੀ ਉਕਤ ਵਿਅਕਤੀ ਨੇ ਮੁਲਜ਼ਮ ਦਾ ਵਿਰੋਧ ਕੀਤਾ ਤਾਂ ਉਸ ਨੇ ਵਿਰੋਧ ਕਰ ਰਹੇ ਵਿਅਕਤੀ ਨਾਲ ਹੱਥੋਪਾਈ ਸ਼ੁਰੂ ਕਰ ਦਿੱਤੀ ਅਤੇ ਫਿਰ ਹੱਥ ਛੁਡਾ ਕੇ ਪਾਰਕ ਵਿਚ ਜਾ ਕੇ ਲੁਕ ਗਿਆ। ਲੋਕਾਂ ਨੇ ਉਸ ਨੂੰ ਲੱਭ ਕੇ ਕਾਬੂ ਕਰ ਕੇ ਜੰਮ ਕੇ ਛਿੱਤਰ-ਪਰੇਡ ਕੀਤੀ ਅਤੇ ਪੁਲਸ ਨੂੰ ਸੂਚਨਾ ਦਿੱਤੀ। ਜਾਣਕਾਰੀ ਦਿੰਦੇ ਹੋਏ ਸਥਾਨਕ ਨਿਵਾਸੀ ਨੇ ਦੱਸਿਆ ਕਿ ਢਾਈ ਸਾਲ ਦਾ ਬੱਚਾ ਉਨ੍ਹਾਂ ਦੇ ਵਿਹੜੇ ਦੀ ਛੱਤ 'ਤੇ ਖੇਡ ਰਿਹਾ ਸੀ। ਉਹ ਖੁਦ ਵਿਹੜੇ ਵਿਚ ਲੇਟਿਆ ਹੋਇਆ ਸੀ ਕਿ ਛੱਤ ਤੋਂ ਇਕ ਬੱਚਾ ਆਇਆ ਜਿਸ ਨੇ 'ਗੰਦਾ ਅੰਕਲ-ਗੰਦਾ ਅੰਕਲ' ਦਾ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ। ਜਿਵੇਂ ਹੀ ਬੱਚੇ ਨੇ ਉਸ ਕੋਲ ਆ ਕੇ ਛੱਤ ਵੱਲ ਇਸ਼ਾਰਾ ਕੀਤਾ ਤਾਂ ਉਹ ਤੁਰੰਤ ਛੱਤ 'ਤੇ ਪਹੁੰਚਿਆ, ਜਿੱਥੇ ਦੇਖਿਆ ਕਿ ਮੁਹੱਲੇ ਦਾ ਇਕ ਵਿਅਕਤੀ ਢਾਈ ਸਾਲ ਦੇ ਬੱਚੇ ਦਾ ਮੂੰਹ ਫੜ ਕੇ ਆਪਣਾ ਪ੍ਰਾਈਵੇਟ ਪਾਰਟ ਉਸ ਦੇ ਮੂੰਹ ਵਿਚ ਪਾ ਰਿਹਾ ਸੀ। ਉਕਤ ਵਿਅਕਤੀ ਨੇ ਮੁਲਜ਼ਮ ਦਾ ਵਿਰੋਧ ਕੀਤਾ ਤਾਂ ਉਸ ਨੇ ਕੁੱਟਮਾਰ ਸ਼ੁਰੂ ਕਰ ਦਿੱਤੀ ਅਤੇ ਹੱਥ ਛੁਡਵਾ ਕੇ ਭੱਜ ਗਿਆ। ਜਿਉਂ ਹੀ ਵਿਅਕਤੀ ਨੇ ਰੌਲਾ ਪਾਇਆ ਤਾਂ ਪੀੜਤ ਬੱਚੇ ਦੀ ਮਾਂ ਅਤੇ ਹੋਰ ਲੋਕ ਇਕੱਠੇ ਹੋ ਗਏ। ਸਾਰੀ ਗੱਲ ਦਾ ਪਤਾ ਲੱਗਦੇ ਹੀ ਸਥਾਨਕ ਲੋਕਾਂ ਨੇ ਮੁਲਜ਼ਮ ਨੂੰ ਪਾਰਕ ਵਿਚੋਂ ਲੱਭ ਲਿਆ ਅਤੇ ਉਸ ਦੀ ਜੰਮ ਕੇ ਛਿੱਤਰ-ਪਰੇਡ ਕੀਤੀ ਤੇ ਪੁਲਸ ਨੂੰ ਸੂਚਨਾ ਦਿੱਤੀ। ਜਿਵੇਂ ਹੀ ਮਾਮਲਾ ਪੁਲਸ ਤੱਕ ਪਹੁੰਚਿਆ ਤਾਂ ਚੌਕੀ ਫੋਕਲ ਪੁਆਇੰਟ ਦੀ ਪੁਲਸ ਮੌਕੇ 'ਤੇ ਪਹੁੰਚ ਗਈ। ਪੁਲਸ ਨੇ ਮੁਲਜ਼ਮ ਨੂੰ ਆਪਣੀ ਹਿਰਾਸਤ ਵਿਚ ਲੈ ਕੇ ਗੱਡੀ ਵਿਚ ਬਿਠਾਇਆ ਅਤੇ ਚੌਕੀ ਲੈ ਗਏ। ਦੂਜੇ ਪਾਸੇ ਘਟਨਾ ਤੋਂ ਬਾਅਦ ਮੁਲਜ਼ਮ ਦੀ ਪਤਨੀ ਵੀ ਸਾਹਮਣੇ ਆਈ, ਜਿਸ ਨੇ ਆਪਣੇ ਪਤੀ ਦੀ ਗਲਤੀ ਮੰਨੀ ਅਤੇ



ਮੁਆਫ ਕਰਨ ਦੀ ਫਰਿਆਦ ਕਰਨ ਲੱਗੀ। ਮਾਣਯੋਗ ਹਾਈ ਕੋਰਟ ਤੋਂ ਲੈ ਕੇ ਸੁਪਰੀਮ ਕੋਰਟ ਤਕ ਨਾਬਾਲਗ ਬੱਚਿਆਂ ਨਾਲ ਹੋਣ ਵਾਲੇ ਅਜਿਹੇ ਅਪਰਾਧਾਂ ਨੂੰ ਲੈ ਕੇ ਬਹੁਤ ਗੰਭੀਰ ਹਨ, ਤਾਂ ਦੂਜੇ ਪਾਸੇ ਚੌਕੀ ਫੋਕਲ ਪੁਆਇੰਟ ਦੇ ਇੰਚਾਰਜ ਅਵਤਾਰ ਸਿੰਘ ਨੇ ਇਸ ਮਾਮਲੇ ਨੂੰ ਲੈ ਕੇ ਦੂਰੀ ਬਣਾਈ ਰੱਖੀ। ਢਾਈ ਸਾਲ ਦੇ ਬੱਚੇ ਨਾਲ ਕੁਕਰਮ ਦੀ ਕੋਸ਼ਿਸ਼ ਦੇ ਮਾਮਲੇ ਵਿਚ ਅਵਤਾਰ ਸਿੰਘ ਨੇ ਮੀਡੀਆ ਦੇ ਫੋਨ ਤੱਕ ਨਹੀਂ ਚੁੱਕੇ। ਹਾਲਾਂਕਿ ਉਹ ਮੌਕੇ 'ਤੇ ਜ਼ਰੂਰ ਪਹੁੰਚੇ ਪਰ ਮੁਲਜ਼ਮ ਦੀ ਪਛਾਣ ਛੁਪਾਉਣ ਦੇ ਚੱਕਰ ਵਿਚ ਉਹ ਮੀਡੀਆ ਤੋਂ ਕੰਨੀਂ ਕਤਰਾਉਂਦੇ ਰਹੇ। ਹਾਲਾਂਕਿ ਦੇਰ ਰਾਤ ਥਾਣਾ ਨੰਬਰ 8 ਦੇ ਇੰਚਾਰਜ ਸਾਹਿਲ ਚੌਧਰੀ ਨੇ ਪੁਸ਼ਟੀ ਕਰ ਦਿੱਤੀ ਕਿ ਮੁਲਜ਼ਮ ਖਿਲਾਫ ਕੇਸ ਦਰਜ ਕਰ ਲਿਆ ਹੈ।

## ਸੁਲਤਾਨਪੁਰ ਲੋਧੀ-ਤਲਵੰਡੀ ਚੌਧਰੀਆਂ ਮਾਰਗ 'ਤੇ ਟਿੱਪਰ ਡਿਵਾਈਡਰ 'ਤੇ ਚੜ੍ਹਿ ਆ

ਕਪੂਰਥਲਾ 31 ਅਗਸਤ। ਕਪੂਰਥਲਾ ਦੇ ਸੁਲਤਾਨਪੁਰ ਲੋਧੀ-ਤਲਵੰਡੀ ਚੌਧਰੀਆਂ ਮਾਰਗ 'ਤੇ ਇਕ ਹੋਰ ਭਿਆਨਕ ਸੜਕ ਹਾਦਸੇ ਨੇ ਪ੍ਰਸ਼ਾਸਨ ਦੀ ਲਾਪਰਵਾਹੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਰੇਤ ਨਾਲ ਭਰਿਆ ਇਕ ਟਿੱਪਰ ਤਲਵੰਡੀ ਚੌਧਰੀਆਂ ਤੋਂ ਸੁਲਤਾਨਪੁਰ ਲੋਧੀ ਵੱਲ ਜਾ ਰਿਹਾ ਸੀ ਕਿ ਅਚਾਨਕ ਬੇਕਾਬੂ ਹੋ ਕੇ ਸੜਕ ਦੇ ਵਿਚਕਾਰ ਬਣੇ ਡਿਵਾਈਡਰ 'ਤੇ ਜਾ ਚੜ੍ਹਿ ਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਟਿੱਪਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਲੱਖਾਂ ਰੁਪਏ ਦਾ ਨੁਕਸਾਨ ਹੋਇਆ। ਹਾਲਾਂਕਿ ਚਾਲਕ ਦੀ ਕਿਸਮਤ ਚੰਗੀ ਰਹੀ ਅਤੇ ਉਹ ਇਸ ਹਾਦਸੇ 'ਚ ਵਾਲ-ਵਾਲ ਬਚ ਗਿਆ ਨਹੀਂ ਤਾਂ ਵੱਡਾ ਜਾਨੀ ਨੁਕਸਾਨ ਹੋ ਸਕਦਾ ਸੀ। ਇਲਾਕਾ ਨਿਵਾਸੀਆਂ ਨੇ ਗੁੱਸਾ ਜ਼ਾਹਰ ਕਰਦੇ ਕਿਹਾ ਕਿ ਇਸ ਸੜਕ 'ਤੇ ਬਣੇ ਡਿਵਾਈਡਰ ਖ਼ੂਨੀ ਡਿਵਾਈਡਰ ਬਣ ਚੁੱਕੇ ਹਨ, ਜੋ ਹਰ ਰੋਜ਼ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਲੋਕਾਂ ਮੁਤਾਬਕ ਇਹ ਡਿਵਾਈਡਰ ਪਹਿਲਾਂ ਹੀ ਕਈ ਕੀਮਤੀ ਜਾਨਾਂ ਲੈ ਚੁੱਕੇ ਹਨ ਪਰ ਫਿਰ ਵੀ ਪ੍ਰਸ਼ਾਸਨ ਸੁੱਤਾ ਪਿਆ ਹੈ। ਸਥਾਨਕ ਲੋਕਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਜਲਦੀ ਹੀ ਡਿਵਾਈਡਰਾਂ ਦੀ ਡਿਜ਼ਾਈਨ 'ਚ ਸੁਧਾਰ ਅਤੇ ਸੁਰੱਖਿਆ ਪ੍ਰਬੰਧ ਨਹੀਂ ਕੀਤੇ ਗਏ ਤਾਂ ਹੋਰ ਵੱਡੇ ਹਾਦਸੇ ਵਾਪਰ ਸਕਦੇ ਹਨ। ਇਲਾਕੇ 'ਚ ਡਰ ਅਤੇ ਗੁੱਸੇ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਲੋਕ ਤੁਰੰਤ ਕਾਰਵਾਈ ਦੀ ਮੰਗ ਕਰ ਰਹੇ ਹਨ।

# ਬੈਂਕ ਮੈਨੇਜਰ ਨੂੰ ਗਾਰਡ ਨੇ ਮਾਰੀ ਗੋਲੀ, ਇਲਾਜ ਦੌਰਾਨ ਹੋਈ ਮੌਤ

**ਕੌਮੀ ਪਤ੍ਰਿਕਾ**

ਗਾਜ਼ੀਆਬਾਦ 31 ਅਗਸਤ। ਉੱਤਰ ਪ੍ਰਦੇਸ਼ 'ਚ ਗਾਜ਼ੀਆਬਾਦ ਜ਼ਿਲ੍ਹਾ ਦੇ ਲੋਨੀ ਬਾਰਡਰ ਥਾਣਾ ਖੇਤਰ 'ਚ ਸੋਮਵਾਰ ਨੂੰ ਇਕ ਸਨਸਨੀਖੇਜ਼ ਘਟਨਾ ਸਾਹਮਣੇ ਆਈ, ਜਿੱਥੇ ਬੈਂਕ ਮੈਨੇਜਰ ਨੂੰ ਬੈਂਕ ਦੇ ਅੰਦਰ ਗਾਰਡ ਨੇ ਗੋਲੀ ਮਾਰ ਦਿੱਤੀ। ਇਸ ਘਟਨਾ ਨਾਲ ਇਲਾਕੇ 'ਚ ਦਹਿਸ਼ਤ ਫੈਲ ਗਈ ਅਤੇ ਬੈਂਕ 'ਚ ਮੌਜੂਦ ਲੋਕਾਂ 'ਚ ਭਾਜੜ ਪੈ ਗਈ। ਪੁਲਸ ਨੇ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦੇ ਹੀ ਲੋਨੀ ਬਾਰਡਰ ਥਾਣਾ ਪੁਲਸ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਸ਼ੁਰੂਆਤੀ ਜਾਣਕਾਰੀ ਅਨੁਸਾਰ, ਗੋਲੀ ਬੈਂਕ ਕੰਪਲੈਕਸ ਦੇ ਅੰਦਰ ਹੀ ਚਲਾਈ ਗਈ, ਜਿਸ ਨਾਲ ਬੈਂਕ 'ਚ ਮੌਜੂਦ ਕਰਮਚਾਰੀਆਂ ਅਤੇ ਗਾਹਕਾਂ 'ਚ ਦਹਿਸ਼ਤ ਫੈਲ ਗਈ। ਪੰਜਾਬ ਐਂਡ ਸਿੰਧ ਬੈਂਕ 'ਚ ਤਾਇਨਾਤ ਬੈਂਕ ਮੈਨੇਜਰ ਅਭਿਸ਼ੇਕ ਨੂੰ ਉਸੇ ਬੈਂਕ ਦੇ ਗਾਰਡ ਰਵਿੰਦਰ ਨੇ ਗੋਲੀ ਮਾਰ ਦਿੱਤੀ। ਗੋਲੀ ਲੱਗਣ ਨਾਲ ਮੈਨੇਜਰ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਇਆ। ਘਟਨਾ ਤੋਂ ਬਾਅਦ ਉਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਪਰ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਦੋਸ਼ੀ ਗਾਰਡ ਘਟਨਾ ਮਗਰੋਂ ਮੌਕੇ 'ਤੇ ਫਰਾਰ ਹੋ ਗਿਆ। ਉਸ ਦੀ ਗ੍ਰਿਫ਼ਤਾਰੀ ਲਈ ਪੁਲਸ ਦੀਆਂ ਟੀਮਾਂ ਗਠਿਤ ਕੀਤੀਆਂ ਗਈਆਂ ਹਨ ਅਤੇ ਸੰਭਾਵਿਤ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਮਾਮਲੇ 'ਚ ਪੁਲਸ ਡਿਪਟੀ ਕਮਿਸ਼ਨਰ ਗ੍ਰਾਮੀਣ ਖੇਤਰ ਸੁਰੇਂਦਰ ਨਾਥ ਤਿਵਾੜੀ ਨੇ ਦੱਸਿਆ ਕਿ ਦੋਸ਼ੀ ਗਾਰਡ ਦੀ ਤਲਾਸ਼ ਲਈ ਪੁਲਸ ਟੀਮ ਗਠਿਤ



ਕਰ ਦਿੱਤੀ ਗਈ ਹੈ ਅਤੇ ਜਲਦ ਹੀ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਸ਼ਿਕਾਇਤ ਦੇ ਆਧਾਰ 'ਤੇ ਅੱਗੇ ਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਪੁਲਸ ਬੈਂਕ ਕਰਮਚਾਰੀਆਂ ਅਤੇ ਚਸ਼ਮਦੀਦਾਂ ਤੋਂ ਪੁੱਛ-ਗਿੱਛ ਕਰ ਰਹੀ ਹੈ ਤਾਂ ਕਿ ਘਟਨਾ ਦੇ ਪਿੱਛੇ ਦਾ ਕਾਰਨ ਦਾ ਪਤਾ ਲਗਾਇਆ ਜਾ ਸਕੇ।

## ਨੌਸਰਬਾਜ਼ ਦਾ ਕਾਰਾ: ਕਾਰੋਬਾਰੀ ਨੂੰ ਦਰਦ ਮਿਟਾਉਣ ਬਹਾਨੇ ਪਿਆਈ ਬੇਹੋਸ਼ੀ ਦੀ ਦਵਾਈ

ਲੁਧਿਆਣਾ 31 ਅਗਸਤ। ਮਹਾਨਗਰ ਵਿੱਚ ਨੌਸਰਬਾਜ਼ਾਂ ਦੇ ਜਾਲ ਇਸ ਕਦਰ ਵਿੱਛ ਚੁੱਕੇ ਹਨ ਕਿ ਬਾਹਰੋਂ ਆਉਣ ਵਾਲੇ ਲੋਕ ਹੁਣ ਇੱਥੇ ਕਦਮ ਰੱਖਦਿਆਂ ਹੀ ਅਸੁਰੱਖਿਅਤ ਮਹਿਸੂਸ ਕਰਨ ਲੱਗੇ ਹਨ। ਐਤਵਾਰ ਨੂੰ ਹਿਮਾਚਲ ਪ੍ਰਦੇਸ਼ ਤੋਂ ਲੁਧਿਆਣਾ ਦੀ ਗਾਂਧੀ ਨਗਰ ਮਾਰਕੀਟ ਵਿੱਚ ਰੈਡੀਮੇਡ ਕੱਪੜਿਆਂ ਦੀ ਖਰੀਦਦਾਰੀ ਕਰਨ ਆਏ ਇਕ ਕਾਰੋਬਾਰੀ ਨਾਲ ਸ਼ਾਤਰ ਨੌਸਰਬਾਜ਼ ਨੇ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਨਾਲ ਕਾਰੋਬਾਰੀ ਦਾ ਨਾ ਸਿਰਫ਼ ਪੈਸਾ ਗਿਆ, ਸਗੋਂ ਉਹ ਆਪਣੀ ਸੁੱਧ-ਬੁੱਧ ਵੀ ਗੁਆ ਬੈਠਾ। ਪੀੜਤ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਐਤਵਾਰ ਤੜਕੇ ਬੱਸ ਸਟੈਂਡ 'ਤੇ ਉਤਰਿਆ ਸੀ ਅਤੇ ਗਾਂਧੀ ਨਗਰ ਮਾਰਕੀਟ ਜਾਣ ਲਈ ਸਮਾਂ ਹੋਣ ਕਾਰਨ ਉੱਥੇ ਹੀ ਬੈਠ ਗਿਆ। ਇਸੇ ਦੌਰਾਨ ਇੱਕ ਨੌਜਵਾਨ ਉਸ ਦੇ ਕੋਲ ਆ ਕੇ ਬੈਠ ਗਿਆ ਅਤੇ ਬੜੀ ਹੀ ਸ਼ਾਲੀਨਤਾ ਨਾਲ ਗੱਲਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ। ਗੱਲਾਂ-ਗੱਲਾਂ ਵਿੱਚ ਸ਼ਾਤਰ ਨੌਜਵਾਨ ਨੇ ਖ਼ੁਦ ਨੂੰ ਫਾਰਮਾਸਿਸਟ ਦੱਸਿਆ ਤੇ ਰਾਜੇਸ਼ ਦਾ ਵਿਸ਼ਵਾਸ ਜਿੱਤ ਲਿਆ। ਜਦੋਂ ਰਾਜੇਸ਼ ਨੇ ਸਰੀਰ ਵਿੱਚ ਹਲਕਾ ਦਰਦ ਹੋਣ ਦੀ ਗੱਲ ਕਹੀ ਤਾਂ ਉਸ ਕਥਿਤ ਫਾਰਮਾਸਿਸਟ ਨੇ ਬੜੇ ਹੀ ਮਦਦਗਾਰ ਅੰਦਾਜ਼ ਵਿੱਚ ਉਸ ਨੂੰ ਦਰਦ ਨਿਵਾਰਕ ਦਵਾਈ ਦਾ ਲਾਲਚ ਦਿੱਤਾ। ਰਾਜੇਸ਼ ਨੇ ਅਣਜਾਣ ਨੌਜਵਾਨ 'ਤੇ ਭਰੋਸਾ ਕਰਕੇ ਉਹ ਦਵਾਈ ਖਾ ਲਈ ਪਰ ਉਸ ਨੂੰ ਕੀ ਪਤਾ ਸੀ ਕਿ ਉਹ ਦਵਾਈ ਨਹੀਂ, ਸਗੋਂ ਉਸ ਨੂੰ ਲੁੱਟਣ ਲਈ ਦਿੱਤਾ ਗਿਆ ਬੇਹੋਸ਼ੀ ਦਾ ਜ਼ਹਿਰ ਸੀ। ਦਵਾਈ ਖਾਂਦੇ ਹੀ ਰਾਜੇਸ਼ ਗੂੜ੍ਹੀ ਨੀਂਦ ਸੌਂ ਗਿਆ ਅਤੇ ਜਦੋਂ ਕੁਝ ਘੰਟਿਆਂ ਬਾਅਦ ਉਸ ਨੂੰ ਹੋਸ਼ ਆਇਆ ਤਾਂ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਉਸ ਦੀ ਜੇਬ ਵਿੱਚੋਂ 12 ਹਜ਼ਾਰ ਰੁਪਏ ਦੀ ਨਕਦੀ ਤੇ ਮੋਬਾਈਲ ਫ਼ੋਨ ਗਾਇਬ ਸੀ। ਉਹ ਨੌਜਵਾਨ, ਜਿਸ ਨੇ ਖ਼ੁਦ ਨੂੰ ਫਾਰਮਾਸਿਸਟ ਦੱਸਿਆ ਸੀ, ਮੌਕੇ ਤੋਂ ਭੱਜ ਚੁੱਕਾ ਸੀ।

# ਅੰਮ੍ਰਿਤਸਰ ਪੁਲਸ ਨੇ 1.50 ਕਰੋੜ ਦੇ ਲੋਕਾਂ ਨੂੰ ਸੌਂਪੇ ਮੋਬਾਇਲ ਫੋਨ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 31 ਅਗਸਤ। ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਲੋਕਾਂ ਦੀ ਸਹੂਲਤ ਲਈ ਇੱਕ ਵੱਡਾ ਕਦਮ ਚੁੱਕਿਆ ਗਿਆ ਹੈ। ਅੱਜ ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐਸਐਸਪੀ ਸੁਹੇਲ ਮੀਰ ਖਾਨ ਵੱਲੋਂ ਕਰੀਬ 300 ਗੁੰਮਸ਼ੁਦਾ ਅਤੇ ਚੋਰੀ ਹੋਏ ਮੋਬਾਈਲ ਫੋਨ ਉਨ੍ਹਾਂ ਦੇ ਅਸਲੀ ਮਾਲਕਾਂ ਨੂੰ ਵਾਪਸ ਸੌਂਪੇ ਗਏ। ਇਸ ਮੌਕੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਮੋਬਾਈਲ ਪ੍ਰਾਪਤ ਕਰਨ ਵਾਲੇ ਲੋਕਾਂ ਨੇ ਪੁਲਿਸ ਦਾ ਧੰਨਵਾਦ ਵੀ ਕੀਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਐਸਐਸਪੀ ਸੁਹੇਲ ਮੀਰ ਖਾਨ ਨੇ ਕਿਹਾ ਕਿ ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਇਹ ਦੂਜੀ ਵਾਰ ਮੋਬਾਈਲ ਵੰਡ ਸਮਾਰੋਹ ਕਰਵਾਇਆ ਗਿਆ ਹੈ। ਇਸ ਤੋਂ ਪਹਿਲਾਂ ਜਨਵਰੀ ਮਹੀਨੇ ਵਿੱਚ ਵੀ ਕਰੀਬ 300 ਮੋਬਾਈਲ ਫੋਨ ਲੋਕਾਂ ਨੂੰ ਵਾਪਸ ਕੀਤੇ ਗਏ ਸਨ। ਹੁਣ ਮਾਰਚ ਮਹੀਨੇ ਵਿੱਚ ਦੁਬਾਰਾ ਇਹ ਮੁਹਿੰਮ ਚਲਾਈ ਗਈ ਹੈ ਅਤੇ ਫਿਰ 300 ਦੇ ਕਰੀਬ ਮੋਬਾਈਲ ਫੋਨ ਉਨ੍ਹਾਂ ਦੇ ਮਾਲਕਾਂ ਤੱਕ ਪਹੁੰਚਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ਮੋਬਾਈਲਾਂ ਦੀ ਕੁੱਲ ਮਾਰਕੀਟ ਕੀਮਤ ਲਗਭਗ ਡੇਢ ਕਰੋੜ ਰੁਪਏ ਦੇ



ਕਰੀਬ ਹੈ। ਐਸਐਸਪੀ ਨੇ ਦੱਸਿਆ ਕਿ ਪੁਲਸ ਦੀ ਸਾਈਬਰ ਸੈੱਲ, ਸੀ.ਆਰ. ਹੈਲਪ ਡੈਸਕ ਅਤੇ ਵੱਖ-ਵੱਖ ਥਾਣਿਆਂ ਦੀਆਂ ਟੀਮਾਂ ਨੇ ਟੈਕਨੀਕਲ ਤਰੀਕੇ ਨਾਲ ਮੋਬਾਈਲ ਫੋਨਾਂ ਨੂੰ ਟ?ਰੇਸ ਕਰਕੇ ਰਿਕਵਰ ਕੀਤਾ ਹੈ। ਕਈ ਵਾਰ ਇਹ ਮੋਬਾਈਲ ਦੂਜੇ ਜ਼ਿਲ੍ਹਿਆਂ ਜਾਂ ਰਾਜਾਂ ਵਿੱਚ ਵੀ ਪਹੁੰਚ ਜਾਂਦੇ ਹਨ, ਜਿਨ੍ਹਾਂ ਨੂੰ ਲੱਭਣਾ ਕਾਫੀ ਮੁਸ਼ਕਲ ਹੁੰਦਾ ਹੈ, ਪਰ ਪੁਲਸ ਦੀ ਡੈਡੀਕੇਟਡ ਅਤੇ ਪੈਸ਼ਨੇਟ ਟੀਮ ਨੇ ਮਿਹਨਤ ਕਰਕੇ ਇਹ ਸੰਭਵ ਬਣਾਇਆ ਹੈ। ਉਨ੍ਹਾਂ ਕਿਹਾ ਕਿ ਕਈ ਲੋਕਾਂ ਨੂੰ ਇਹ ਧਾਰਣਾ ਹੁੰਦੀ ਹੈ ਕਿ ਮੋਬਾਈਲ ਗੁੰਮ ਹੋਣ ਤੋਂ ਬਾਅਦ ਉਹ ਵਾਪਸ ਨਹੀਂ ਮਿਲ ਸਕਦਾ, ਪਰ ਅੱਜ ਦਾ ਇਹ ਸਮਾਰੋਹ ਉਸ ਗੱਲ ਦਾ ਸਪਸ਼ਟ ਸਬੂਤ ਹੈ ਕਿ ਜੇ ਪੁਲਸ ਕੋਲ ਸਹੀ ਤਰੀਕੇ ਨਾਲ ਸ਼ਿਕਾਇਤ ਦਰਜ ਕਰਵਾਈ ਜਾਵੇ ਤਾਂ ਮੋਬਾਈਲ ਲੱਭਣਾ ਸੰਭਵ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਮੋਬਾਈਲ ਨਾਲ ਕਈ ਵਾਰੀ ਉਨ੍ਹਾਂ ਦਾ ਕਾਰੋਬਾਰ ਅਤੇ ਜ਼ਰੂਰੀ ਡਾਟਾ ਵੀ ਜੁੜਿਆ ਹੁੰਦਾ ਹੈ, ਇਸ ਲਈ ਪੁਲਸ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੀ ਹੈ। ਐਸਐਸਪੀ ਸੁਹੇਲ ਮੀਰ ਖਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਦਾ ਮੋਬਾਈਲ ਗੁੰਮ ਜਾਂ ਚੋਰੀ ਹੋ ਜਾਵੇ ਤਾਂ ਉਹ ਤੁਰੰਤ ਪੁਲਸ ਨਾਲ ਸੰਪਰਕ ਕਰਨ।

## ਮੋਬਾਇਲ ਖੋਹ ਕੇ ਭੱਜ ਰਹੇ ਲੁਟੇਰੇ ਨੂੰ ਲੋਕਾਂ ਨੇ ਫੜਿਆ ! ਹੋਈ ਛਿੱਤਰ ਪਰੇਡ

ਜਲੰਧਰ 31 ਅਗਸਤ। ਜਲੰਧਰ ਦੇ ਡਾ. ਬੀ. ਆਰ. ਅੰਬੇਡਕਰ ਚੌਕ ਦੇ ਕੋਲ ਇਕ ਮੋਬਾਇਲ ਖੋਹ ਕੇ ਭੱਜ ਰਹੇ ਨੌਜਵਾਨ ਨੂੰ ਲੋਕਾਂ ਨੇ ਮੌਕੇ 'ਤੇ ਹੀ ਫੜ ਲਿਆ। ਲੋਕਾਂ ਨੇ ਨਾ ਸਿਰਫ਼ ਮੁਲਜ਼ਮ ਦੇ ਹੱਥ ਬੰਨ੍ਹ ਕੇ ਉਸ ਦੀ ਜੰਮ ਕੇ ਕੁੱਟਮਾਰ ਕੀਤੀ, ਸਗੋਂ ਪੁਲਸ ਦੀ ਮੌਜੂਦਗੀ 'ਚ ਉਸ ਨੂੰ ਥੱਪੜ ਜੜ ਦਿੱਤੇ। ਇਹ ਘਟਨਾ ਦੁਪਹਿਰ ਸਾਢੇ 12 ਵਜੇ ਦੇ ਕਰੀਬ ਉਸ ਵੇਲੇ ਵਾਪਰੀ ਜਦੋਂ ਇਕ ਪੀੜਤ ਵਿਅਕਤੀ ਆਪਣੇ ਬੱਚੇ ਨੂੰ ਸਕੂਲ ਛੱਡ ਕੇ ਵਾਪਸ ਘਰ ਪਰਤ ਰਿਹਾ ਸੀ। ਇਸੇ ਦੌਰਾਨ ਘਾਤ ਲਗਾ ਕੇ ਬੈਠੇ ਸਨੈਚਰ




ਨੇ ਉਸ ਦਾ ਮੋਬਾਇਲ ਖੋਹ ਲਿਆ ਅਤੇ ਭੱਜਣ ਲੱਗਾ। ਪੀੜਤ ਨੇ ਤੁਰੰਤ ਰੌਲਾ ਪਾਇਆ ਅਤੇ ਆਪਣੀ ਬਾਈਕ 'ਤੇ ਮੁਲਜ਼ਮ ਦਾ ਪਿੱਛਾ ਕੀਤਾ। ਜਦੋਂ ਮੁਲਜ਼ਮ ਨੇ ਪੀੜਤ ਨੂੰ ਧੱਕਾ ਦੇ ਕੇ ਡੇਗਣ ਦੀ ਕੋਸ਼ਿਸ਼ ਕੀਤੀ ਤਾਂ ਕੋਲ ਹੀ ਮੌਜੂਦ ਇਕ ਕੂੜਾ ਚੁੱਕਣ ਵਾਲੇ ਵਿਅਕਤੀ ਨੇ ਹਿੰਮਤ ਵਿਖਾਉਂਦੇ ਹੋਏ ਉਸ ਨੂੰ ਦਬੋਚ ਲਿਆ। ਲੋਕਾਂ ਨੇ ਮੁਲਜ਼ਮ ਕੋਲੋਂ ਖੋਹਿਆ ਹੋਇਆ ਫ਼ੋਨ ਵੀ ਬਰਾਮਦ ਕਰ ਲਿਆ। ਘਟਨਾ ਦੀ ਸੂਚਨਾ ਮਿਲਣ 'ਤੇ ਏ. ਐੱਸ. ਆਈ. ਕੁਲਵਿੰਦਰ ਸਿੰਘ ਪੁਲਸ ਟੀਮ ਨਾਲ ਮੌਕੇ 'ਤੇ ਪਹੁੰਚੇ। ਹਾਲਾਂਕਿ ਪੁਲਸ ਦੇ ਕਥਿਤ ਅੜੀਅਲ ਵਤੀਰੇ ਨੂੰ ਵੇਖ ਕੇ ਲੋਕ ਭੜਕ ਗਏ ਅਤੇ ਹੰਗਾਮਾ ਸ਼ੁਰੂ ਕਰ ਦਿੱਤਾ। ਇਲਾਕੇ ਦੇ ਪ੍ਰਧਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਖੇਤਰ ਵਿੱਚ ਚੋਰੀ ਦੀਆਂ ਵਾਰਦਾਤਾਂ ਲਗਾਤਾਰ ਵਧ ਰਹੀਆਂ ਹਨ ਪਰ ਪੁਲਸ ਕੋਈ ਸਖ਼ਤ ਕਾਰਵਾਈ ਜਾਂ ਐੱਫ਼. ਆਈ. ਆਰ. ਦਰਜ ਨਹੀਂ ਕਰ ਰਹੀ। ਗੱਲਬਾਤ ਦੌਰਾਨ ਮਾਹੌਲ ਇੰਨਾ ਗਰਮਾ ਗਿਆ ਕਿ ਮੁਲਜ਼ਮ ਪੁਲਸ ਦੇ ਸਾਹਮਣੇ ਹੀ ਥੱਪੜ ਮਾਰਨ ਦੀ ਚੁਣੌਤੀ ਦੇਣ ਲੱਗਾ, ਜਿਸ 'ਤੇ ਗੁੱਸੇ ਵਿੱਚ ਆਏ ਪ੍ਰਧਾਨ ਨੇ ਪੁਲਸ ਦੀ ਮੌਜੂਦਗੀ ਵਿੱਚ ਹੀ ਉਸ ਦੇ ਥੱਪੜ ਮਾਰ ਦਿੱਤਾ। ਕਾਫ਼ੀ ਦੇਰ ਚੱਲੇ ਹੰਗਾਮੇ ਤੋਂ ਬਾਅਦ ਪੁਲਸ ਨੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਉਸ ਦੀ ਬਾਈਕ ਜ਼ਬਤ ਕਰ ਲਈ। ਪੁਲਸ ਨੇ ਭਰੋਸਾ ਦਿੱਤਾ ਹੈ ਕਿ ਮੁਲਜ਼ਮ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਆਰਡਰ ਕੀਤੀ 'ਵੈੱਜ ਥਾਲੀ' 'ਚ ਹੱਡੀ ਦੇਖ ਗਾਹਕ ਦੇ ਉੱਡੇ ਹੋਸ਼ ! ਲਖਨਊ ਦੇ ਹੋਟਲ 'ਚ ਅੱਧੀ ਰਾਤ ਨੂੰ ਹੰਗਾਮਾ

**ਕੌਮੀ ਪਤ੍ਰਿਕਾ**

ਲਖਨਊ 31 ਅਗਸਤ। ਉੱਤਰ ਪ੍ਰਦੇਸ਼ ਦੀ ਰਾਜਧਾਨੀ ਲਖਨਊ ਦੇ ਪਾਸ਼ ਇਲਾਕੇ ਗੋਮਤੀਨਗਰ ਵਿੱਚ ਸਥਿਤ ਇੱਕ ਨਾਮੀ ਰੈਸਟੋਰੈਂਟ 'ਹਾਊਸ ਆਫ ਰਾਇਲਸ' ਵਿੱਚ ਉਸ ਵੇਲੇ ਹੜਕੰਪ ਮਚ ਗਿਆ, ਜਦੋਂ ਗਾਹਕਾਂ ਦੇ ਸ਼ਾਕਾਹਾਰੀ ਖਾਣੇ ਵਿੱਚੋਂ ਹੱਡੀ ਅਤੇ ਮਾਸ ਦਾ ਟੁਕੜਾ ਨਿਕਲਿਆ। ਇਸ ਘਟਨਾ ਤੋਂ ਬਾਅਦ ਰੈਸਟੋਰੈਂਟ ਵਿੱਚ ਮੌਜੂਦ ਹੋਰ ਪਰਿਵਾਰਾਂ ਵਿੱਚ ਵੀ ਡਰ ਦਾ ਮਾਹੌਲ ਬਣ ਗਿਆ ਅਤੇ ਲੋਕਾਂ ਨੇ ਆਪਣਾ ਖਾਣਾ ਚੈੱਕ ਕਰਨਾ ਸ਼ੁਰੂ ਕਰ ਦਿੱਤਾ। ਪ੍ਰਯਾਗਰਾਜ ਦੇ ਰਹਿਣ ਵਾਲੇ ਹੇਮੰਤ ਕੁਮਾਰ ਸਿੰਘ ਨੇ ਦੱਸਿਆ ਕਿ ਉਹ ਆਪਣੇ 14 ਸਾਥੀਆਂ ਨਾਲ ਸ਼ੁੱਕਰਵਾਰ ਰਾਤ ਕਰੀਬ 9 ਵਜੇ ਫੂਡ ਵੈਲੀ ਸਥਿਤ ਇਸ ਰੈਸਟੋਰੈਂਟ ਵਿੱਚ ਡਿਨਰ ਕਰਨ ਪਹੁੰਚੇ ਸਨ। ਸਾਰਿਆਂ ਨੇ 'ਡੀਲਕਸ ਵੈੱਜ ਥਾਲੀ' ਅਤੇ ਹੋਰ ਸ਼ੁੱਧ ਸ਼ਾਕਾਹਾਰੀ ਪਕਵਾਨ ਆਰਡਰ ਕੀਤੇ ਸਨ। ਜਿਵੇਂ ਹੀ ਸਾਰਿਆਂ ਨੇ ਖਾਣਾ ਸ਼ੁਰੂ ਕੀਤਾ, ਤਾਂ ਇੱਕ ਥਾਲੀ ਵਿੱਚੋਂ ਮਾਸ ਅਤੇ ਹੱਡੀ ਦਾ ਟੁਕੜਾ ਮਿਲਿਆ। ਇਹ ਦੇਖ ਕੇ ਸਾਰੇ ਹੈਰਾਨ ਰਹਿ ਗਏ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਵੱਜੀ। ਪੀੜਤਾਂ ਦਾ ਦੋਸ਼ ਹੈ ਕਿ ਜਦੋਂ ਉਨ੍ਹਾਂ ਨੇ ਇਸ ਗੰਭੀਰ ਲਾਪਰਵਾਹੀ ਦੀ ਸ਼ਿਕਾਇਤ ਰੈਸਟੋਰੈਂਟ ਪ੍ਰਬੰਧਕਾਂ ਨੂੰ ਕੀਤੀ, ਤਾਂ ਮੁਆਫ਼ੀ ਮੰਗਣ ਦੀ ਬਜਾਏ ਸਟਾਫ਼ ਨੇ ਉਨ੍ਹਾਂ ਨਾਲ ਅਭੱਦਰ ਭਾਸ਼ਾ ਦੀ ਵਰਤੋਂ ਕੀਤੀ। ਹੰਗਾਮਾ ਵਧਦਾ ਦੇਖ ਉੱਥੇ ਪਰਿਵਾਰਾਂ ਸਮੇਤ ਆਏ ਹੋਏ ਹੋਰ ਗਾਹਕ ਵੀ ਸਹਿਮ ਗਏ। ਕਾਫੀ ਦੇਰ ਤੱਕ ਚੀਕ-ਚਿਹਾਰਾ ਹੁੰਦਾ ਰਿਹਾ ਅਤੇ ਮੌਕੇ 'ਤੇ ਮੌਜੂਦ ਲੋਕ ਆਪਣੀਆਂ ਵੈੱਜ ਥਾਲੀਆਂ ਨੂੰ ਸ਼ੱਕ ਦੀ ਨਜ਼ਰ ਨਾਲ ਦੇਖਣ ਲੱਗੇ। ਘਟਨਾ ਤੋਂ ਬਾਅਦ ਪੀੜਤਾਂ ਨੇ ਗੋਮਤੀਨਗਰ ਥਾਣੇ ਪਹੁੰਚ ਕੇ ਲਿਖਤੀ ਸ਼ਿਕਾਇਤ ਦਰਜ ਕਰਵਾਈ। ਉਨ੍ਹਾਂ ਨੇ ਖਾਣੇ ਵਿੱਚੋਂ ਮਿਲੀ ਹੱਡੀ ਨੂੰ ਬਤੌਰ ਸਬੂਤ ਪੁਲਸ ਦੇ ਹਵਾਲੇ ਕਰ ਦਿੱਤਾ ਹੈ।



ਗੋਮਤੀਨਗਰ ਦੇ SHO ਨੇ ਦੱਸਿਆ ਕਿ ਗਾਹਕਾਂ ਨਾਲ ਧੋਖਾਧੜੀ ਅਤੇ ਲਾਪਰਵਾਹੀ ਦੇ ਮਾਮਲੇ ਵਿੱਚ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਰੈਸਟੋਰੈਂਟ ਖ਼?ਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਨਸ਼ਾ ਤਸਕਰੀ ਖ਼ਿਲਾਫ਼ ਡੀ. ਆਰ. ਆਈ. ਦੀ ਵੱਡੀ ਕਾਰਵਾਈ, 9.19 ਕਰੋੜ ਦੀ ਹੈਰੋਇਨ ਸਣੇ 2 ਸਮੱਗਲਰ ਦਬੋਚੇ

ਲੁਧਿਆਣਾ 31 ਅਗਸਤ। ਡਾਇਰੈਕਟੋਰੇਟ ਆਫ਼ ਰੈਵੇਨਿਊ ਇੰਟੈਲੀਜੈਂਸ (ਡੀ. ਆਰ. ਆਈ.) ਦੀ ਲੁਧਿਆਣਾ ਜ਼ੋਨਲ ਯੂਨਿਟ ਨੇ ਨਸ਼ਾ ਤਸਕਰੀ ਖ਼?ਲਾਫ਼ ਵੱਡੀ ਕਾਰਵਾਈ ਕਰਦਿਆਂ ਕਰੀਬ 4.595 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ, ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਅੰਦਾਜ਼ਨ ਕੀਮਤ ਲਗਭਗ 9.19 ਕਰੋੜ ਰੁਪਏ ਦੱਸੀ ਜਾ ਰਹੀ ਹੈ। ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਡੀ.ਆਰ.ਆਈ. ਨੂੰ ਵਿਸ਼ੇਸ਼ ਖੁਫ਼ੀਆ ਸੂਚਨਾ ਮਿਲੀ ਸੀ ਕਿ ਸਰਹੱਦੀ ਜ਼ਿਲ੍ਹਿਆਂ ਤੋਂ ਇੱਕ ਵਿਸ਼ੇਸ਼ ਵਾਹਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਖੇਪ ਲੁਧਿਆਣਾ ਲਿਆਂਦੀ ਜਾ ਰਹੀ ਹੈ। ਸੂਚਨਾ ਦੇ ਆਧਾਰ ''ਤੇ ਡੀ.ਆਰ.ਆਈ. ਅਧਿਕਾਰੀਆਂ ਨੇ ਜਲੰਧਰ-ਲੁਧਿਆਣਾ ਹਾਈਵੇ ''ਤੇ ਸ਼ਹਿਰ ਦੇ ਬਾਹਰੀ ਇਲਾਕੇ ਵਿੱਚ ਨਿਗਰਾਨੀ ਸ਼ੁਰੂ ਕਰ ਦਿੱਤੀ। ਸ਼ਨੀਵਾਰ 14 ਮਾਰਚ ਨੂੰ ਸ਼ਾਮ ਕਰੀਬ 4 ਵਜੇ ਸ਼ੱਕੀ ਵਾਹਨ ਦਿਖਾਈ ਦੇਣ 'ਤੇ ਡੀ.ਆਰ.ਆਈ. ਟੀਮ ਨੇ ਉਸ ਨੂੰ ਰੋਕ ਕੇ ਤਲਾਸ਼ੀ ਲਈ। ਤਲਾਸ਼ੀ ਦੌਰਾਨ ਵਾਹਨ ਦੀ ਅਗਲੀ ਪੈਸੰਜਰ ਸੀਟ ਦੇ ਹੇਠਾਂ ਰੱਖੇ ਪੀਲੇ ਰੰਗ ਦੇ ਪੋਲੀਥੀਨ ਬੈਗ ਵਿੱਚੋਂ ਚਾਰ ਪਾਰਦਰਸ਼ੀ ਪੈਕੇਟ ਬਰਾਮਦ ਹੋਏ, ਜਿਨ੍ਹਾਂ ਨੂੰ ਪੀਲੇ ਤੇ ਕਾਲੇ ਰੰਗ ਦੀ ਟੇਪ ਨਾਲ ਲਪੇਟਿਆ ਹੋਇਆ ਸੀ। ਅਧਿਕਾਰੀਆਂ ਵੱਲੋਂ ਬਰਾਮਦ



ਪਦਾਰਥ ਦੀ ਫੀਲਡ ਟੈਸਟਿੰਗ ਕਿੱਟ ਨਾਲ ਜਾਂਚ ਕਰਨ ''ਤੇ ਉਹ ਹੈਰੋਇਨ ਪਾਈ ਗਈ। ਚਾਰਾਂ ਪੈਕੇਟਾਂ ਦਾ ਕੁੱਲ ਭਾਰ 4.595 ਕਿਲੋਗ੍ਰਾਮ ਨਿਕਲਿਆ। ਇਸ ਤੋਂ ਬਾਅਦ ਡੀ.ਆਰ.ਆਈ. ਨੇ ਹੈਰੋਇਨ ਅਤੇ ਤਸਕਰੀ ਵਿੱਚ ਵਰਤੇ ਗਏ ਵਾਹਨ ਨੂੰ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ?ਰੋਪਿਕ ਸਬਸਟਾਂਸਿਜ਼ (ਐਨ.ਡੀ.ਪੀ.ਐਸ.) ਐਕਟ ਤਹਿਤ ਜ਼ਬਤ ਕਰ ਲਿਆ।

## ਹੜ੍ਹ ਰਾਹਤ ਰਾਸ਼ੀ 'ਚ ਢਾਈ ਕਰੋੜ ਦਾ ਘਪਲਾ ਕਰਨ ਦੇ ਦੋਸ਼ 'ਚ ਮਹਿਲਾ ਤਹਿਸੀਲਦਾਰ ਗ੍ਰਿਫ਼ਤਾਰ

ਮੁਰੈਨਾ 31 ਅਗਸਤ। ਮੱਧ ਪ੍ਰਦੇਸ਼ ਦੇ ਚੰਬਲ ਡਿਵੀਜ਼ਨ ਦੇ ਸ਼ਿਓਪੁਰ ਜ਼ਿਲ੍ਹੇ 'ਚ ਸਾਲ 2021 ਦੀ ਹੜ੍ਹ ਰਾਹਤ ਰਾਸ਼ੀ 'ਚ ਕਰੀਬ ਢਾਈ ਕਰੋੜ ਰੁਪਏ ਦੇ ਘਪਲੇ ਦੇ ਮੁੱਖ ਦੋਸ਼ੀ ਮਹਿਲਾ ਤਹਿਸੀਲਦਾਰ ਅਮਿਤਾ ਸਿੰਘ ਤੋਮਰ ਨੂੰ ਪੁਲਸ ਨੇ ਗਵਾਲੀਅਰ ਸਥਿਤ ਉਸ ਦੇ ਘਰ ਤੋਂ ਗ੍ਰਿਫ਼ਤਾਰ ਕਰ ਲਿਆ। ਪੁਲਸ ਅਨੁਸਾਰ ਬੜੌਦਾ ਤਹਿਸੀਲ 'ਚ ਹੜ੍ਹ ਪੀੜਤਾਂ ਦੇ ਨਾਂ 'ਤੇ ਫਰਜ਼ੀਵਾੜਾ ਕਰ ਕੇ ਅਯੋਗ ਅਤੇ ਕਾਲਪਨਿਕ ਵਿਅਕਤੀਆਂ ਦੇ ਨਾਂ ਤੋਂ ਮੁਆਵਜ਼ਾ ਰਾਸ਼ੀ ਕੱਢੀ ਗਈ ਸੀ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਵੱਡਾ ਨੁਕਸਾਨ ਪਹੁੰਚਿਆ। ਆਡਿਟ ਜਾਂਚ 'ਚ ਇਸ ਗੜਬੜੀ ਦਾ ਖੁਲਾਸਾ ਹੋਇਆ ਸੀ। ਇਸ ਮਾਮਲੇ 'ਚ ਬੜੌਦਾ ਥਾਣੇ 'ਚ ਅਪਰਾਧ ਨੰਬਰ 439/23 ਦੇ ਅਧੀਨ ਭਾਰਤੀ ਦੰਡ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਨਾਲ ਭ੍ਰਿਸ਼ਟਾਚਾਰ ਰੋਕਥਾਮ ਐਕਟ, 1988 ਦੇ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਦੌਰਾਨ ਪੂਰੇ ਸਬੂਤ ਮਿਲਣ ਤੋਂ ਬਾਅਦ ਪੁਲਸ ਨੇ ਕਾਰਵਾਈ ਕਰਦੇ ਹੋਏ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ। ਦੱਸਿਆ ਗਿਆ ਹੈ ਕਿ ਅਮਿਤ ਸਿੰਘ ਤੋਮਰ ਨੂੰ ਇਕ ਦਿਨ ਪਹਿਲਾਂ ਹੀ ਵਿਜੇਪੁਰ ਤਹਿਸੀਲਦਾਰ ਅਹੁਦੇ ਤੋਂ ਹਟਾਇਆ ਗਿਆ ਸੀ, ਜਿਸ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਉਨ੍ਹਾਂ ਨੂੰ ਸ਼ਿਓਪੁਰ ਲਿਆ ਕੇ ਅਦਾਲਤ 'ਚ ਪੇਸ਼ ਕੀਤਾ ਜਾਵੇਗਾ। ਪੁਲਸ ਸੁਪਰਡੈਂਟ ਸੁਧੀਰ ਕੁਮਾਰ ਅਗਰਵਾਲ ਨੇ ਗ੍ਰਿਫ਼ਤਾਰੀ ਦੀ ਪੁਸ਼ਟੀ ਕਰਦੇ ਹੋਏ ਸੰਕੇਤ ਦਿੱਤੇ ਹਨ ਕਿ ਮਾਮਲੇ 'ਚ ਹੋਰ ਲੋਕਾਂ ਦੀ ਸ਼ਮੂਲੀਅਤ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਅਤੇ ਅੱਗੇ ਹੋਰ ਗ੍ਰਿਫ਼ਤਾਰੀਆਂ ਹੋ ਸਕਦੀਆਂ ਹਨ।

## ਪਿੰਡ ਮੌਚਪੁਰ ਦੇ ਨੌਜਵਾਨ ਦੀ ਦੁਬਈ 'ਚ ਸ਼ੱਕੀ ਹਾਲਤਾਂ 'ਚ ਹੋਈ ਮੌਤ

ਗੁਰਦਾਸਪੁਰ, 31 ਅਗਸਤ। ਗੁਰਦਾਸਪੁਰ ਦੇ ਕਸਬਾ ਭੈਣੀ ਮੀਆਂ ਖਾਂ ਅਧੀਨ ਆਉਂਦੇ ਪਿੰਡ ਮੌਚਪੁਰ ਦੇ 25 ਸਾਲਾ ਨੌਜਵਾਨ ਕੁਲਵੰਤ ਸਿੰਘ ਦੀ ਦੁਬਈ ਵਿੱਚ ਹੋਈ ਸ਼ੱਕੀ ਮੌਤ ਨੇ ਪੂਰੇ ਇਲਾਕੇ 'ਚ ਸੋਗ ਦੀ ਲਹਿਰ ਦੌੜਾ ਦਿੱਤੀ ਹੈ। ਮ੍ਰਿਤਕ ਦੇ ਪਿਤਾ ਅਜੀਤ ਸਿੰਘ ਅਤੇ ਭਰਾ ਬਸੰਤ ਸਿੰਘ ਨੇ ਦੱਸਿਆ ਕਿ ਕੁਲਵੰਤ ਸਿੰਘ ਰੋਜ਼ੀ-ਰੋਟੀ ਦੀ ਖਾਤਰ ਖਾੜੀ ਦੇਸ਼ਾਂ ਵਿੱਚ ਰਹਿ ਰਿਹਾ ਸੀ। ਕੁਝ ਸਮਾਂ ਪਹਿਲਾਂ ਉਹ ਪਿੰਡ ਆਇਆ ਸੀ ਅਤੇ ਵਿਆਹ ਕਰਵਾਉਣ ਤੋਂ ਬਾਅਦ ਵਾਪਸ ਦੁਬਈ ਚਲਿਆ ਗਿਆ। ਭਰਾ ਬਸੰਤ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਕੁਲਵੰਤ ਆਪਣੇ ਕਮਰੇ ਤੋਂ ਬਾਹਰ ਗਿਆ ਸੀ, ਜਿਸ ਤੋਂ ਬਾਅਦ ਉਸ ਦੀ ਖ਼ੂਨ ਨਾਲ ਲੱਥਪੱਥ ਲਾਸ਼ ਬਰਾਮਦ ਹੋਈ। ਪੀੜਤ ਪਰਿਵਾਰ ਨੇ ਮ੍ਰਿਤਕ ਦੇਹ ਪੰਜਾਬ ਲਿਆਉਣ ਲਈ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨਾਲ ਸੰਪਰਕ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਭਾਰਤ ਦੇ ਵਿਦੇਸ਼ ਮੰਤਰਾਲੇ ਅਤੇ ਦੁਬਈ ਸਥਿਤ ਭਾਰਤੀ ਕੌਂਸਲੇਟ ਨਾਲ ਲਗਾਤਾਰ ਰਾਬਤਾ ਬਣਾਇਆ ਜਾ ਰਿਹਾ ਹੈ ਤਾਂ ਜੋ ਜਲਦੀ ਤੋਂ ਜਲਦੀ ਕੁਲਵੰਤ ਸਿੰਘ ਦੀ ਮ੍ਰਿਤਕ ਦੇਹ ਵਾਰਸਾਂ ਦੇ ਹਵਾਲੇ ਕੀਤੀ ਜਾ ਸਕੇ।

## ਦੋਸਤ ਤੇ ਪਿਓ ਨਾਲ ਮਿਲ ਕੇ ਕੰਪਨੀ ਨੂੰ ਲਾਇਆ ਲੱਖਾਂ ਦਾ ਰਗੜਾ, ਫ਼ਰਾਰ ਮੁਲਜ਼ਮ ਦੀ ਤਲਾਸ਼ 'ਚ ਛਾਪੇਮਾਰੀ ਜਾਰੀ

ਲੁਧਿਆਣਾ 31 ਅਗਸਤ। ਇੱਕ ਨੌਜਵਾਨ ਨੇ ਆਪਣੇ ਦੋਸਤ ਅਤੇ ਪਿਤਾ ਨਾਲ ਮਿਲ ਕੇ ਇਕ ਕੰਪਨੀ ਦੇ ਮਾਲਕ ਨਾਲ ਲੱਖਾਂ ਰੁਪਏ ਦੀ ਠੱਗੀ ਮਾਰੀ ਅਤੇ ਬਾਅਦ ਵਿਚ ਫਰਾਰ ਹੋ ਗਿਆ। ਜਦੋਂ ਮਾਲਕਾਂ ਨੇ ਕੰਪਨੀ ਦੇ ਖਾਤਿਆਂ ਦਾ ਮੇਲ ਕੀਤਾ, ਤਾਂ ਉਨ੍ਹਾਂ ਨੂੰ ਧੋਖਾਧੜੀ ਦਾ ਪਤਾ ਲੱਗਿਆ ਅਤੇ ਪੁਲਸ ਕਮਿਸ਼ਨਰ ਕੋਲ ਸ਼ਿਕਾਇਤ ਦਰਜ ਕਰਵਾਈ। ਜਾਂਚ ਤੋਂ ਬਾਅਦ ਸੀਨੀਅਰ ਪੁਲਸ ਅਧਿਕਾਰੀਆਂ ਨੇ ਮਾਮਲਾ ਦਰਜ ਕੀਤਾ ਹੈ। ਹੈਬੋਵਾਲ ਕਲਾਂ ਦੇ ਨਸੀਬ ਐਨਕਲੇਵ ਦੇ ਨਿਵਾਸੀ ਪ੍ਰਵੀਨ ਗੁਪਤਾ ਦੇ ਬਿਆਨ ਦੇ ਆਧਾਰ 'ਤੇ ਪੁਲਸ ਨੇ ਅਰਵਿੰਦਰ ਕੁਮਾਰ, ਉਸ ਦੇ ਪਿਤਾ ਅਸ਼ੋਕ ਕੁਮਾਰ ਅਤੇ ਉਸ ਦੇ ਦੋਸਤ ਫਰਿਆਦ ਸਿੰਘ ਵਿਰੁੱਧ ਧੋਖਾਧੜੀ ਦੋਸ਼ਾਂ ਵਿਚ ਕੇਸ ਦਰਜ ਕੀਤਾ ਹੈ। ਆਪਣੀ ਸ਼ਿਕਾਇਤ ਵਿਚ ਪ੍ਰਵੀਨ ਗੁਪਤਾ ਨੇ ਦੱਸਿਆ ਕਿ ਮੁਲਜ਼ਮ ਅਰਵਿੰਦਰ ਕੁਮਾਰ ਉਸ ਲਈ ਕੰਮ ਕਰਦਾ ਸੀ ਅਤੇ ਬਾਜ਼ਾਰ ਤੋਂ ਪੇਮੈਂਟ ਇਕੱਠਾ ਕਰ ਕੇ ਉਸਨੂੰ ਜਮ?ਹਾ ਕਰਵਾਉਂਦਾ ਸੀ। ਉਸ ਦੇ ਪਿਤਾ ਅਸ਼ੋਕ ਕੁਮਾਰ ਅਤੇ ਉਸ ਦਾ ਦੋਸਤ ਵੀ ਬਾਜ਼ਾਰ ਤੋਂ ਪੇਮੈਂਟ ਇਕੱਠਾ ਕਰ ਕੇ ਅਸ਼ੋਕ ਨੂੰ ਦਿੰਦੇ ਸਨ। ਹਾਲਾਂਕਿ, ਉਨ੍ਹਾਂ ਨੂੰ ਲੰਬੇ ਸਮੇਂ ਤੋਂ ਭੁਗਤਾਨ ਨਹੀਂ ਮਿਲਿਆ ਸੀ ਅਤੇ ਇਸ ਸਮੇਂ ਦੌਰਾਨ ਅਸ਼ੋਕ ਨੇ ਕੰਮ 'ਤੇ ਆਉਣਾ ਬੰਦ ਕਰ ਦਿੱਤਾ। ਇਸ ਬਾਰੇ ਪਤਾ ਲੱਗਣ 'ਤੇ ਉਨ੍ਹਾਂ ਨੇ ਆਪਣੇ ਖਾਤਿਆਂ ਦੀ ਜਾਂਚ ਕੀਤੀ ਅਤੇ ਪਤਾ ਲੱਗਾ ਕਿ ਮੁਲਜ਼ਮ ਨੇ 21 ਲੱਖ 59 ਹਜ਼ਾਰ ਦਾ ਗਬਨ ਕੀਤਾ ਹੈ। ਸਬ-ਇੰਸਪੈਕਟਰ ਬਲਦੇਵ ਸਿੰਘ ਨੇ ਦੱਸਿਆ ਕਿ ਮਾਮਲੇ ਨੂੰ ਲੈ ਕੇ ਕਾਰਵਾਈ ਕੀਤੀ ਜਾ ਰਹੀ ਹੈ।

# ਭਾਰਤੀ ਕਿਸਾਨ ਯੂਨੀਅਨ ਦੇ ਵਿਰੋਧ ਕਾਰਨ ਵਾਪਸ ਮੁੜੀ ਵਕ.ਫ ਬੋਰਡ ਦੀ ਜ਼ਮੀਨ ਦਾ ਕਬਜ਼ਾ ਲੈਣ ਆਈ ਟੀਮ

**ਕੌਮੀ ਪਤ੍ਰਿਕਾ**

ਮਹਿਲ ਕਲਾਂ 31 ਅਗਸਤ। ਪਿੰਡ ਧਨੇਰ ਵਿਖੇ ਪੰਜਾਬ ਵਕਫ਼ ਬੋਰਡ ਦੀ ਜ਼ਮੀਨ ਦਾ ਵਰੰਟ ਕਬਜ਼ਾ ਕਰਨ ਲਈ ਪੁੱਜੀ ਪ੍ਰਸ਼ਾਸਨਿਕ ਟੀਮ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਅਤੇ ਕਿਸਾਨਾਂ ਦੇ ਤਿੱਖੇ ਵਿਰੋਧ ਕਾਰਨ ਬਿਨਾਂ ਕਾਰਵਾਈ ਕੀਤੇ ਹੀ ਵਾਪਸ ਮੁੜਨਾ ਪਿਆ। ਜਾਣਕਾਰੀ ਅਨੁਸਾਰ ਵਕਫ਼ ਬੋਰਡ ਮਾਲੇਰਕੋਟਲਾ ਦੇ ਈ.ਓ. ਮੋਹਸਿਨ ਅਲੀ ਦੀ ਅਗਵਾਈ ਹੇਠ ਟੀਮ, ਜਿਸ ਵਿਚ ਐਡਵੋਕੇਟ ਮੁਹੰਮਦ ਹਾਰਿਸ, ਆਰ.ਸੀ. ਨਿਗਮਾ ਮਾਲੇਰਕੋਟਲਾ, ਆਰ.ਸੀ. ਮੁਹੰਮਦ ਆਰਿਫ ਅਤੇ ਰਿਵੈਨਿਊ ਅਫਸਰ ਹਰਵਿੰਦਰ ਸਿੰਘ ਸ਼ਾਮਲ ਸਨ, ਅਦਾਲਤੀ ਹੁਕਮਾਂ ਤਹਿਤ ਜ਼ਮੀਨ ਦਾ ਕਬਜ਼ਾ ਲੈਣ ਲਈ ਮੌਕੇ 'ਤੇ ਪੁੱਜੀ ਸੀ। ਮਾਲ ਵਿਭਾਗ ਵੱਲੋਂ ਕਾਨਗੋ ਰਾਜਵਿੰਦਰ ਸਿੰਘ ਅਤੇ ਪਟਵਾਰੀ ਮਹਿੰਦਰ ਸਿੰਘ ਵੀ ਮੌਕੇ 'ਤੇ ਹਾਜ਼ਰ ਰਹੇ। ਜਿਵੇਂ ਹੀ ਕਬਜ਼ਾ ਵਰੰਟ ਦੀ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਨੂੰ ਮਿਲੀ ਤਾਂ ਬਲਾਕ ਮਹਿਲ ਕਲਾਂ ਦੇ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਿਸਾਨ ਮੌਕੇ 'ਤੇ ਇਕੱਠੇ ਹੋ ਗਏ ਅਤੇ ਨਾਰੇਬਾਜ਼ੀ ਕਰਦਿਆਂ ਕਾਰਵਾਈ ਦਾ ਤਿੱਖਾ ਵਿਰੋਧ ਕੀਤਾ। ਇਸ ਮੌਕੇ ਸੂਬਾ ਖਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ, ਜ਼ਿਲ੍ਹਾ ਜਰਨਲ ਸਕੱਤਰ ਜਗਰਾਜ ਸਿੰਘ ਹਰਦਾਸਪੁਰਾ, ਸਤਨਾਮ ਸਿੰਘ ਮੂੰਮ, ਸਤਪਾਲ ਸਿੰਘ ਸੋਹੀ, ਜੱਗਾ ਸਿੰਘ ਮਹਿਲ ਕਲਾਂ, ਜੱਸਾ ਸਿੰਘ ਗਹਿਲ ਅਤੇ ਭਿੰਦਰ ਸਿੰਘ ਮੂੰਮ ਸਮੇਤ ਹੋਰ ਆਗੂ ਵੀ ਹਾਜ਼ਰ ਸਨ। ਕਿਸਾਨ ਆਗੂਆਂ ਨੇ ਕਿਹਾ ਕਿ ਜਥੇਬੰਦੀ ਦੇ ਸੂਬਾਈ ਫੈਸਲੇ ਅਨੁਸਾਰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਜ਼ਮੀਨਾਂ ਦੀਆਂ ਕੁਰਕੀਆਂ ਤੇ ਨਿਲਾਮੀਆਂ ਕਿਸੇ ਵੀ ਹਾਲਤ ਵਿੱਚ ਨਹੀਂ ਹੋਣ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਜਾਂ ਪ੍ਰਸ਼ਾਸਨ ਵੱਲੋਂ ਕਿਸਾਨਾਂ ਖ਼?ਲਾਫ਼ ਜਬਰਦਸਤੀ ਕਾਰਵਾਈ ਕੀਤੀ ਗਈ ਤਾਂ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਕਿਸਾਨ ਨਛੱਤਰ ਸਿੰਘ, ਗੁਰਮੇਲ ਸਿੰਘ ਅਤੇ ਅਵਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇਹ ਜ਼ਮੀਨ 1971 ਵਿੱਚ ਠੇਕੇ 'ਤੇ ਲਈ ਸੀ ਅਤੇ ਕਈ ਸਾਲਾਂ ਤੱਕ ਠੇਕੇ ਦੀ ਰਕਮ ਭਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਗਰੀਬ ਕਿਸਾਨ ਹਨ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਗੁਜ਼ਾਰਾ ਇਸ ਜ਼ਮੀਨ 'ਤੇ ਹੀ ਨਿਰਭਰ ਕਰਦਾ ਹੈ। ਕੁਦਰਤੀ ਆਫ਼ਤਾਂ ਕਾਰਨ ਫਸਲਾਂ ਦੇ ਨੁਕਸਾਨ ਹੋਣ ਨਾਲ ਉਹ ਲੀਜ਼ ਦੀ ਰਕਮ ਅਦਾ ਕਰਨ ਵਿੱਚ ਅਸਮਰਥ ਰਹੇ, ਜਿਸ



ਕਾਰਨ ਵਕਫ਼ ਬੋਰਡ ਵੱਲੋਂ ਕਬਜ਼ਾ ਵਰੰਟ ਜਾਰੀ ਕਰਵਾ ਲਿਆ ਗਿਆ।ਵਿਰੋਧ ਦੇ ਮੱਦੇਨਜ਼ਰ ਮੌਕੇ 'ਤੇ ਕਬਜ਼ਾ ਕਾਰਵਾਈ ਨਹੀਂ ਹੋ ਸਕੀ। ਮਾਲ ਵਿਭਾਗ ਦੇ ਕਾਨਗੋ ਰਾਜਵਿੰਦਰ ਸਿੰਘ ਅਤੇ ਪਟਵਾਰੀ ਮਹਿੰਦਰ ਸਿੰਘ ਨੇ ਦੱਸਿਆ ਕਿ ਮੌਕੇ ਦੀ ਸਥਿਤੀ ਬਾਰੇ ਵਿਸਥਾਰਪੂਰਕ ਰਿਪੋਰਟ ਤਿਆਰ ਕਰਕੇ ਉੱਚ ਅਧਿਕਾਰੀਆਂ ਰਾਹੀਂ ਅਦਾਲਤ ਨੂੰ ਭੇਜੀ ਜਾਵੇਗੀ। ਇਸ ਮੌਕੇ ਪ੍ਰੀਤਮ ਸਿੰਘ ਮਹਿਲ ਕਲਾਂ, ਗੁਰਮੇਲ ਸਿੰਘ, ਚੰਦ ਸਿੰਘ ਕੁਰੜ, ਹਾਕਮ ਸਿੰਘ ਕੁਰੜ, ਜੱਗੀ ਸਿੰਘ ਕੁਰੜ, ਨਿਰਮਲ ਸਿੰਘ ਅਮਲਾ ਸਿੰਘ ਵਾਲਾ, ਬਲਦੇਵ ਸਿੰਘ ਸਹਿਜੜਾ, ਗੁਰਦਿਆਲ ਸਿੰਘ ਮੂੰਮ ਅਤੇ ਸੁਖਵਿੰਦਰ ਸਿੰਘ ਕਲਾਲਮਾਜਰਾ ਸਮੇਤ ਹੋਰ ਕਿਸਾਨ ਵੀ ਮੌਜੂਦ ਸਨ। ਇਸ ਸਬੰਧੀ ਵਕਫ਼ ਬੋਰਡ ਮਲੇਰਕੋਟਲਾ ਦੇ ਈ.ਓ. ਮੋਹਸਿਨ ਅਲੀ ਨੇ ਦੱਸਿਆ ਕਿ ਪਿੰਡ ਧਨੇਰ ਦੀ ਇਸ ਜ਼ਮੀਨ ਸਬੰਧੀ ਮਾਮਲਾ ਕਾਫ਼ੀ ਸਮੇਂ ਤੋਂ ਅਦਾਲਤ ਵਿਚ ਚੱਲ ਰਿਹਾ ਹੈ। ਉਨ੍ਹਾਂ ਮੁਤਾਬਕ ਇਹ ਜ਼ਮੀਨ 1977 ਤੋਂ ਪੰਜਾਬ ਵਕਫ਼ ਬੋਰਡ ਦੇ ਅਧੀਨ ਹੈ ਅਤੇ ਲੀਜ਼ ਦੀ ਰਕਮ ਅਦਾ ਨਾ ਕਰਨ ਕਾਰਨ 2006 ਵਿਚ ਕੇਸ ਦਰਜ ਕੀਤਾ ਗਿਆ ਸੀ। 2009 ਵਿੱਚ ਅਦਾਲਤ ਵੱਲੋਂ ਜ਼ਮੀਨ ਖਾਲੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ। ਬਾਅਦ ਵਿਚ ਇਸ ਫੈਸਲੇ ਖ਼?ਲਾਫ਼ ਅਪੀਲ ਕੀਤੀ ਗਈ ਅਤੇ ਮਾਮਲਾ ਉੱਚ ਅਦਾਲਤ ਤੱਕ ਪਹੁੰਚ ਗਿਆ, ਜਿੱਥੇ 2023 ਵਿੱਚ ਹਾਈਕੋਰਟ ਨੇ ਫੈਸਲਾ ਪੰਜਾਬ ਵਕਫ਼ ਬੋਰਡ ਦੇ ਹੱਕ ਵਿੱਚ ਸੁਣਾਇਆ। ਮੌਜੂਦਾ ਸਮੇਂ ਇਹ ਮਾਮਲਾ ਪਟਿਆਲਾ ਦੀ ਅਦਾਲਤ ਵਿਚ ਐਗਜ਼ਿਕਿਊਸ਼ਨ ਸਟੇਜ 'ਤੇ ਹੈ ਅਤੇ ਏ.ਡੀ.ਜੇ. ਐੱਚ.ਕੇ. ਸਿੱਧੂ ਦੀ ਅਦਾਲਤ ਵੱਲੋਂ ਜਾਰੀ ਵਾਰੰਟ ਆਫ਼ ਪਜ਼ੈਸ਼ਨ ਦੇ ਤਹਿਤ ਜ਼ਮੀਨ ਦਾ ਕਬਜ਼ਾ ਬੋਰਡ ਨੂੰ ਦਿਵਾਉਣ ਦੀ ਕਾਰਵਾਈ ਕੀਤੀ ਜਾ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਫਰਜ਼ੀ ਕਾਲ ਤੇ ਝੂਠੀ ਗ੍ਰਿਫ਼ਤਾਰੀ ਦੀ ਕਹਾਣੀ ਘੜ ਕੇ ਲਾਇਆ 18.20 ਲੱਖ ਦਾ ਚੂਨਾ, ਕੇਸ ਦਰਜ

ਕੌਮੀ ਪਤ੍ਰਿਕਾ

ਸ੍ਰੀ ਮੁਕਤਸਰ ਸਾਹਿਬ 31 ਅਗਸਤ। ਸਾਈਬਰ ਅਪਰਾਧਾਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸਾਈਬਰ ਕ੍ਰਾਈਮ ਮੁਕਤਸਰ ਦੀ ਪੁਲਿਸ ਨੇ ਰਿਸ਼ਤੇਦਾਰ ਬਣ ਕੇ 18.20 ਲੱਖ ਰੁਪਏ ਦੀ ਧੋਖਾਧੜੀ ਕਰਨ ਵਾਲੇ ਅਣਪਛਾਤੇ ਸ਼ਾਤਰ ਠੱਗਾਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਸਿਕੰਦਰ ਸਿੰਘ ਵਾਸੀ ਪਿੰਡ ਗੁੜ੍ਹੀ ਸੰਘਰ ਨੇ ਪੁਲਿਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ 10 ਅਗਸਤ ਨੂੰ ਉਸਦੀ ਪਤਨੀ ਸੁਖਵਿੰਦਰ ਕੌਰ ਦੇ ਮੋਬਾਈਲ 'ਤੇ ਇੱਕ ਵਿਦੇਸ਼ੀ ਨੰਬਰ ( 447481604289) ਤੋਂ ਫੋਨ ਆਇਆ। ਫੋਨ ਕਰਨ ਵਾਲੇ ਨੇ ਖੁਦ ਨੂੰ ਸ਼ਿਕਾਇਤਕਰਤਾ ਦੇ ਸਾਲੇ ਦਾ ਪੁੱਤਰ ਗੁਰਪਿਆਰ ਸਿੰਘ ਪੁੱਤਰ ਹਰਵਿੰਦਰ ਸਿੰਘ ਦੱਸਿਆ। ਉਸਨੇ ਕਿਹਾ ਕਿ ਉਹ 17 ਅਗਸਤ ਨੂੰ ਪੰਜਾਬ ਆ ਰਿਹਾ ਹੈ ਅਤੇ ਉਨ੍ਹਾਂ ਦੇ ਖਾਤੇ 'ਚ 8 ਲੱਖ ਰੁਪਏ ਭੇਜ ਰਿਹਾ ਹੈ, ਪਰ ਇਸ ਗੱਲ ਦੀ ਜਾਣਕਾਰੀ ਉਸਦੇ ਪਿਤਾ ਨੂੰ ਨਾ ਦਿੱਤੀ ਜਾਵੇ। ਇਸਤੋਂ ਬਾਅਦ ਅਣਪਛਾਤੇ ਠੱਗ ਨੇ ਪੀੜਤ ਦੇ ਮੋਬਾਈਲ 'ਤੇ 8,45,180 ਰੁਪਏ ਦਾ ਇੱਕ ਫਰਜ਼ੀ ਮੈਸੇਜ ਭੇਜਿਆ। ਅਗਲੇ ਦਿਨ 11 ਅਗਸਤ ਨੂੰ ਦੁਬਾਰਾ ਫੋਨ ਆਇਆ, ਜਿਸ 'ਚ ਕਿਸੇ ਹੋਰ ਵਿਅਕਤੀ ਨੇ ਗੱਲ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਭਤੀਜੇ ਗੁਰਪਿਆਰ ਸਿੰਘ ਨੂੰ ਪੁਲਿਸ ਨੇ ਕੇਸ 'ਚ ਗ੍ਰਿਫ਼ਤਾਰ ਕਰ ਲਿਆ ਹੈ। ਉਸਨੂੰ ਛੁਡਾਉਣ ਅਤੇ ਕਾਨੂੰਨੀ ਕਾਰਵਾਈ ਦੇ ਨਾਂ 'ਤੇ ਪੈਸਿਆਂ ਦੀ ਮੰਗ ਕੀਤੀ ਗਈ। ਠੱਗਾਂ ਨੇ 11 ਤੋਂ 31 ਅਗਸਤ ਦੌਰਾਨ ਵੱਖ-ਵੱਖ ਖਾਤਿਆਂ 'ਚ ਪੈਸੇ ਟਰਾਂਸਫਰ ਕਰਵਾ ਕੇ ਕੁੱਲ 18 ਲੱਖ 20 ਹਜ਼ਾਰ ਰੁਪਏ ਦੀ ਠੱਗੀ ਮਾਰ ਲਈ। ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਅਣਪਛਾਤੇ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸੂਚਨਾ ਮਿਲਦੇ ਹੀ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਏ.ਐਸ.ਆਈ ਦਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਨੇ ਨਾਕਾਬੰਦੀ ਕਰਕੇ ਆਲਟੋ ਕੇ ਰੋਡ ਸਥਿਤ ਗੰਦੇ ਨਾਲੇ ਕੋਲ ਇੱਕ ਵਿਅਕਤੀ ਨੂੰ ਕਾਬੂ ਕੀਤਾ, ਜਿਸ ਦੇ ਕਬਜ਼ੇ 'ਚੋਂ 1 ਕਿਲੋ 200 ਗ੍ਰਾਮ ਗਾਂਜਾ ਬਰਾਮਦ ਕਰਕੇ ਐਨਡੀਪੀਐਸ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।




## ਡੇਰਾਬੱਸੀ 'ਚ 18 ਸਾਲਾ ਨੌਜਵਾਨ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ

ਡੇਰਾਬੱਸੀ 31 ਅਗਸਤ। ਡੇਰਾਬੱਸੀ 'ਚ ਐੱਸ. ਐੱਸ. ਜੈਨ ਸੀਨੀਅਰ ਸੈਕੰਡਰੀ ਸਕੂਲ ਦੇ ਨੇੜੇ ਪੰਜਾਬ ਫੈਸ਼ਨ ਰੈਡੀਮੇਡ ਸ਼ਾਪ 'ਤੇ ਕੰਮ ਕਰਨ ਵਾਲੇ 18 ਸਾਲਾ ਨੌਜਵਾਨ ਆਦਿਲ ਖਾਨ ਪੁੱਤਰ ਸਲੀਮ ਖਾਨ 'ਤੇ ਬੁੱਧਵਾਰ ਰਾਤ ਕਰੀਬ 8:30 ਵਜੇ ਅੱਧੀ ਦਰਜਨ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲੇ 'ਚ ਆਦਿਲ ਦੇ ਦੋਵੇਂ ਹੱਥਾਂ ਅਤੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਉਸਦੇ ਦੋਵੇਂ ਹੱਥਾਂ ਦੀਆਂ ਉਂਗਲਾਂ ਵੀ ਕੱਟ ਗਈਆਂ। ਗੰਭੀਰ ਹਾਲਤ ਦੇ ਚੱਲਦਿਆਂ ਉਸਨੂੰ ਪਹਿਲਾਂ ਡੇਰਾਬੱਸੀ ਅਤੇ ਫਿਰ ਸੈਕਟਰ-32 ਹਸਪਤਾਲ ਤੋਂ ਪੀ. ਜੀ. ਆਈ. ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਆਦਿਲ ਐੱਸ. ਐੱਸ. ਜੈਨ ਸੀਨੀਅਰ ਸੈਕੰਡਰੀ ਸਕੂਲ ਦੇ ਨੇੜੇ ਸਥਿਤ ਪੰਜਾਬ ਫੈਸ਼ਨ ਰੈਡੀਮੇਡ ਸ਼ਾਪ 'ਤੇ ਕੰਮ ਕਰਦਾ ਹੈ। ਬੁੱਧਵਾਰ ਰਾਤ ਕਰੀਬ 8:30 ਵਜੇ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਆਏ ਕਰੀਬ ਅੱਧੀ ਦਰਜਨ ਨੌਜਵਾਨਾਂ ਨੇ ਉਸ 'ਤੇ ਅਚਾਨਕ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲਾਵਰਾਂ ਨੇ ਉਸਦੇ ਸਿਰ ਅਤੇ ਦੋਵੇਂ ਹੱਥਾਂ 'ਤੇ ਕਈ ਵਾਰ ਕੀਤੇ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਕੇ ਸੜਕ 'ਤੇ ਡਿੱਗ ਪਿਆ। ਹਮਲੇ ਤੋਂ ਬਾਅਦ ਆਸ-ਪਾਸ ਦੇ ਦੁਕਾਨਦਾਰਾਂ ਨੇ ਜ਼ਖਮੀ ਆਦਿਲ ਨੂੰ ਤੁਰੰਤ ਡੇਰਾਬੱਸੀ ਦੇ ਸਰਕਾਰੀ ਹਸਪਤਾਲ ਪਹੁੰਚਾਇਆ। ਆਦਿਲ ਦੇ ਚਾਚਾ ਆਮਿਰ ਖਾਨ ਨੇ ਦੱਸਿਆ ਕਿ ਹਮਲੇ 'ਚ ਉਸਦੇ ਦੋਵੇਂ ਹੱਥਾਂ ਦੀਆਂ ਉਂਗਲਾਂ ਕੱਟ ਗਈਆਂ ਅਤੇ ਸਿਰ 'ਤੇ ਵੀ ਗੰਭੀਰ ਸੱਟ ਲੱਗੀ ਹੈ। ਡਾਕਟਰਾਂ ਨੇ ਉਸਦੀ ਹਾਲਤ ਨੂੰ ਦੇਖਦਿਆਂ ਉਸਨੂੰ ਸੈਕਟਰ-32 ਹਸਪਤਾਲ ਰੈਫ਼ਰ ਕਰ ਦਿੱਤਾ। ਪਰਿਵਾਰਕ ਮੈਂਬਰਾਂ ਮੁਤਾਬਕ ਸੈਕਟਰ-32 ਹਸਪਤਾਲ 'ਚ ਵੀ ਡਾਕਟਰਾਂ ਨੇ ਆਦਿਲ ਦੀ ਹਾਲਤ ਗੰਭੀਰ ਦੱਸੀ ਅਤੇ ਬਿਹਤਰ ਇਲਾਜ ਲਈ ਉਸਨੂੰ ਪੀ. ਜੀ. ਆਈ. ਚੰਡੀਗੜ੍ਹ ਰੈਫ਼ਰ ਕਰ ਦਿੱਤਾ। ਫਿਲਹਾਲ ਉਸਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਆਸ-ਪਾਸ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ, ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਪੁਲਸ ਮੋਟਰਸਾਈਕਲ ਸਵਾਰ ਨੌਜਵਾਨਾਂ ਦੀ ਭਾਲ 'ਚ ਜੁੱਟੀ ਹੋਈ ਹੈ। ਹਮਲਾ ਕਿਸ ਕਾਰਨ ਕੀਤਾ ਗਿਆ ਅਤੇ ਹਮਲਾਵਰਾਂ ਦੀ ਪਛਾਣ ਕੀ ਹੈ, ਇਸ ਬਾਰੇ ਅਜੇ ਕੋਈ ਖ਼ੁਲਾਸਾ ਨਹੀਂ ਹੋਇਆ ਹੈ।

## 73 ਘੰਟਿਆਂ ਤੋਂ ਹਾਈ-ਵੋਲਟੇਜ ਬਿਜਲੀ ਟਾਵਰ 'ਤੇ ਡਟੇ ਬਜ਼ੁਰਗ

ਪਠਾਨਕੋਟ 31 ਅਗਸਤ। ਪਠਾਨਕੋਟ ਜ਼ਿਲ੍ਹੇ ਦੇ ਸ਼ਾਹਪੁਰਕੰਡੀ ਇਲਾਕੇ ਵਿੱਚ 200 ਫੁੱਟ ਉੱਚੇ ਟਾਵਰ 'ਤੇ ਚੜ੍ਹ ਕੇ ਦੋ ਬਜ਼ੁਰਗਾਂ ਵੱਲੋਂ ਕੀਤਾ ਜਾ ਰਿਹਾ ਵਿਰੋਧ ਪ੍ਰਦਰਸ਼ਨ ਲਗਾਤਾਰ 73 ਘੰਟਿਆਂ ਬਾਅਦ ਵੀ ਜਾਰੀ ਹੈ। ਤਿੱਖੀ ਧੁੱਪ ਅਤੇ ਗਰਮੀ ਦੇ ਬਾਵਜੂਦ ਦੋਵੇਂ ਬਜ਼ੁਰਗ ਟਾਵਰ ਤੋਂ ਹੇਠਾਂ ਉਤਰਨ ਲਈ ਤਿਆਰ ਨਹੀਂ ਹਨ, ਜਿਸ ਕਾਰਨ ਉਨ੍ਹਾਂ ਦੀ ਸਿਹਤ ਨੂੰ ਲੈ ਕੇ ਚਿੰਤਾ ਵੱਧਦੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਇਹ ਮਾਮਲਾ ਕਰੀਬ 79 ਪਰਿਵਾਰਾਂ ਨਾਲ ਜੁੜਿਆ ਹੋਇਆ ਹੈ, ਜੋ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਵੱਲ ਪ੍ਰਸ਼ਾਸਨ ਵੱਲੋਂ ਬਣਦਾ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਉਨ੍ਹਾਂ ਨੂੰ ਇਹ ਸਖ਼ਤ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ। ਟਾਵਰ 'ਤੇ ਲਗਾਤਾਰ ਕਈ ਘੰਟਿਆਂ ਤੋਂ ਬੈਠੇ ਬਜ਼ੁਰਗਾਂ ਦੀ ਸਿਹਤ ਲਗਾਤਾਰ ਵਿਗੜ ਰਹੀ ਦੱਸੀ ਜਾ ਰਹੀ ਹੈ। ਤਿੱਖੀ ਧੁੱਪ ਕਾਰਨ ਉਨ੍ਹਾਂ ਨੂੰ ਬੇਚੈਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੌਕੇ 'ਤੇ ਪ੍ਰਸ਼ਾਸਨ ਅਤੇ ਹੋਰ ਸਬੰਧਤ ਟੀਮਾਂ ਵੱਲੋਂ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ ਅਤੇ ਬਜ਼ੁਰਗਾਂ ਨੂੰ ਹੇਠਾਂ ਉਤਾਰਨ ਲਈ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਜਾਣਕਾਰੀ ਅਨੁਸਾਰ ਸੰਘਰਸ਼ ਕਮੇਟੀ ਦੇ ਮੈਂਬਰ 81 ਸਾਲਾ ਕੁਲਵਿੰਦਰ ਸਿੰਘ ਅਤੇ 85 ਸਾਲਾ ਸ਼ਰਮ ਸਿੰਘ ਨੇ ਇਹ ਕਦਮ ਚੁੱਕਿਆ ਹੈ। ਇਸ ਘਟਨਾ ਨੇ ਪ੍ਰਸ਼ਾਸਨ ਸਾਹਮਣੇ ਜਿੱਥੇ ਸੁਰੱਖਿਆ ਦੀ ਵੱਡੀ ਚੁਣੌਤੀ ਖੜ੍ਹੀ ਕੀਤੀ ਹੈ, ਉੱਥੇ ਹੀ ਡੈਮ ਬੈਰਾਜ ਔਸਤੀ ਸੰਘਰਸ਼ ਕਮੇਟੀ ਦੀਆਂ ਮੰਗਾਂ ਨੂੰ ਲੈ ਕੇ ਵੀ ਮੁੜ ਚਰਚਾ ਛੇੜ ਦਿੱਤੀ ਹੈ। ਉੱਥੇ ਹੀ ਪਰਿਵਾਰਾਂ ਅਤੇ ਇਲਾਕਾ ਵਾਸੀਆਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਪ੍ਰਸ਼ਾਸਨ ਵੱਲੋਂ ਮਾਮਲੇ ਦਾ ਤੁਰੰਤ ਹੱਲ ਕੱਢਿਆ ਜਾਵੇ, ਤਾਂ ਜੋ ਬਜ਼ੁਰਗਾਂ ਦੀ ਜਾਨ ਨੂੰ ਖਤਰੇ ਵਿੱਚ ਪਾਉਣ ਵਾਲਾ ਇਹ ਵਿਰੋਧ ਖਤਮ ਹੋ ਸਕੇ। ਫਿਲਹਾਲ ਦੋਵੇਂ ਬਜ਼ੁਰਗ 200 ਫੁੱਟ ਉੱਚੇ ਟਾਵਰ 'ਤੇ ਡਟੇ ਹੋਏ ਹਨ ਅਤੇ ਸਾਰਿਆਂ ਦੀਆਂ ਨਜ਼ਰਾਂ ਪ੍ਰਸ਼ਾਸਨ ਵੱਲੋਂ ਕੀਤੀ ਜਾਣ ਵਾਲੀ ਅਗਲੀ ਕਾਰਵਾਈ 'ਤੇ ਟਿਕੀਆਂ ਹਨ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'



– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ?

**ਆਸਟਰੀਆ:**

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਸ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ




ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।

ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।


**ਆਬਾਦੀ:** ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

**ਵਿਆਨਾ:** ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਵਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ।

ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।



ਕਥਾ ਪ੍ਰਵਾਹ

# ਤਿੰਨ ਬਹਾਦਰ ਯੋਧੇ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ।

ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ



### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ

### ਵਿਧੀ

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਪਾਓ ਅਤੇ ਉਸ 'ਚ ਨਮਕ ਅਤੇ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

• ਜੱਗਾ ਸਿੰਘ ਆਦਮਕੇ

# ਕੁਝ ਕਹਿੰਦੀ ਐ ਤਸਵੀਰ...



*ਤੁਹਾਡੇ ਆਲੇ-ਦੁਆਲੇ ਬਹੁਤ ਕੁਝ ਅਜਿਹਾ ਹੈ, ਜਿਹੜਾ ਤੁਹਾਡੇ ਅੰਦਰ ਦੇ ਕਲਾਕਾਰ ਨੂੰ ਹਲੂਣਾ ਦਿੰਦਾ ਹੈ। ਉਸ ਨੂੰ ਕਲਾਤਮਕ ਨਜ਼ਰੀਏ ਤੋਂ ਦੇਖਣ ਅਤੇ ਉਸਨੂੰ ਕੈਮਰੇ ਦੀ ਅੱਖ 'ਚੋਂ ਲੰਘਾਉਣ ਦੀ ਕਲਾ ਦਾ ਨਾਂ ਹੀ ਹੈ ਫੋਟੋਗ੍ਰਾਫੀ। ਤੁਸੀਂ ਵੀ ਆਪਣੇ ਸੁਹਜ-ਸਵਾਦ ਦਾ ਨਮੂਨਾ **ਕੌਮੀ ਪੱਤ੍ਰਿਕਾ** ਦੇ ਪਾਠਕਾਂ ਨਾਲ ਸਾਂਝਾ ਕਰਨ ਲਈ ਆਪਣੀ ਖਿੱਚੀ ਬਿਹਤਰੀਨ ਤਸਵੀਰ ਸਾਨੂੰ ਜਲਦੀ ਆਪਣੇ ਪੂਰੇ ਸਿਰਨਾਵੇਂ ਸਮੇਤ ਭੇਜੋ।*

# ਟਾਈਮ ਪਾਸ ਦੇ ਘਰੇਲੂ ਨੁਸਖ਼ੇ

• ਡਾ. ਅਨਿਲ ਕੁਮਾਰ ਬੱਗਾ

ਅੱਜ ਦੀ ਭੱਜ ਦੌੜ ਵਾਲੀ ਜ਼ਿੰਦਗੀ ਵਿਚ ਹਾਲੇ ਵੀ ਕੁਝ ਮਹਾਨ ਹਸਤੀਆਂ ਹਨ ਜਿਨ੍ਹਾਂ ਦਾ ਟਾਈਮ ਪਾਸ ਨਹੀਂ ਹੋ ਰਿਹਾ ਹੈ। ਅਜਿਹੇ ਵਿਹਲੜ ਟਾਈਮ ਪਾਸ ਕਰਨ ਲਈ ਬਚਪਨ ਵਾਲਿਆਂ ਖੇਡਾਂ ਖੇਡਣ ਤੋਂ ਬਾਜ ਨਹੀਂ ਆਉਂਦੇ। ਇਨ੍ਹਾਂ ਜੁਗਾੜੀਆਂ ਨੇ ਤਾਂ ਮੂੰਗਫਲੀ ਦਾ ਨਾਂ ਵੀ ਟਾਈਮਪਾਸ ਹੀ ਰੱਖਿਆ ਹੋਇਆ ਹੈ। ਇਨ੍ਹਾਂ ਕੋਲ ਕੰਮ ਤੋਂ ਬਚਣ ਦੇ ਬਹਾਨੇ ਬਹੁਤ ਹਨ। ਇਹ ਸਮਾਂ ਟਪਾਉਣ ਲਈ ਵਾਰ-ਵਾਰ ਘੜੀ ਦੇਖਦੇ ਹੋਏ ਕਈਆਂ ਵੱਟਦੇ ਹੋਏ ਸੋਚਦੇ ਰਹਿੰਦੇ ਹਨ ਕਿ ਅੱਜ ਟਾਈਮ ਪਾਸ ਨਹੀਂ ਹੋ ਰਿਹਾ ਹੈ। ਇਹ ਆਪਣੀ ਯੋਗਤਾ ਵਿਚ ਮੀਨ ਮੇਖ ਨਾ ਕੱਢਦੇ ਹੋਏ ਸਰਕਾਰਾਂ ਨੂੰ ਕੋਸਦੇ ਰਹਿੰਦੇ ਹਨ।

ਇਹ ਕਹਾਵਤ ਸ਼ਾਇਦ ਵਿਹਲੜਾਂ ਵਾਸਤੇ ਬਣਾਈ ਗਈ ਲੱਗਦੀ ਹੈ ਕਿ ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ। ਇਹ ਪੈਸਾ ਕਮਾਉਣ ਦੇ ਚੱਕਰ ਵਿਚ ਸੱਟੇ ਵਰਗੀਆਂ ਸ਼ੈਤਾਨੀਆਂ ਵੀ ਕਰਦੇ ਹਨ। ਇਨ੍ਹਾਂ ਦਾ ਸੋਸ਼ਲ ਮੀਡੀਆ ਨਾਲ ਕੋਈ ਵਾਸਤਾ ਨਹੀਂ ਹੁੰਦਾ ਸਗੋਂ ਇਹ ਤਾਂ ਦੋ ਰੁਪਏ ਦੇ ਅਖ਼ਬਾਰ ਪਿੱਛੇ ਹਾਕਰਾਂ ਨਾਲ ਛਿੱਤਰ ਛਿੱਤਰੀ ਹੁੰਦੇ ਅੱਖੀਂ ਦੇਖੇ ਜਾ ਸਕਦੇ ਹਨ। ਇਹ ਖ਼ਬਰ ਵੀ ਪੱਕੀ ਹੈ ਕਿ ਮੰਗ ਕੇ ਅਖ਼ਬਾਰ ਪੜ੍ਹਨਾ ਇਨ੍ਹਾਂ ਨੂੰ ਸ਼ਹਿਦ ਤੋਂ ਵੀ ਮਿੱਠਾ ਲਗਦਾ ਹੈ। ਫਿਰ ਵੀ ਧੰਨ ਹਨ ਇਨ੍ਹਾਂ ਦੇ ਜਿਗਰੇ ਜੋ ਇਸ ਮਹਿੰਗਾਈ ਦੇ ਦੌਰ ਵਿਚ ਕੰਮਚੋਰਾਂ ਵਰਗਾ ਜੀਵਨ ਬਤੀਤ ਕਰਦੇ ਹੋਏ ਹਮੇਸ਼ਾ ਚਿਹਰੇ 'ਤੇ ਮੁਸਕਾਨ ਰੱਖਦੇ ਹਨ। ਇਹ ਸਦੀਆਂ ਤੋਂ ਇੱਕੋ ਕਹਾਵਤ ਦੇ ਪਿੱਛੇ ਹੱਥ ਧੋ ਕੇ ਪਏ ਹਨ ਕਿ ਪਹਿਲਾਂ ਮੁਰਗੀ ਆਈ ਕਿ ਆਂਡਾ? ਜੇ ਇਹ ਸਵਾਲ ਕਿਸੇ ਸ਼ਰਾਬੀ ਨੂੰ ਪੁੱਛਿਆ ਜਾਵੇ ਤਾਂ ਉਹ ਹੱਸਦਾ ਹੋਇਆ ਕਹੇਗਾ ਕਿ ਪਹਿਲਾਂ ਬੋਤਲ ਆਈ ਫਿਰ ਮੁਰਗੀ ਤੇ ਫਿਰ ਆਂਡਾ ਤੇ ਫਿਰ ਆਇਆ ਮੈਂ।

ਜੇ ਤੁਸੀਂ ਓਹੀ ਮਹਾਪੁਰਸ਼ ਹੋ ਜਿਨ੍ਹਾਂ ਦਾ ਟਾਈਮ ਪਾਸ ਨਹੀਂ ਹੋ ਰਿਹਾ ਤਾਂ ਅਸੀਂ ਤੁਹਾਡੇ ਲਈ ਕਈ ਘਰੇਲੂ ਨੁਸਖ਼ੇ ਲੈ ਕੇ ਆਏ ਹਾਂ। ਇਹ ਇੰਨੇ ਕਾਰਗਰ ਹਨ ਕਿ ਜਿਨ੍ਹਾਂ ਸਾਹਮਣੇ ਦਾਦੀ ਮਾਂ ਦੇ ਨੁਸਖ਼ੇ ਵੀ ਬੌਣੇ ਨਜ਼ਰ ਆਉਂਦੇ ਹਨ। ਹੁਣ ਪਾਠਕ ਸੋਚ ਰਹੇ ਹੋਣਗੇ ਕਿ ਪਤਾ ਨਹੀਂ ਲੇਖਕ ਪਟਾਰੀ ਵਿੱਚੋਂ ਕਿਹੜਾ ਨੁਸਖ਼ਿਆਂ ਦਾ ਸੱਪ ਕੱਢਣ ਵਾਲਾ ਹੈ। ਜਿਸ ਨਾਲ ਜਲਦੀ ਹੀ ਟਾਈਮ ਪਾਸ ਹੋਣ ਵਾਲਾ ਹੈ। ਇਨ੍ਹਾਂ ਘਰੇਲੂ ਨੁਸਖ਼ਿਆਂ ਰਾਹੀਂ ਤੁਸੀਂ ਕਿਸੇ ਅਜਨਬੀ, ਡਾਕਟਰ, ਇੰਜੀਨੀਅਰ, ਸਰਕਾਰੀ ਅਫਸਰ, ਵਕੀਲ ਤੇ ਨੌਕਰੀ ਪੇਸ਼ੇ ਵਾਲੇ ਦਾ ਟਾਈਮ ਖ਼ਰਾਬ ਕਰ ਕੇ ਆਪਣਾ ਗੁਜ਼ਾਰਾ ਕਰ ਸਕਦੇ ਹੋ।

ਪਹਿਲਾ ਨੁਸਖ਼ਾ ਜੋ ਸੱਚ 'ਤੇ ਪਹਿਰਾ ਦੇਣ ਵਰਗਾ ਹੈ ਕਿਸੇ ਅਣਜਾਣ ਬੰਦੇ ਨੂੰ ਮਿਸ ਕਾਲ ਮਾਰ ਦਿਓ ਉਹ ਵਿਚਾਰਾ ਸਾਰਾ ਦਿਨ ਇਹ ਹੀ ਸੋਚਦਾ ਰਹਿੰਦਾ ਹੈ ਪਤਾ ਨਹੀਂ ਕਿਸ ਨੇ ਮਿਸ ਕਾਲ ਮਾਰੀ ਸੀ। ਆਖ਼ਰਕਾਰ ਸਾਰਾ ਦਿਨ ਕਾਲ ਆਉਣ ਦੀ ਉਡੀਕ ਤੋਂ ਬਾਅਦ ਉਹ ਸੋਸ਼ਲ ਮੀਡੀਆ 'ਤੇ ਸਟੇਟਸ ਪਾ ਦੇਵੇਗਾ ਕਿ ਉਸ ਨੂੰ ਅਣਜਾਣ ਨੰਬਰ ਤੋਂ 22 ਮਿਸ ਕਾਲਾਂ ਆਈਆਂ ਹਨ।

ਵੀਰੋ ਦੂਜਾ ਨੁਸਖ਼ਾ ਤਾਂ ਦੀਵਾਲੀ ਦੇ ਤਿਉਹਾਰ ਵਰਗਾ ਹੈ। ਰਾਤ ਬਰਾਤੇ ਕਿਸੇ ਘਰ ਦੀ ਡੋਰ ਬੈੱਲ ਵਜਾ ਕੇ ਭੱਜ ਜਾਓ ਤੇ ਨਾਲ ਹੀ ਭੋਲੇ ਬਣਨ ਦੀ ਕੋਸ਼ਿਸ਼ ਕਰੋ ਜਿਵੇਂ ਤੁਸੀਂ ਇਸ ਸ਼ਰਾਰਤ ਬਾਰੇ ਅਣਜਾਣ ਹੋ। ਅਜਿਹੀਆਂ ਮਸ਼ਕਰੀਆਂ ਨਾਲ ਤੁਹਾਡਾ ਟਾਈਮ ਪਾਸ ਹੋ ਜਾਵੇਗਾ ਪਰ ਪੀੜਤ ਗੁਆਂਢੀ ਸਾਰੀ ਰਾਤ ਉਸਲ ਵੱਟੇ ਲੈਂਦਾ ਰਹੇਗਾ ਸ਼ਾਇਦ ਇਹ ਸੋਚ ਕੇ ਪਤਾ ਨਹੀਂ ਡੋਰ ਬੈੱਲ ਕਿਸ ਨੇ ਮਾਰੀ ਸੀ। ਉਸ ਦੀ ਰਾਤ ਕਾਲੀ ਹੋਵੇਗੀ ਤੇ ਤੁਸੀਂ ਪਟਾਕਿਆਂ ਵਰਗਾ ਨਜ਼ਾਰਾ ਲੈਂਦੇ ਹੋਏ ਆਪਣਾ ਟਾਈਮ ਪਾਸ ਕਰ ਰਹੇ ਹੋਵੋਗੇ।

ਤੀਜਾ ਨੁਸਖ਼ਾ ਕਾਲੇ ਸੋਨੇ ਵਰਗਾ ਹੈ। ਕਿਸੇ ਅਣਜਾਣ ਵਿਅਕਤੀ ਨੂੰ ਸਲਿਊਟ ਮਾਰ ਦਿਓ ਉਹ ਸਾਰਾ ਦਿਨ ਘੁੰਮਣਘੇਰੀਆਂ ਵਿਚ ਪਿਆ ਹੋਇਆ ਸੋਚਦਾ ਰਹੇਗਾ ਕਿ ਇਸ ਆਦਮੀ ਨੂੰ ਕਿਤੇ ਵੇਖਿਆ ਲੱਗਦਾ ਹੈ। ਇਸ ਸੋਚ ਵਿਚਾਰ ਵਿਚ ਉਸ ਦਾ ਵੀ ਟਾਈਮ ਪਾਸ ਹੋ ਜਾਵੇਗਾ। ਇਹ ਵੀ ਦੱਸਣਾ ਜ਼ਿਕਰਯੋਗ ਹੈ ਕਿ ਟਾਈਮ ਪਾਸ ਦੀ ਯੂਨੀਅਨ ਨੇ ਸਰਬਸੰਮਤੀ ਨਾਲ ਇਹ ਮਤਾ ਪਾਸ ਕੀਤਾ ਹੈ ਕਿ ਗੱਡੀ ਆਉਣ ਤੋਂ ਪਹਿਲਾਂ ਫਾਟਕ ਖੁੱਲ੍ਹਣ ਦਾ ਇੰਤਜ਼ਾਰ ਕਮਜ਼ੋਰ ਲੋਕ ਕਰਦੇ ਹਨ ਪਰ ਅਲਸੀ ਸੁਭਾਅ ਦੇ ਮਾਲਕ ਇੰਤਜ਼ਾਰ ਕਰਨ ਦੀ ਬਜਾਏ ਮੋਟਰ ਸਾਈਕਲ ਨੂੰ ਟੇਢਾ ਕਰਕੇ ਥੱਲੇ ਲੰਘਾ ਕੇ ਤਿੱਤਰ ਬਿੱਤਰ ਹੋ ਜਾਂਦੇ ਹਨ। ਸ਼ਾਇਦ ਉਹ ਲੋਕਾਂ ਨੂੰ ਵਿਖਾਵਾ ਕਰਦੇ ਹਨ ਕਿ ਉਨ੍ਹਾਂ ਦਾ ਪਲ-ਪਲ ਕੀਮਤੀ ਹੈ।

> *ਇਹ ਗੱਲ ਸੁਣਨ ਵਿਚ ਆਈ ਹੈ ਕਿ ਕਈ ਟਾਈਮ ਪਾਸ ਕਰਨ ਵਾਲੇ ਮਾਹਿਰ ਫੋੜੇ ਨੂੰ ਕੈਂਸਰ ਦੱਸ ਕੇ ਸਮਾਜ ਵਿਚ ਝੂਠੀਆਂ ਅਫਵਾਹਾਂ ਫੈਲਾਉਂਦੇ ਰਹਿੰਦੇ ਹਨ। ਕਈ ਮਿਸ ਕਾਲ ਮਾਰ ਕੇ ਦੂਜੇ ਨੂੰ ਰੁਝਿਆ ਕਰੀ ਰੱਖਦੇ ਹਨ...*



ਚੌਥਾ ਨੁਸਖ਼ਾ ਇਕ ਪੰਥ ਦੋ ਕਾਜ ਦੇ ਮੁਹਾਵਰੇ ਵਰਗਾ ਹੈ ਇਸ ਦਾ ਵਾਸਤਾ ਰਾਜਨੀਤੀ ਨਾਲ ਹੈ ਕਿਸੇ ਲਾਈਲੱਗ ਨੂੰ ਵੋਟਾਂ ਵਿਚ ਖੜ੍ਹਾ ਕਰ ਦਿਉ ਤੇ ਆਪ ਦੂਰ ਖੜ੍ਹੇ ਹੋ ਕੇ ਰਾਜਨੀਤੀ ਦਾ ਤਮਾਸ਼ਾ ਵੇਖਦੇ ਰਹੋ। ਚੋਣਾਂ ਦਾ ਮੈਦਾਨ ਇਕ ਅਜਿਹਾ ਅਖਾੜਾ ਹੈ ਜਿਸ ਦੇ ਸ਼ੋਰਗੁਲ ਨਾਲ ਤੁਹਾਡਾ ਵਧੀਆ ਟਾਈਮ ਪਾਸ ਹੋ ਜਾਂਦਾ ਹੈ ਨਾਲੇ ਤੁਸੀਂ ਰਾਜਨੀਤੀ ਦੇ ਗਲਿਆਰਿਆਂ ਦੀਆਂ ਚੁਸਤੀਆਂ ਚਲਾਕੀਆਂ ਦੇ ਮਾਹਿਰ ਹੋ ਜਾਂਦੇ ਹੋ।

ਪੰਜਵਾਂ ਨੁਸਖ਼ਾ ਸੋਨੇ 'ਤੇ ਸੁਹਾਗੇ ਵਰਗਾ ਹੈ। ਕਿਤੇ ਵੀ ਕੋਈ ਨਵੀਂ ਸੜਕ ਜਾਂ ਪੁੱਲ ਦਾ ਨਿਰਮਾਣ ਹੋ ਰਿਹਾ ਹੋਵੇ ਤੁਸੀਂ ਸਿਆਣੇ ਬਣਦੇ ਹੋਏ ਕੰਮ ਵਿਚ ਵਿਘਨ ਪਾਉਂਦੇ ਹੋਏ ਕੋਰਟ ਤੋਂ ਸਟੇਅ ਆਰਡਰ ਲੈ ਆਓ। ਇਸ ਤਰ੍ਹਾਂ ਸਰਕਾਰ ਦਾ ਕੰਮ ਰੁਕ ਜਾਣ ਨਾਲ ਤੁਸੀਂ ਮੁਹੱਲੇ ਦੇ ਲੀਡਰ ਬਣ ਕੇ ਟਾਈਮ ਪਾਸ ਕਰ ਰਹੇ ਹੁੰਦੇ ਹੋ।

ਛੇਵੇਂ ਨੁਸਖੇ ਵਿਚ ਕਾਮਯਾਬ ਹੋਣ ਲਈ ਤੁਹਾਨੂੰ ਸਿਰਫ਼ 10 ਰੁਪਏ ਦਾ ਪੋਸਟਲ ਆਰਡਰ ਹੀ ਕਾਫ਼ੀ ਹੈ। ਤੁਸੀਂ ਆਪਣੇ ਖ਼ਾਲੀ ਦਿਮਾਗ਼ ਨੂੰ ਸੂਚਨਾ ਨਾਲ ਭਰਨ ਲਈ ਸੂਚਨਾ ਐਕਟ 2005 ਦਾ ਇਸਤੇਮਾਲ ਕਰਦੇ ਹੋਏ ਸਰਕਾਰੀ ਮਹਿਕਮੇ ਦੀ ਆਰ.ਟੀ.ਆਈ. ਪਾ ਦਿਉ। ਤੁਸੀਂ ਵਿਹਲੇ ਹੋ ਪਰ ਮਹਿਕਮਾ ਤੁਹਾਡੇ ਸਵਾਲਾਂ ਦੇ ਜਵਾਬ ਦੇਣ ਵਿਚ ਵਿਅਸਤ ਹੋ ਜਾਵੇਗਾ। ਤੁਸੀਂ ਹਿੰਮਤੀ ਹੋ ਜੋ ਸਰਕਾਰ ਦੇ ਕੰਮਾਂ ਵਿਚ ਮੀਨ ਮੇਖ ਕੱਢਦੇ ਹੋਏ ਆਪਣਾ ਟਾਈਮ ਪਾਸ ਕਰ ਰਹੇ ਹੋ।

ਸੱਤਵਾਂ ਨੁਸਖ਼ਾ ਹਿੰਗ ਲੱਗੇ ਨਾ ਫਟਕੜੀ ਰੰਗ ਚੋਖਾ ਆਵੇ ਵਰਗਾ ਹੈ। ਜੇ ਘਰ ਜੀਅ ਨਹੀਂ ਲੱਗ ਰਿਹਾ ਤਾਂ ਸਬਜ਼ੀ ਮੰਡੀ ਚਲੇ ਜਾਓ ਜਿੱਥੇ ਰੰਗ ਬਰੰਗੀਆਂ ਸਬਜ਼ੀਆਂ ਤੇ ਫਰੂਟ ਦੀਆਂ ਰੇਹੜੀਆਂ ਦੇਖ ਕੇ ਤੁਹਾਨੂੰ ਭੁੱਖੇ ਹੋਣ ਦਾ ਅਹਿਸਾਸ ਨਹੀਂ ਹੋਵੇਗਾ। ਇਨ੍ਹਾਂ ਚੀਜ਼ਾਂ ਦਾ ਭਾਅ ਪੁੱਛਦੇ ਹੋਏ ਤੁਸੀਂ ਵਧੀਆ ਟਾਈਮ ਪਾਸ ਕਰ ਸਕਦੇ ਹੋ।

ਅੱਠਵਾਂ ਨੁਸਖ਼ਾ ਚੌਕੀਦਾਰ ਨਾਲ ਭਾਈਵਾਲੀ ਵਰਗਾ ਹੈ ਜੇ ਤੁਹਾਨੂੰ ਰਾਤ ਨੂੰ ਨੀਂਦ ਨਹੀਂ ਆ ਰਹੀ ਤਾਂ ਕੋਈ ਗੱਲ ਨਹੀਂ। ਇਸ ਦਾ ਵੀ ਆਪਣਾ ਮਜ਼ਾ ਹੈ। ਰੇਲਵੇ ਸਟੇਸ਼ਨ 'ਤੇ ਜਾ ਕੇ ਗੱਡੀਆਂ ਦੀ ਸਮਾਂ ਸਾਰਣੀ ਪੁੱਛ ਕੇ ਤੁਸੀਂ ਆਪਣਾ ਟਾਈਮ ਪਾਸ ਕਰ ਸਕਦੇ ਹੋ।

ਨੌਵਾਂ ਨੁਸਖ਼ਾ ਡਾਇਰੀ 'ਤੇ ਨੋਟ ਕਰ ਲਵੋ। ਟੈਂਟ ਵਾਲਿਆਂ ਤੋਂ ਪੁੱਛ ਪੜਤਾਲ ਕਰ ਕੇ ਲੋਕਾਂ ਦੇ ਭੋਗਾਂ 'ਤੇ ਬਿਨਾਂ ਬੁਲਾਏ ਮਹਿਮਾਨ ਵਾਂਗੂ ਚਲੇ ਜਾਉ। ਇਹ ਇਕ ਅਜਿਹੀ ਥਾਂ ਹੈ ਜਿੱਥੇ ਕੋਈ ਮਾਈ ਦਾ ਲਾਲ ਤੁਹਾਡਾ ਵਾਲ ਵੀ ਵਿੰਗਾ ਨਹੀਂ ਕਰ ਸਕਦਾ।

ਦਸਵਾਂ ਨੁਸਖ਼ਾ ਹੋਰ ਵੀ ਦਿਲਚਸਪ ਹੈ। ਬਹੁਤ ਸਾਰੀਆਂ ਨਾਮੀ ਕੰਪਨੀਆਂ ਆਪਣੇ ਗਾਹਕਾਂ ਦੀ ਸੰਤੁਸ਼ਟੀ ਲਈ ਪ੍ਰੋਡਕਟਸ ਤੇ ਟੋਲ ਫ਼ਰੀ ਨੰਬਰ ਲਿਖਦੀਆਂ ਹਨ ਤੇ ਤੁਸੀਂ ਇਨ੍ਹਾਂ ਨੰਬਰਾਂ 'ਤੇ ਫਰੀ ਗੱਲਬਾਤ ਕਰ ਕੇ ਆਪਣੀ ਜ਼ਬਾਨ ਨੂੰ ਚਾਕੂ ਵਾਂਗੂ ਤਿੱਖਾ ਕਰਦੇ ਹੋਏ ਆਪਣਾ ਟਾਈਮ ਪਾਸ ਕਰ ਸਕਦੇ ਹੋ।

ਗਿਆਰਵੇਂ ਨੁਸਖੇ ਦਾ ਸਬੰਧ ਸਾਹਿਤਕਾਰਾਂ ਨਾਲ ਹੈ। ਤੁਸੀਂ ਉਨ੍ਹਾਂ ਦੀ ਛਪੀ ਹੋਈ ਰਚਨਾ ਦੀ ਤਾਰੀਫ਼ ਕਰ ਕੇ ਉਨ੍ਹਾਂ ਨੂੰ ਆਪਣਾ ਮੁਰੀਦ ਬਣਾ ਸਕਦੇ ਹੋ। ਤੁਸੀਂ ਚਲਾਕ ਹੋ ਕਿਉਂਕਿ ਤੁਸੀਂ ਤਾਰੀਫ਼ ਨੂੰ ਹਥਿਆਰ ਬਣਾ ਕੇ ਆਪਣਾ ਤੇ ਸਾਹਿਤਕਾਰਾਂ ਦਾ ਵਧੀਆ ਟਾਈਮ ਪਾਸ ਕਰ ਰਹੇ ਹੁੰਦੇ ਹੋ। •

# ਠੰਢੀ ਰਾਖ

ਕਹਾਣੀ



• ਰਾਜਿੰਦਰ ਸਿੰਘ ਢੱਡਾ
82849-16049

(ਲੜੀ ਜੋੜਨ ਲਈ ਪਿਛਲਾ ਅੰਕ ਦੇਖੋ)

*ਕਹਿੰਦੇ ਨੇ ਸ਼ਰੀਕ ਮਿੱਟੀ ਦਾ ਵੀ ਮਾੜਾ ਹੁੰਦਾ ਪਰ ਇਸ ਕਹਾਣੀ ਵਿਚਲੇ ਸ਼ਰੀਕ ਤਾਂ ਧਨਾਢ ਹਨ। ਅਮੀਰ ਬੰਦਾ ਕਦੋਂ ਬਰਦਾਸ਼ਤ ਕਰਦਾ ਕਿ ਕੋਈ ਉਸ ਨੂੰ ਨਾਂਹ ਕਰੇ। ਆਪਣੀ ਹਿੰਡ ਪੁਗਾਉਣ ਅਤੇ ਜ਼ਮੀਨ ਹੜੱਪਣ ਲਈ ਉਸ ਇਕ ਮਾਸੂਮ ਦੀ ਬਲੀ ਲੈ ਲਈ...*



ਇਕ ਦਿਨ ਉਹ ਧੀ ਨੂੰ ਮਿਲਣ ਵੀ ਗਿਆ ਸੀ ਪਰ ਧੀ ਦੀ ਸੱਸ ਨੇ ਚਾਹ-ਪਾਣੀ ਪਿਲਾਉਂਦਿਆ ਕਿਹਾ 'ਭਾਜੀ ਤੁਸੀਂ ਥੋੜ੍ਹਾ ਲੇਟ ਹੋ ਗਏ। ਕਾਕਾ ਤੇ ਵਹੁਟੀ ਸ਼ਹਿਰ ਕੋਈ ਫਿਲਮ ਫੁਲਮ ਦੇਖਣ ਚਲੇ ਗਏ। ਮੈਂ 'ਤੇ ਕਈ ਵਾਰ ਆਖਿਆ ਜਾਹ ਜਾ ਕੇ ਆਪਣੇ ਬਾਪੂ ਨੂੰ ਮਿਲ ਆ ਅੱਗੋਂ ਇਹੋ ਜਵਾਬ ਦਿੰਦੀ ਆ ਮਾਂ ਜੀ ਸਾਰੀ ਉਮਰ ਤਾਂ ਬਾਪੂ ਪਾਸ ਹੀ ਰਹੀ ਹਾਂ ਥੋੜ੍ਹੇ ਦਿਨ ਠਹਿਰ ਕੇ ਚਲੀ ਜਾਵਾਂਗੀ।'

ਬਾਬਾ ਬਿਸ਼ਨਾ ਕੁਝ ਤਸੱਲੀ ਨਾਲ ਵਾਪਸ ਮੁੜ ਗਿਆ। ਇਹੋ ਸੋਚਕੇ ਕਿ ਧੀ ਤਾਂ ਇਥੇ ਖ਼ੁਸ਼ ਹੈ ਨਾ। ਅਗਲੇ ਹੀ ਦਿਨ ਉਹ ਆਪਣੇ ਖੇਤਾਂ ਵੱਲ ਗੇੜਾ ਮਾਰਨ ਗਿਆ। ਦੂਰੋਂ ਹੀ ਉਹ ਦੇਖਦਾ ਕਿ ਵਲੈਤੀਆਂ ਦਾ ਸਵਰਨਾ ਟਰੈਕਟਰ ਨਾਲ ਖੇਤਾਂ ਦੀ ਵਹਾਈ ਕਰ ਰਿਹਾ ਸੀ। ਬਾਬਾ ਹੈਰਾਨ ਹੁੰਦਾ ਵਗਦੇ ਟਰੈਕਟਰ ਨੂੰ ਵੇਖ ਰਿਹਾ ਸੀ ਤੇ ਸੋਚ ਰਿਹਾ ਸੀ ਕਿ ਮੈਂ ਤਾਂ ਸਵਰਨੇ ਨੂੰ ਖੇਤ ਵਾਹੁਣ ਲਈ ਕਿਹਾ ਹੀ ਨਹੀਂ ਫਿਰ ਇਹ ਆਪਣੇ ਆਪ ਮੇਰੇ ਖੇਤਾਂ ਦੀ ਵਹਾਈ ਕਿਵੇਂ ਕਰ ਰਿਹਾ ਹੈ। ਉਹ ਬੰਨ੍ਹੇ 'ਤੇ ਖੜ੍ਹਾ ਸਵਰਨੇ ਨੂੰ ਘੂਰ ਰਿਹਾ ਸੀ। ਗੇੜੇ ਲਾ ਕੇ ਵਾਪਸ ਆਉਂਦਾ ਸਵਰਨਾ ਟਰੈਕਟਰ ਰੋਕ ਕੇ ਬਾਬਾ ਬਿਸ਼ਨੇ ਪਾਸ ਆ ਕੇ ਖੜ੍ਹਾ ਹੋ ਗਿਆ।

'ਭਾਈਆ ਆਹ ਤੇਰੀ ਪੈਲੀ ਤੇਰਾ ਜੁਆਈ ਸਾਡੇ ਪਾਸ ਇਕ ਕਰੋੜ ਦੀ ਵੇਚ ਗਿਆ। ਕੱਲ੍ਹ ਹੀ ਰਜਿਸਟਰੀ ਹੋਈ ਆ। ਖੇਤਾਂ ਵਿਚ ਘਾਹ-ਪੱਠਾ ਉਗਿਆ ਹੋਇਆ ਸੀ ਮੈਂ ਸੋਚਿਆ ਚਾਰ ਗੇੜੇ ਲਾ ਹੀ ਦਿਆਂ।"

'ਪਰ ਕਾਕਾ ਇਹ ਜ਼ਮੀਨ ਮੈਂ ਤਾਂ ਆਪਣੀ ਧੀ ਸਿਮਰ ਦੇ ਨਾਂ ਕੀਤੀ ਹੋਈ ਸੀ ਫਿਰ ਮੇਰਾ ਜਵਾਈ ਇਹ ਕਿਵੇਂ ਵੇਚ ਗਿਆ।' ਬਾਬੇ ਬਿਸ਼ਨੇ ਨੇ ਹੈਰਾਨ ਹੁੰਦੇ ਹੋਏ ਨੇ ਪੁੱਛਿਆ।

'ਭਾਈਆ ਤੂੰ ਆਪਣੀ ਕੁੜੀ ਦਾ ਤਾਂ ਵਿਆਹ ਕਰ ਹੀ ਦਿੱਤਾ। ਹੁਣ ਤੇਰੀ ਕੁੜੀ ਵੀ ਹੋ ਗਈ ਸਹੁਰਿਆਂ ਦੀ ਤੇ ਤੇਰੀ ਜ਼ਮੀਨ ਜੋ ਤੇਰੀ ਕੁੜੀ ਦੇ ਨਾਂ 'ਤੇ ਹੈ ਉਹ ਵੀ ਹੋ ਗਈ ਉਹਦੇ ਸਹੁਰਿਆਂ ਦੀ।' ਇਹ ਸੁਣਕੇ ਬਾਬੇ ਨੂੰ ਗੁੱਸਾ ਚੜ੍ਹ ਗਿਆ।

'ਉਨ੍ਹਾਂ ਦੀ ਇੰਨੀ ਹਿੰਮਤ ਕਿ ਉਹ ਮੈਨੂੰ ਪੁੱਛੇ ਤੋਂ ਬਿਨਾਂ ਹੀ ਜ਼ਮੀਨ ਵੇਚ ਦੇਣ।'

'ਭਾਈਆ ਸਿਆਂ ਥੋੜ੍ਹੀ ਠੰਢ ਰੱਖ। ਗੁੱਸਾ ਕੀਤਿਆਂ ਹੁਣ ਕੁਝ ਨੀ ਬਣਨਾ, ਕੁਝ ਗੱਲਾਂ ਦੱਸਕੇ ਨਹੀਂ ਕੀਤੀਆਂ ਜਾਂਦੀਆਂ ਉਹ ਅੰਦਰੋਂ ਅੰਦਰੀ ਸਕੀਮਾਂ ਬਣਾਕੇ ਹੀ ਕੀਤੀਆਂ ਜਾਂਦੀਆਂ।' ਸਵਰਨੇ ਦੇ ਬੁੱਲ੍ਹਾਂ 'ਤੇ ਖਚਰੀ ਜਿਹੀ ਮੁਸਕਾਨ ਬਾਬੇ ਨੇ ਵੇਖੀ।

'ਕੀ ਮਤਲਬ ਆ ਤੇਰਾ?' ਬਾਬੇ ਨੇ ਹੈਰਾਨ ਹੁੰਦਿਆਂ ਪੁੱਛਿਆ।

'ਭਾਈਆ ਤੂੰ ਚੰਗੀ ਤਰ੍ਹਾਂ ਜਾਣਦੈਂ ਆਹ ਤੇਰੇ ਇਕ ਕਨਾਲ ਥਾਂ ਤੋਂ ਅੱਗੇ ਸਾਡੀ ਪੈਲੀ ਲੱਗਦੀ ਆ। ਅਸੀਂ ਤੈਥੋਂ ਆਪਣੀ ਪੈਲੀ ਤਕ ਜਾਣ ਲਈ ਰਸਤਾ ਮੰਗਿਆ ਸੀ ਪਰ ਤੂੰ ਇੱਟ ਅਰਗਾ ਜਵਾਬ ਦਿੱਤਾ ਸੀ। ਸਾਨੂੰ ਆਪਣੀ ਜ਼ਮੀਨ ਤਕ ਜਾਣ ਲਈ ਕੋਈ ਦੋ ਕੋਹ ਦਾ ਪੈਂਡਾ ਤਹਿ ਕਰਨਾ ਪੈਂਦਾ ਸੀ। ਤੂੰ ਤਾਂ ਉਦੋਂ ਦਾ ਹੀ ਸਾਡੀਆਂ ਅੱਖਾਂ ਵਿਚ ਰੜਕਦਾ ਸੀ। ਅਸੀਂ ਆਪਣੇ ਗੁੱਸੇ ਨੂੰ ਅੰਦਰੋਂ ਅੰਦਰ ਹੀ ਪੀ ਲਿਆ ਤੇ ਅਸੀਂ ਇਸ ਬਾਰੇ ਤੈਨੂੰ ਕਦੇ ਵੀ ਚਿਤਾਰਿਆ ਨਹੀਂ ਸੀ।' ਬਾਬਾ ਬਿਸ਼ਨਾ ਹੈਰਾਨ ਹੁੰਦਾ ਸਵਰਨੇ ਦੇ ਮੂੰਹ ਵੱਲ ਵੇਖ ਰਿਹਾ ਸੀ।

'ਅਸੀਂ ਆਪਣੀ ਕਿੜ ਤੇਰੀ ਕੁੜੀ ਨੂੰ ਵਿਆਹ ਕੇ ਕੱਢ ਲਈ।'

'ਮੇਰੀ ਕੁੜੀ ਦੇ ਵਿਆਹ ਦਾ ਤੁਹਾਡੀ ਕਿੜ ਨਾਲ ਕੀ ਸਬੰਧ।'

'ਕਿਸੇ ਨੂੰ ਅੱਜ ਤਕ ਨਹੀਂ ਪਤਾ ਕਿ ਤੇਰੀ ਕੁੜੀ ਦਾ ਵਿਆਹ ਸਾਡੀ ਹੀ ਸਕੀਮ ਨਾਲ ਹੋਇਆ।'

'ਉਹ ਕਿਵੇਂ?'

'ਉਹ ਬੁੜੀ ਜੋ ਇਸੇ ਪਿੰਡ ਦੀ ਭੂਆ ਭਾਅ ਲੱਗਦੀ ਆ ਉਹ ਦੂਰੋਂ ਨੇੜਿਓਂ ਸਾਡੀ ਵੀ ਰਿਸ਼ਤੇਦਾਰ ਲੱਗਦੀ ਆ ਅਤੇ ਉਨ੍ਹਾਂ ਏਜੰਟਾਂ ਦੀ ਵੀ ਰਿਸ਼ਤੇਦਾਰ ਆ। ਉਸ ਨੂੰ ਅਸੀਂ ਹੀ ਤੇਰੀ ਕੁੜੀ ਦੇ ਰਿਸ਼ਤੇ ਲਈ ਤੇਰੇ ਪਾਸ ਭੇਜਿਆ ਸੀ। ਇਸ ਜ਼ਮੀਨ ਦੀ ਖਾਤਰ ਅਸੀਂ ਉਸ ਬੁੜੀ ਨੂੰ ਪਟਾ ਲਿਆ ਸੀ। ਸਾਨੂੰ ਪਤਾ ਸੀ ਕਿ ਇਹ ਜ਼ਮੀਨ ਸਿਮਰ ਦੇ ਨਾਂ 'ਤੇ ਹੈ। ਸਾਡੀ ਹੀ ਸਕੀਮ ਅਨੁਸਾਰ ਸਿਮਰ ਏਜੰਟਾਂ ਦੇ ਮੁੰਡੇ ਨਾਲ ਵਿਆਹੀ ਗਈ। ਭਾਈਆ ਸਾਨੂੰ ਪਤਾ ਸੀ ਤੂੰ ਇਕ ਸ਼ਰੀਫ ਤੇ ਸਿੱਧਾ ਸਾਦਾ ਬੰਦਾ ਆਂ। ਉਹੀ ਗੱਲ ਹੋਈ ਤੂੰ ਉਨ੍ਹਾਂ ਬਾਰੇ ਕੋਈ ਪੁੱਛ-ਪੜਤਾਲ ਨਹੀਂ ਕੀਤੀ। ਤੂੰ ਉਸ ਬੁੜੀ ਦੀਆਂ ਮੋਮੋਠਗਣੀਆਂ ਗੱਲਾਂ ਵਿਚ ਫਸ ਗਿਆ ਤੇ ਆਪਣੀ ਕੁੜੀ ਨੂੰ ਵਿਆਹ ਦਿੱਤਾ। ਸਾਨੂੰ ਪਤਾ ਸੀ ਵਿਆਹ ਤੋਂ ਬਾਅਦ ਉਨ੍ਹਾਂ ਧੱਕੇ ਨਾਲ ਇਹ ਪੈਲੀ ਵੇਚਣੀ ਆ ਤੇ ਅਸੀਂ ਇਹ ਪੈਲੀ ਲੈਣੀ ਆ। ਬਸ ਚੜ੍ਹ ਗਈ ਸਕੀਮ ਸਾਡੀ ਸਿਰੇ।'

ਇਹ ਸੁਣ ਬਾਬੇ ਬਿਸ਼ਨੇ ਦੀਆਂ ਅੱਖਾਂ ਅੱਡੀਆਂ ਦੀਆਂ ਅੱਡੀਆਂ ਹੀ ਰਹਿ ਗਈਆਂ। ਉਹ ਬੁੱਤ ਬਣਿਆ ਸਵਰਨੇ ਦੇ ਮੂੰਹ ਵੱਲ ਵੇਖਦਾ ਹੀ ਰਹਿ ਗਿਆ। ਸਵਰਨਾ ਆਪਣੇ ਪੈਰਾਂ ਦੀ ਜੁੱਤੀ ਦੀ ਮਿੱਟੀ ਝਾੜਦਾ ਫਿਰ ਟਰੈਕਟਰ 'ਤੇ ਜਾ ਬੈਠਾ। ਡੌਰ-ਭੌਰ ਹੋਏ ਬਾਬੇ ਨੂੰ ਲੱਗ ਰਿਹਾ ਸੀ ਉਸਦੀ ਜ਼ਿੰਦਗੀ ਤਾਂ ਸਵਰਨੇ ਦੀ ਝੜੀ ਹੋਈ ਜੁੱਤੀ ਦੀ ਮਿੱਟੀ ਤੋਂ ਵੀ ਹੌਲੀ ਹੋ ਗਈ ਹੋਵੇ। ਟਰੈਕਟਰ ਫਿਰ ਬਾਬੇ ਦੇ ਖੇਤਾਂ ਵਿਚ ਧੂੜ ਉਡਾਉਣ ਲੱਗਾ ਜੋ ਹੁਣ ਪਰਾਏ ਹੋ ਚੁੱਕੇ ਸਨ। ਬਾਬੇ ਬਿਸ਼ਨੇ ਦਾ ਖ਼ੂਨ ਖ਼ੁਸ਼ਕ ਹੁੰਦਾ ਜਾ ਰਿਹਾ ਸੀ। ਉਸ ਨੂੰ ਹਨੇਰਾ ਹੀ ਹਨੇਰਾ ਦਿਖਾਈ ਦੇਣ ਲੱਗਾ। ਸਵਰਨੇ ਦੇ ਬੋਲਾਂ ਨੇ ਬਾਬੇ ਦਾ ਸੀਨਾ ਛਲਣੀ ਕਰ ਦਿੱਤਾ। ਉਸ ਤੋਂ ਖੜ੍ਹਾ ਨਹੀਂ ਹੋ ਰਿਹਾ ਸੀ। ਉਸ ਨੂੰ ਚੱਕਰ ਆਉਣ ਲੱਗੇ। ਉਹ ਡਿੱਗਦਾ-ਡਿੱਗਦਾ ਮਸਾਂ ਹੀ ਬਚਿਆ। ਉਸ ਦੀਆਂ ਅੱਖਾਂ ਵਿੱਚੋਂ ਤ੍ਰਿਪ-ਤ੍ਰਿਪ ਹੰਝੂ ਕਿਰਨ ਲੱਗੇ। ਸਵਰਨੇ ਦੇ ਬੋਲ ਹਥੌੜੇ ਵਾਂਗ ਉਸਦੇ ਸਿਰ 'ਚ ਵੱਜਣ ਲੱਗੇ। ਉਹ ਲੜਖੜਾਉਂਦਾ ਆਪਣੇ ਘਰ ਵੱਲ ਮੁੜ ਗਿਆ। ਏਡਾ ਵੱਡਾ ਧੋਖਾ, ਇੰਨੇ ਕਮੀਨੇ ਲੋਕ, ਜਿਨ੍ਹਾਂ ਜ਼ਮੀਨ ਦੀ ਖਾਤਰ ਮੇਰੀ ਧੀ ਦੀ ਬਲੀ ਦੇ ਦਿੱਤੀ। ਹੁਣ ਮੈਂ ਕਿੱਥੇ ਜਾਵਾਂ ਕੀ ਕਰਾਂ। ਇਉਂ ਸੋਚਦਾ-ਸੋਚਦਾ, ਡਿੱਗਦਾ-ਢਹਿੰਦਾ ਉਹ ਘਰ ਪਹੁੰਚ ਗਿਆ। ਸਿਰ ਫੜ ਕੇ ਉਹ ਮੰਜੀ 'ਤੇ ਬੈਠ ਗਿਆ। ਤਪਦੇ ਹਿਰਦੇ ਨੂੰ ਅੱਖਾਂ ਦਾ ਨੀਰ ਵੀ ਠੰਢਾ ਨਹੀਂ ਕਰ ਰਿਹਾ ਸੀ। ਕੋਈ ਭਾਈ ਭਤੀਜਾ ਵੀ ਨਹੀਂ ਸੀ। ਜਿਸ ਨਾਲ ਉਹ ਆਪਣਾ ਦੁੱਖ ਵੰਡਾ ਸਕਦਾ। ਅੱਜ ਬਾਬੇ ਨੂੰ ਆਪਣੇ ਘਰ ਤੋਂ ਡਰ ਮਹਿਸੂਸ ਹੋਣ ਲੱਗਾ। ਕਾਫ਼ੀ ਚਿਰਾਂ ਤੋਂ ਧੀ ਦੀ ਵੀ ਕੋਈ ਖ਼ਬਰ ਸੁਰਤ ਨਹੀਂ ਆਈ ਸੀ। ਉਹ ਧੀ ਦੇ ਘਰ ਗਿਆ ਵੀ ਸੀ ਪਰ ਸਿਮਰ ਦੀ ਸੱਸ ਨੇ ਮੋਮੋਠਗਣੀਆਂ ਗੱਲਾਂ ਕਰਕੇ ਉਸ ਨੂੰ ਧੀ ਨਾਲ ਮਿਲਣ ਨਹੀਂ ਦਿੱਤਾ ਸੀ। ਵਿਆਹ ਕੇ ਧੀ ਤਾਂ ਬੇਗਾਨੀ ਹੋਣੀ ਸੀ ਅੱਜ ਉਸ ਦੀ ਜ਼ਮੀਨ ਵੀ ਬੇਗਾਨੀ ਹੋ ਗਈ ਸੀ। ਸਰੀਰ ਵਿਚ ਸੱਤਿਆ ਖ਼ਤਮ ਹੁੰਦੀ ਜਾ ਰਹੀ ਸੀ। ਧੀ ਬਾਰੇ ਬੁਰੇ-ਬੁਰੇ ਖ਼ਿਆਲਾਂ ਨਾਲ ਉਹ ਪਾਗਲ ਹੁੰਦਾ ਜਾ ਰਿਹਾ ਸੀ। ਤੜਕਸਾਰ ਨੀਂਦ ਦਾ ਝੋਕਾ ਆਇਆ। ਗੁਰਦੁਆਰੇ ਦੇ ਭਾਈ ਦੇ ਪਾਠ ਦੀ ਆਵਾਜ਼ ਨਾਲ ਫਿਰ ਉਸ ਦੀਆਂ ਅੱਖਾਂ ਖੁੱਲ੍ਹ ਗਈਆਂ। ਹੌਲੀ-ਹੌਲੀ ਹਨੇਰਾ ਘੱਟਦਾ ਜਾ ਰਿਹਾ ਸੀ ਤੇ ਚਾਨਣ ਨੇ ਵੀ ਦਸਤਕ ਦੇਣੀ ਸ਼ੁਰੂ ਕਰ ਦਿੱਤੀ ਸੀ। ਬੈਠੇ-ਬੈਠੇ ਉਸਦੀ ਸੋਚਾਂ ਦੀ ਲੜੀ ਪਿੱਛੇ ਘੁੰਮ ਗਈ। ਜਦ ਮੰਗਣੀ ਤੋਂ ਕੁਝ ਦਿਨ ਪਹਿਲਾਂ ਭੂਆ ਵਿਚੋਲਣ ਘਰ ਆਈ ਤੇ ਕਹਿਣ ਲੱਗੀ,'ਦੇਖੀਂ ਭਰਾ ਮੰਗਣੀ ਵਿਚ ਕੋਈ ਕਸਰ ਬਾਕੀ ਨਾ ਰਹੇ ਆਂਢ-ਗੁਆਂਢ, ਰਿਸ਼ਤੇਦਾਰ, ਸੰਗੀ ਸਾਥੀ, ਸਭ ਉੱਥੇ ਇਕੱਠੇ ਹੋਏ ਹੋਣੇ ਆ ਇਕ ਵਾਰ ਪਤਾ ਲੱਗ ਜਾਏ ਉਨ੍ਹਾਂ ਨੂੰ ਕਿ ਕੁੜੀ ਵਾਲੇ ਵੀ ਕੋਈ ਮਾੜੇ-ਧੀੜੇ ਨੀ, ਠੋਕ-ਵਜਾ ਕੇ ਮੰਗਣੀ ਕਰਨੀ ਆਂ। ਐਂ ਕਰੀਂ ਮੁੰਡੇ ਲਈ ਤੋਲੇ ਦਾ ਕੜਾ, ਮੁੰਡੇ ਦੇ ਪਿਉ ਲਈ ਮੁੰਦੀ ਉਹ ਅੱਧੇ ਤੋਲੇ ਤੋਂ ਘੱਟ ਨਾ ਹੋਵੇ, ਮਾਂ ਤੇ ਧੀ ਲਈ ਵਧੀਆ ਸੂਟ ਹੋਣੇ ਚਹੀਦੇ ਆ। ਮੈਂ ਕੁਝ ਨੀ ਮੰਗਦੀ ਵਿਆਹ ਵੇਲੇ ਜੋ ਮਰਜ਼ੀ ਦੇ ਦੇਵੀਂ।' ਮੰਗਣੀ ਵਾਲੇ ਦਿਨ ਕੁੜੀ ਦੇ ਮਾਮੇ ਅਤੇ ਹੋਰ ਰਿਸ਼ਤੇਦਾਰਾਂ ਨੂੰ ਲੈ ਕੇ ਬਾਬਾ ਏਜੰਟਾਂ ਦੇ ਘਰ ਪਹੁੰਚ ਗਿਆ। ਛੁਆਰਾ ਮੂੰਹ ਲਾਉਣ ਤੋਂ ਬਾਅਦ ਬਾਬੇ ਨੇ ਇਕਵੰਜਾ ਸੌ ਰੁਪਇਆ ਤੇ ਕੜਾ ਮੁੰਡੇ ਦੀ ਝੋਲੀ ਪਾ ਦਿੱਤਾ। ਉਸੀ ਵਕਤ ਮੁੰਡੇ ਦਾ ਪਿਉ ਖੜ੍ਹਾ ਹੋ ਗਿਆ। ਉਸਨੇ ਮੁੰਡੇ ਦੀ ਝੋਲੀ ਵਿੱਚੋਂ ਸਿਰਫ਼ ਸੌ ਰੁਪਇਆ ਰੱਖਕੇ ਬਾਕੀ ਸਾਰੇ ਪੈਸੇ ਤੇ ਕੜਾ ਬਾਬੇ ਨੂੰ ਵਾਪਸ ਕਰ ਦਿੱਤਾ ਤੇ ਹੱਥ ਜੋੜ ਕੇ ਕਹਿਣ ਲੱਗਾ,'ਭਾਈ ਸਾਬ ਸਾਡੇ ਘਰੇ ਰੱਬ ਨੇ ਬਹੁਤ ਕੁਝ ਦਿੱਤਾ ਹੋਇਆ ਹੈ ਅਸੀਂ ਰਸਮ ਮੁਜਬ ਸੌ ਰੁਪਈਆ ਰੱਖ ਲਿਆ ਬਾਕੀ ਸਾਨੂੰ ਕੁਝ ਨਹੀਂ ਚਾਹੀਦਾ। ਵਿਆਹ ਵੀ ਅਸੀਂ ਸਾਦੇ ਢੰਗ ਨਾਲ ਕਰਾਂਗੇ। ਸਿਰਫ਼ ਤਿੰਨਾਂ ਕੱਪੜਿਆਂ ਵਿਚ ਕੁੜੀ ਨੂੰ ਲੈ ਕੇ ਆਵਾਂਗੇ, ਇਹੀ ਮੇਰੀ ਬੇਨਤੀ ਆ।'

ਫਿਰ ਬਾਬਾ ਸੋਚਣ ਲੱਗਾ ਕਿਸ ਤਰ੍ਹਾਂ ਸਾਰਿਆਂ ਸਾਹਮਣੇ ਉਨ੍ਹਾਂ ਬਿਨਾਂ ਲਾਲਚ ਤੋਂ ਸਾਦੇ ਹੋਣ ਦਾ ਪਰਪੰਚ ਕੀਤਾ ਸੀ। ਉਸ ਦੀਆਂ ਸੋਚਾਂ ਦੀ ਲੜੀ ਉਦੋਂ ਟੁੱਟੀ ਜਦ ਗੁਆਂਢੀਆਂ ਦੇ ਮੁੰਡੇ ਸ਼ਿੰਦੇ ਨੇ ਉਸ ਨੂੰ ਮੋਢੇ ਤੋਂ ਫੜ ਕੇ ਕਿਹਾ,'ਬਾਬਾ ਆਹ ਭੈਣ ਸਿਮਰ ਦਾ ਰੁਕਾ ਕੋਈ ਸ਼ਾਮੀ ਘਰੇ ਦੇ ਗਿਆ ਸੀ ਉਸ ਵੇਲੇ ਤੁਸੀਂ ਘਰ ਨਹੀਂ ਸੀ। ਬਾਬਾ ਜੀ ਮੈਂ ਉਸੇ ਵੇਲੇ ਹੀ ਇਸ ਦੀ ਇਕ ਫੋਟੋ ਸਟੇਟ ਕਾਪੀ ਕਰਵਾ ਲਿਆ ਹਾਂ। ਬਾਬੇ ਨੇ ਹਾਬੜਿਆਂ ਵਾਂਗ ਉਸ ਰੁੱਕੇ ਨੂੰ ਫੜਿਆ ਪਰ ਉਸ ਨੂੰ ਪੜ੍ਹਨਾ ਤਾਂ ਆਉਂਦਾ ਹੀ ਨਹੀਂ ਸੀ ਉਸ ਨੇ ਮੁੰਡੇ ਨੂੰ ਰੁੱਕਾ ਪੜ੍ਹਨ ਲਈ ਕਿਹਾ। ਮੁੰਡਾ ਰੁੱਕਾ ਪੜ੍ਹਨ ਲੱਗਾ, 'ਸਾਸਰੀਕਾਲ ਬਾਪੂ ਤੂੰ ਸੋਚਿਆ ਹੋਵੇਗਾ ਕਿ ਮੈਂ ਤੈਨੂੰ ਭੁੱਲ ਚੁੱਕੀ ਹੋਵਾਂਗੀ ਪਰ ਮੈਂ ਬਾਪੂ ਤੈਨੂੰ ਕਿਵੇਂ ਭੁੱਲ ਸਕਦੀ ਹਾਂ। ਤੂੰ ਮੈਨੂੰ ਦੱਸਦਾ ਹੁੰਦਾ ਸੀ ਕਿ ਤੇਰੀ ਮਾਂ ਤਾਂ ਤੈਨੂੰ ਜਨਮ ਦੇ ਕੇ ਰੱਬ ਨੂੰ ਪਿਆਰੀ ਹੋ ਗਈ ਸੀ। ਇਕ ਫੁੱਲ ਅਰਗੀ ਬੱਚੀ ਨੂੰ ਤੂੰ ਕਿਵੇਂ ਦੁੱਖ ਝੱਲ ਕੇ ਪਾਲਿਆ ਹੋਵੇਗਾ। ਮੈਂ ਹੁਣ ਮਹਿਸੂਸ ਕਰਦੀ ਹਾਂ। ਬਾਪੂ ਤੂੰ ਤਾਂ ਹਰ ਵੇਲੇ ਮੈਨੂੰ ਆਪਣੀਆਂ ਅੱਖਾਂ ਅੱਗੇ ਰੱਖਦਾ ਸੀ। ਬਾਪੂ ਮੈਨੂੰ ਆਪਣੇ ਮੋਢੇ 'ਤੇ ਬਹਾ ਕੇ ਤੂੰ ਕਿੰਨਾ-ਕਿੰਨਾ ਚਿਰ ਹਲ ਵਾਹੁੰਦਾ ਹੁੰਦਾ ਸੀ ਤੇ ਮੈਂ ਤੇਰੇ ਮੋਢੇ 'ਤੇ ਹੀ ਸੌਂ ਜਾਂਦੀ ਸਾਂ। ਇਹ ਸਭ ਤੂੰ ਮੈਨੂੰ ਦੱਸਦਾ ਹੁੰਦਾ ਸੀ ਤੇ ਫਿਰ ਤੂੰ ਮੈਨੂੰ ਅੱਗੋਂ ਵੱਡੇ ਸਕੂਲ 'ਚ ਪੜ੍ਹਨ ਨਹੀਂ ਦਿੱਤਾ। ਤੂੰ ਮੈਨੂੰ ਆਪਣੀਆਂ ਅੱਖਾਂ ਤੋਂ ਓਹਲੇ ਹੋਣ ਹੀ ਨਹੀਂ ਦਿੰਦਾ ਸੀ। ਬਾਪੂ ਇਕ ਰੱਬ ਤਾਂ ਉੱਪਰ ਬੈਠਾ ਹੋਇਆ ਪਰ ਇਥੇ ਤਾਂ ਤੂੰ ਹੀ ਮੇਰਾ ਰੱਬ ਸੀ। ਤੂੰ ਮੇਰੀ ਮਾਂ ਸੀ ਤੇ ਤੂੰ ਹੀ ਮੇਰਾ ਪਿਉ ਸੀ। ਬਾਪੂ ਮੈਂ ਤਾਂ ਉਡਕੇ ਤੇਰੇ ਪਾਸ ਆਉਣਾ ਚਾਹੁੰਦੀ ਹਾਂ। ਪਰ ਇਨ੍ਹੀਂ ਤਾਂ ਮੇਰੇ ਖੰਭ ਹੀ ਕੁਤਰ ਦਿੱਤੇ ਨੇ। ਮੈਂ ਦੌੜ ਕੇ ਕਿਵੇਂ ਆਵਾਂ। ਮੈਂ ਤਾਂ ਕਮਰੇ ਅੰਦਰ ਬੰਦ ਹਾਂ। ਦੇਖ ਬਾਪੂ ਮੈਂ ਕਿੰਨੀ ਖ਼ੁਸ਼ ਹਾਂ ਜਿਵੇਂ ਪਿੰਜਰੇ ਅੰਦਰ ਪੰਛੀ।

ਬਾਪੂ ਮੈਂ ਤੈਨੂੰ ਇਹ ਅੱਖਰ ਲਿਖ ਰਹੀ ਹਾਂ ਇਹ ਮੈਂ ਕਰਮੀ ਨੂੰ ਦੇ ਦਿਆਂਗੀ ਜੋ ਇਥੇ ਸਾਫ਼-ਸਫ਼ਾਈ ਕਰਦੀ ਹੈ। ਇਕ ਉਹੀ ਇੱਥੇ ਮੇਰੀ ਹਮਦਰਦਨ ਹੈ। ਡਰ ਲੱਗਦਾ ਅਗਰ ਇਹ ਇਨ੍ਹਾਂ ਦੇ ਹੱਥ ਲੱਗ ਗਿਆ ਤਾਂ ਇਹ ਮੇਰੀ ਆਖਰੀ ਰਾਤ ਹੋਵੇਗੀ। ਬਾਪੂ ਜਦ ਵਿਆਹ ਤੋਂ ਬਾਅਦ ਤੈਨੂੰ ਮਿਲਣ ਆਈ ਸੀ ਤਾਂ ਮੈਂ ਕਿੰਨਾ ਚਿਰ ਤੇਰੇ ਸੀਨੇ ਲੱਗਕੇ ਰੋਂਦੀ ਰਹੀ ਸੀ। ਮੇਰੀ ਮਾਂ ਹੁੰਦੀ ਤਾਂ ਉਹ ਮੇਰੀ ਸ਼ਕਲ ਵੇਖਕੇ ਹੀ ਸਮਝ ਜਾਂਦੀ ਕਿ ਇਹ ਹੰਝੂ ਖ਼ੁਸ਼ੀ ਦੇ ਹਨ ਜਾਂ ਗ਼ਮੀ ਦੇ। ਬਸ ਬਾਪੂ ਪੱਥਰ ਸੀਨੇ 'ਤੇ ਰੱਖ ਕੇ ਮੈਂ ਜੀ ਰਹੀ ਹਾਂ। ਤੈਥੋਂ ਕਾਹਦਾ ਲੁਕਾ, ਤੂੰ ਹੀ ਮੇਰੀ ਮਾਂ ਹੈ ਤੇ ਤੂੰ ਹੀ ਬਾਪ। ਬਾਪੂ ਤੇਰੀ ਧੀ ਵਿਆਹੀ ਹੋਈ ਅੱਜ ਵੀ ਕੁਆਰੀ ਹੈ। ਤੇਰੇ ਜਵਾਈ ਨੂੰ ਕੋਈ ਭੈੜੀ ਜਿਹੀ ਬਿਮਾਰੀ ਲੱਗੀ ਹੋਈ ਹੈ। ਕਰਮੀ ਨੇ ਮੈਨੂੰ ਸਭ ਦੱਸ ਦਿੱਤਾ ਕਿ ਕਿਸ ਤਰ੍ਹਾਂ ਸ਼ਹਿਰ ਗੰਦੀਆਂ ਜਨਾਨੀਆਂ ਕੋਲ ਜਾ ਕੇ ਉਸ ਨੂੰ ਇਹ ਬਿਮਾਰੀ ਲੱਗੀ ਹੈ। ਜਦ ਵੀ ਉਹ ਬੈਡ 'ਤੇ ਆ ਕੇ ਸ਼ਰਾਬੀ ਹੋਇਆ ਮੇਰੇ ਪਾਸ ਪੈ ਜਾਂਦਾ ਤਾਂ ਇਕ ਅਜੀਬ ਜਿਹੀ ਦਵਾਈ ਦੀ ਹਵਾੜ ਨਾਲ ਸਾਰਾ ਕਮਰਾ ਬਦਬੂ ਮਾਰਦਾ। ਹਰ ਰਾਤ ਇਥੇ ਮੇਰੀ ਮੌਤ ਹੁੰਦੀ ਆ। ਉਸ ਤੋਂ ਆਉਂਦੀ ਬਦਬੂ ਅਤੇ ਉਸ ਦੇ ਘਰਾੜਿਆਂ ਨੇ ਮੇਰੀ ਜ਼ਿੰਦਗੀ ਨਰਕ ਬਣਾ ਦਿੱਤੀ ਹੈ। ਅੱਜ ਮੈਨੂੰ ਕਰਮੀ ਨੇ ਦੱਸਿਆ ਕਿ ਇਨ੍ਹਾਂ ਨੇ ਮੇਰੀ ਹੀ ਜ਼ਮੀਨ ਸਾਡੇ ਹੀ ਪਿੰਡ ਦੇ ਸਵਰਨੇ ਨੂੰ ਇਕ ਕਰੋੜ ਦੀ ਵੇਚ ਦਿੱਤੀ ਹੈ। ਬਾਪੂ ਮੈਂ ਤਾਂ ਪੜ੍ਹੀ-ਲਿਖੀ ਹੈ ਨੀ ਪਤਾ ਮੇਰੀ ਜਗ੍ਹਾ ਮੇਰੀ ਨਨਾਣ ਨੂੰ ਹੀ ਖੜ੍ਹੀ ਕਰ ਦਿੱਤਾ ਹੋਣਾ ਰਜਿਸਟਰੀ ਕਰਵਾਉਣ ਨੂੰ। ਜਦੋਂ ਤੂੰ ਜ਼ਮੀਨ ਮੇਰੇ ਨਾਂ ਕੀਤੀ ਸੀ ਸ਼ਹਿਰ ਤਹਿਸੀਲਦਾਰ ਦੇ ਤੇਰੀ ਮੇਰੀ, ਲੰਬੜਦਾਰ ਤੇ ਦੋ ਗਵਾਹਾਂ ਦੀ ਫੋਟੋ ਹੋਈ ਸੀ। ਪਰ ਇੱਥੇ ਤਾਂ ਫੋਟੋ-ਫ਼ੂਟੋ ਹੀ ਨਹੀਂ ਹੋਈ। ਬਾਕੀ ਬਾਪੂ ਸ਼ਾਇਦ ਇਹ ਮੈਨੂੰ ਮਾਰਨ ਦੀਆਂ ਸਕੀਮਾਂ ਘੜਦੇ ਰਹਿੰਦੇ ਆ ਕਿ ਅਗਰ ਸਿਮਰ ਜੀਂਦੀ ਰਹੀ ਤਾਂ ਇਹ ਜ਼ਮੀਨ ਸਬੰਧੀ ਕਿਸੇ ਕੋਲ ਗੱਲ ਨਾ ਕਰ ਦੇਵੇ।'

ਰੁੱਕਾ ਪੜ੍ਹ ਰਹੇ ਮੁੰਡੇ ਦੀਆਂ ਅੱਖਾਂ ਵੀ ਗਿੱਲੀਆਂ ਹੋ ਗਈਆਂ। ਉਸਨੇ ਹੱਥਾਂ ਨਾਲ ਆਪਣੀਆਂ ਅੱਖਾਂ ਸਾਫ਼ ਕੀਤੀਆਂ।

'ਪੁੱਤ ਪੜ੍ਹ ... ਅੱਗੇ ਪੜ੍ਹ।" ਮੁੰਡੇ ਨੇ ਫਿਰ ਪੜ੍ਹਨਾ ਸ਼ੁਰੂ ਕੀਤਾ, 'ਹੋਰ ਸੁਣ ਬਾਪੂ ਮੇਰੀ ਨਨਾਣ ਕਾਲਜ ਵਿਚ ਪੜ੍ਹਦੀ ਆ। ਇਕ ਰਾਤ ਮੈਨੂੰ ਨੀਂਦ ਨਹੀਂ ਆ ਰਹੀ ਸੀ। ਰਾਤ ਤਾਂ ਅਕਸਰ ਮੇਰੀ ਜਾਗ ਕੇ ਹੀ ਨਿਕਲਦੀ ਹੈ। ਕਮਰੇ ਵਿਚ ਤਾਂ ਮੇਰਾ ਸਾਹ ਘੁੱਟ ਹੋਣ ਲੱਗ ਪੈਂਦਾ। ਉਸ ਰਾਤ ਮੈਂ ਥੋੜ੍ਹੀ ਠੰਢੀ ਹਵਾ ਵਿਚ ਸਾਹ ਲੈਣ ਲਈ ਬਾਹਰ ਨਿਕਲੀ ਤਾਂ ਮੈਂ ਦੇਖਿਆ ਤਾਂ ਘਰ ਵਿਚ ਲੱਗੇ ਹੋਏ ਨਿੰਬੂਆਂ ਦੇ ਬੂਟੇ ਪਿੱਛੇ ਮੈਨੂੰ ਕੋਈ ਹਿੱਲ-ਜੁੱਲ ਜਿਹੀ ਮਹਿਸੂਸ ਹੋਈ। ਮੈਂ ਅੱਗੇ ਜਾ ਕੇ ਦੇਖਣ ਲੱਗੀ ਤਾਂ ਮੇਰੀ ਨਨਾਣ ਨਾਲ ਇਕ ਮੁੰਡਾ ਲਿਪਟਿਆ ਹੋਇਆ ਸੀ। ਮੈਨੂੰ ਦੇਖ ਕੇ ਕੰਧ ਟੱਪ ਕੇ ਦੌੜ ਗਿਆ। ਮੈਨੂੰ ਲਾਗੇ ਖੜ੍ਹੀ ਦੇਖ ਮੇਰੀ ਨਨਾਣ ਘਬਰਾ ਗਈ। ਉਹ ਹੱਥ ਜੋੜਦੀ ਮੇਰੇ ਪਾਸ ਆਈ ਤਾਂ ਅਚਾਨਕ ਉਸ ਨੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਕਿ ਭਾਬੀ ਨੂੰ ਕੋਈ ਆਦਮੀ ਮਿਲਣ ਆਇਆ ਹੋਇਆ ਸੀ ਤੇ ਮੈਨੂੰ ਦੇਖ ਕੇ ਉਹ ਕੰਧ ਟੱਪ ਕੇ ਦੌੜ ਗਿਆ। ਇਸ ਕੋਰੇ ਝੂਠ ਨੂੰ ਸੁਣ ਕੇ ਮੇਰੀ ਜ਼ਬਾਨ ਤਾਲੂ ਨਾਲ ਲੱਗ ਗਈ। ਪਲਾਂ ਵਿਚ ਹੀ ਮੇਰਾ ਸੱਸ-ਸਹੁਰਾ ਤੇ ਆਦਮੀ ਬਾਹਰ ਆ ਗਏ। ਉਨ੍ਹਾਂ ਨੂੰ ਤਾਂ ਜਿਵੇਂ ਮੌਕਾ ਮਿਲ ਗਿਆ ਹੋਵੇ। ਮੇਰਾ ਆਦਮੀ ਤੇ ਮੇਰੀ ਸੱਸ ਮੈਨੂੰ ਵਾਲਾਂ ਤੋਂ ਫੜ ਕੇ ਧੂੰਹਦੇ ਅੰਦਰ ਲੈ ਗਏ। ਫਿਰ ਪਤਾ ਨਹੀਂ ਜਦੋਂ ਮੈਨੂੰ ਹੋਸ਼ ਆਈ ਤਾਂ ਮੇਰਾ ਸਾਰਾ ਸਰੀਰ ਗਰਮ ਲੋਹੇ ਦੀ ਕਿਸੇ ਚੀਜ਼ ਨਾਲ ਦਾਗਿਆ ਪਿਆ ਸੀ। ਪਤਾ ਨੀ ਆ ਕਿਵੇਂ ਮੇਰਾ ਸੱਜਾ ਹੱਥ ਬੱਚ ਗਿਆ ਜਿਸ ਨਾਲ ਮੈਂ ਤੈਨੂੰ ਕੁਝ ਅੱਖਰ ਲਿਖ ਰਹੀ ਹਾਂ। ਬਾਪੂ ਮੈਨੂੰ ਬਚਾ ਲੈ ਇਨ੍ਹਾਂ ਕਸਾਈਆਂ ਤੋਂ। ਮੈਂ ਤੇਰੇ ਅੱਗੇ ਹੱਥ ਜੋੜਦੀ ਹਾਂ। ਮੈਨੂੰ ਬਚਾ ਲੈ ਬਾਪੂ, ਮੈਨੂੰ ਬਚਾ ਲੈ।

ਤੇਰੀ ਸਿਮਰ

ਕੁਝ ਪਲ ਚੁੱਪ ਰਹਿਣ 'ਤੇ ਮੁੰਡਾ ਬੋਲਿਆ, 'ਬਾਬਾ ਜੀ ਭੈਣ ਤਾਂ ਬਹੁਤ ਅੱਤਿਆਚਾਰ ਸਹਿ ਰਹੀ ਆ। ਉਸ ਨੂੰ ਬਚਾਉਣ ਲਈ ਸਾਨੂੰ ਕੁਝ ਕਰਨਾ ਚਾਹੀਦਾ ਆ। ਇਹ ਰੁੱਕਾ ਭੈਣ 'ਤੇ ਹੋ ਰਹੇ ਜ਼ੁਲਮਾਂ ਦਾ ਗਵਾਹ ਹੈ। ਬਾਕੀ ਇਕ ਵਾਰ ਤੁਸੀਂ ਜਾ ਕੇ ਭੈਣ ਨੂੰ ਲਿਆਉਣ ਦੀ ਕੋਸ਼ਿਸ਼ ਕਰੋ ਨਹੀਂ ਤਾਂ ਮੈਂ ਭਾਪਾ ਜੀ ਨੂੰ ਕਹਿ ਕੇ ਪਿੰਡ ਦੀ ਪੰਚਾਇਤ ਨੂੰ ਭੇਜਾਂਗਾ ਭੈਣ ਨੂੰ ਲੈਣ ਤੁਹਾਡੇ ਨਾਲ। ਆਪਣੇ ਪਾਸ ਸਿਰਫ਼ ਇਸ ਦੀ ਫੋਟੋ ਸਟੇਟ ਦੀ ਕਾਪੀ ਹੀ ਲੈ ਕੇ ਜਾਣਾ। ਅਸਲੀ ਰੁੱਕਾ ਘਰ ਛੱਡਕੇ ਜਾਣਾ।"

ਇੰਨਾ ਕਹਿੰਦਾ ਮੁੰਡਾ ਦਰਵਾਜ਼ਿਓਂ ਬਾਹਰ ਹੋ ਗਿਆ। ਧੀ ਦੇ ਲਿਖੇ ਅੱਖਰ ਸੁਣ ਕੇ ਬਾਬੇ ਬਿਸ਼ਨੇ ਵਿੱਚੋਂ ਰਹਿੰਦੀ ਖੂਹਿੰਦੀ ਸੱਤਿਆ ਵੀ ਮੁਕ ਗਈ। ਧੀ ਨੇ ਆਪਣੀ ਜੋ ਹਾਲਤ ਦੱਸੀ ਉਹ ਸੁਣ ਕੇ ਬਾਬੇ ਦੇ ਦਿਲ ਦੀ ਭੱਠੀ ਵਿਚ ਭਾਂਬੜ ਮੱਚਣ ਲੱਗੇ। **(ਜਾਰੀ)**

# ਪੁਸਤਕ ਚਰਚਾ

ਕੱਚੀ ਕੰਧ ਨਾਵਲ ਦੇ ਰਚੇਤਾ ਪਵਨ ਗਿੱਲਾਂਵਾਲਾ ਨੇ ਇਸ ਤੋਂ ਪਹਿਲਾਂ ਕਈ ਕਾਵਿ ਸੰਗ੍ਰਹਿ ਤੇ ਗੀਤ ਮਾਂ ਬੋਲੀ ਦੀ ਝੋਲੀ ਪਾਏ ਹਨ। ਇਹ ਨਾਵਲ ਸਾਡੇ ਸਮਾਜ ਦੀ ਉਹ ਤਸਵੀਰ ਪੇਸ਼ ਕਰਦਾ ਹੈ ਜਿੱਥੇ ਅਸੀਂ ਔਰਤ ਨੂੰ ਅੱਜ ਵੀ ਉਹ ਸਥਾਨ ਨਹੀਂ ਦੇ ਰਹੇ ਜਿਸ ਦੀ ਉਹ ਹੱਕਦਾਰ ਹੈ। ਰਿਸ਼ਤੇ-ਨਾਤਿਆਂ ਦੀ ਜਗ੍ਹਾ ਅਸੀਂ ਲੋਕ ਆਪਣੀ ਇੱਜ਼ਤ ਨੂੰ ਜ਼ਿਆਦਾ ਤਰਜੀਹ ਦਿੰਦੇ ਹਾਂ। ਬੇਸ਼ੱਕ ਸਾਡੇ ਸਮਾਜ ਵਿਚ ਔਰਤਾਂ ਦੀ ਸਥਿਤੀ ਪਹਿਲਾਂ ਤੋਂ ਬਿਹਤਰ ਹੈ ਪਰ ਪਿੰਡਾਂ ਵਿਚ ਅਜੇ ਵੀ ਲੋਕਾਂ ਦਾ ਔਰਤਾਂ ਪ੍ਰਤੀ ਨਜ਼ਰੀਆ ਪੁਰਾਣਾ ਹੈ। ਇਸ ਨਾਵਲ ਵਿਚ ਲੇਖਕ ਨੇ ਇਕ ਪਰਿਵਾਰ ਦੀ ਕਹਾਣੀ ਨੂੰ ਬਹੁਤ ਵਧੀਆ ਢੰਗ ਨਾਲ ਬਿਆਨ ਕੀਤਾ ਹੈ। ਪਰਿਵਾਰ ਦਾ ਮੁੱਖ ਪਾਤਰ ਨਾਜਰ ਸਿੰਘ ਜਿੱਥੇ ਬਹੁਤ ਚੰਗਾ ਪਿਤਾ ਦਿਖਾਇਆ ਹੈ ਉੱਥੇ ਉਹ ਆਪਣੇ ਪਰਿਵਾਰ ਦੀ ਇੱਜ਼ਤ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਹੈ। ਉਸ ਦਾ ਪੁੱਤਰ ਮਨਰਾਜ ਵਿਦੇਸ਼ ਵਿਚ ਜਾ ਕੇ ਆਪਣਾ ਰੁਜ਼ਗਾਰ ਕਰਦਾ ਹੈ ਤੇ ਧੀ ਦੀਪ ਪੜ੍ਹਾਈ ਲਈ ਕੈਨੇਡਾ ਜਾਂਦੀ ਹੈ ਤੇ ਉੱਥੋਂ ਦੇ ਮਾਹੌਲ ਵਿਚ ਰੰਗੀ ਜਾਂਦੀ ਹੈ ਤੇ ਇਕ ਗੋਰੇ ਮੁੰਡੇ ਨੂੰ ਪਿਆਰ ਕਰਨ ਦੀ ਗ਼ਲਤੀ ਕਰ ਬੈਠਦੀ ਹੈ ਤੇ ਚਾਹੁੰਦੀ ਹੈ ਕਿ ਉਸ ਦਾ ਵਿਆਹ ਉਸੇ ਨਾਲ ਹੀ ਹੋਵੇ ਜੋ ਕਿ ਉਸ ਦੇ ਪਿਤਾ ਤੇ ਭਰਾ ਨੂੰ ਪਸੰਦ ਨਹੀਂ ਜਿਸ ਕਾਰਨ ਉਨ੍ਹਾਂ ਦੇ ਘਰ ਵਿਚ ਕਲੇਸ਼ ਰਹਿਣ ਲੱਗ ਪੈਂਦਾ ਹੈ ਤੇ ਉਸ ਦੇ ਪਿਤਾ ਦੇ ਬੁਲਾਉਣ 'ਤੇ ਉਹ ਵਾਪਸ ਇੰਡੀਆ ਆਉਂਦੀ ਹੈ। ਮਾਪਿਆਂ ਦੇ ਸਮਝਾਉਣ ਦੇ ਬਾਵਜੂਦ ਉਹ ਆਪਣੀ ਗੱਲ ਤੋਂ ਟਸ ਤੋਂ ਮਸ ਨਹੀਂ ਹੁੰਦੀ ਜਿਸ ਕਾਰਨ ਨਾਜਰ ਸਿੰਘ ਨੂੰ ਲੱਗਦਾ ਹੈ ਕਿ ਉਨ੍ਹਾਂ ਦੇ ਘਰ ਦੀ ਇੱਜ਼ਤ ਹੁਣ ਗੁਆਂਢੀਆਂ ਵੱਲ ਨੂੰ ਝੁਕ ਰਹੀ ਹੈ ਤੇ ਉਹ ਆਪਣੀ ਹੀ ਧੀ ਦਾ ਕਤਲ ਕਰ ਦਿੰਦਾ ਹੈ ਤੇ ਸੋਚਦਾ ਹੈ ਕਿ ਇਕ ਵਾਰ ਫਿਰ ਉਸ ਨੇ ਇਕ ਕੱਚੀ ਕੰਧ ਨੂੰ ਡਿੱਗਣ ਤੋਂ ਬਚਾ ਲਿਆ ਹੈ। ਉਸ ਦੀ ਇਹੀ ਸੋਚ ਆਪਣੀ ਹੀ ਧੀ ਦਾ ਕਾਤਲ ਬਣਦੀ ਹੈ।



ਇਸ ਨਾਵਲ ਵਿਚ ਲੇਖਕ ਨੇ ਬਹੁਤ ਹੀ ਵਧੀਆ ਢੰਗ ਨਾਲ ਇਹ ਦੱਸਣ ਦੀ ਕੋਸ਼ਿਸ਼ ਕੀਤੀ ਹੈ ਕਿ ਸਾਡਾ ਸਮਾਜ ਕਿਵੇਂ ਪੜ੍ਹ ਲਿਖ ਕੇ ਵੀ ਪੁਰਾਣੀ ਸੱਭਿਅਤਾ ਨੂੰ ਮੁੱਖ ਰੱਖ ਕੇ ਚਲਦਾ ਹੈ। ਲੇਖਕ ਨੇ ਇਸ ਨਾਵਲ ਵਿੱਚ ਸਮਾਜਿਕ ਤੇ ਪਰਿਵਾਰਕ ਮਾਹੌਲ ਖ਼ੂਬ ਉਭਾਰਿਆ ਹੈ। ਲੇਖਕ ਨੇ ਭਾਸ਼ਾ ਦੀ ਰੰਗਤ ਪੇਂਡੂ ਰੱਖੀ ਹੈ ਜੋ ਕਿ ਹਰ ਇਕ ਦੀ ਸਮਝ ਵਿਚ ਆਉਣ ਵਾਲੀ ਹੈ। ਨਾਵਲ ਪੜ੍ਹ ਕੇ ਮਨ ਗਹਿਰੀ ਸੋਚ ਵਿਚ ਚਲਾ ਜਾਂਦਾ ਹੈ। ਇਹ ਨਾਵਲ ਜਿੰਨਾ ਪੜ੍ਹਨ ਵਿਚ ਦਿਲਚਸਪ ਹੈ ਓਨੀ ਹੀ ਇਸ ਦੀ ਦਿੱਖ ਵਧੀਆ ਹੈ।

| | | | | | |
|---|---|---|---|---|---|
| ਪੁਸਤਕ | : | ਕੱਚੀ ਕੰਧ (ਨਾਵਲ) | ਪੰਨੇ | : | 28 |
| ਲੇਖਕ | : | ਪਵਨ ਗਿੱਲਾਂਵਾਲਾ | ਮੁੱਲ | : | 20/- |
| ਪ੍ਰਕਾਸ਼ਕ | : | ਚੇਤਨਾ ਪ੍ਰਕਾਸ਼ਨ, ਲੁਧਿਆਣਾ। | | | |

'ਰੋਂਦਾ ਪਾਣੀ' ਕਰਮ ਕੌਰ ਦੁਆਰਾ ਰਚਿਤ ਨਾਵਲ ਰੁਮਾਂਟਿਕਤਾ ਨੂੰ ਪੇਸ਼ ਕਰਦਾ ਹੈ। ਲੇਖਿਕਾ ਨੇ ਇਸ ਨਾਵਲ ਰਾਹੀਂ ਪਿਆਰ ਦੀ ਤਸਵੀਰ ਪਾਠਕਾਂ ਸਾਹਮਣੇ ਪੇਸ਼ ਕੀਤੀ ਹੈ। ਨਾਵਲ ਵਿਚਲੀ ਕਹਾਣੀ ਸਹਿਜ ਤੋਰ ਤੁਰਦੀ ਹੈ ਜਿਸ ਕਰਕੇ ਰੋਚਿਕਤਾ ਕਾਇਮ ਰਹਿੰਦੀ ਹੈ। ਇਸ ਨਾਵਲ ਦਾ ਮੁੱਖ ਪਾਤਰ ਜਿੰਦਰ ਬਹੁਤ ਹੀ ਸੂਝਵਾਨ ਤੇ ਕੁੜੀਆਂ ਦੀ ਇੱਜ਼ਤ ਕਰਨ ਵਾਲਾ ਮੁੰਡਾ ਹੈ। ਉਸ ਲਈ ਪਿਆਰ ਦਾ ਭਾਵ ਸਰੀਰਕ ਛੋਹ ਨਾ ਹੋ ਕੇ ਦੋ ਰੂਹਾਂ ਦਾ ਮੇਲ ਹੈ ਪਰ ਕਾਲਜ ਵਿਚ ਜਾ ਕੇ ਨਾ ਚਾਹੁੰਦਿਆਂ ਹੋਇਆਂ ਵੀ ਉਹ ਇਕ ਕੁੜੀ ਨੂੰ ਪਿਆਰ ਕਰ ਬੈਠਦਾ ਹੈ ਤੇ ਜਦ ਉਸ ਨੂੰ ਪਤਾ ਲੱਗਦਾ ਹੈ ਕਿ ਉਸ ਕੁੜੀ ਦਾ ਰਿਸ਼ਤਾ ਕਿਤੇ ਹੋਰ ਹੋ ਗਿਆ ਹੈ ਤਾਂ ਉਹ ਅੰਦਰੋ ਇੰਨਾ ਟੁੱਟ ਜਾਂਦਾ ਹੈ ਕਿ ਉਹ ਨਸ਼ੇ ਵਿਚ ਧੁੱਤ ਹੋ ਕੇ ਕਿਸੇ ਮਾਸੂਮ ਦੀ ਜ਼ਿੰਦਗੀ ਖਰਾਬ ਕਰ ਦਿੰਦਾ ਹੈ। ਪਰ ਜਦ ਉਹ ਹੋਸ਼ ਵਿਚ ਆਉਂਦਾ ਹੈ ਤਾਂ ਇਸ ਘਟਨਾ ਦਾ ਉਸ 'ਤੇ ਡੂੰਘਾ ਅਸਰ ਪੈਂਦਾ ਹੈ ਤੇ ਉਹ ਉਸ ਮਾਸੂਮ ਕੁੜੀ ਤੋਂ ਮਾਫ਼ੀ ਮੰਗਣਾ ਚਾਹੁੰਦਾ ਹੈ ਪਰ ਹਾਲਾਤ ਉਸ ਵੱਲ ਨਹੀਂ ਹੁੰਦੇ ਤੇ ਉਹ ਅਜਿਹਾ ਕਰਨ ਵਿਚ ਸਫਲ ਨਹੀਂ ਹੁੰਦਾ ਕਿਤੇ-ਕਿਤੇ ਜਿੰਦਰ ਇਹ ਵੀ ਮਹਿਸੂਸ ਕਰਦਾ ਹੈ ਕਿ ਉਸ ਨੂੰ ਉਸੀ ਕੁੜੀ ਨਾਲ ਪਿਆਰ ਹੋ ਗਿਆ ਹੈ ਜਿਸ ਦੀ ਉਸ ਨੇ ਜ਼ਿੰਦਗੀ ਖਰਾਬ ਕੀਤੀ ਸੀ ਤੇ ਕਾਫ਼ੀ ਸੰਘਰਸ਼ ਕਰ ਕੇ ਉਹ ਉਸ ਤੋਂ ਮਾਫ਼ੀ ਮੰਗਣ ਵਿਚ ਸਫਲ ਹੋ ਜਾਂਦਾ ਹੈ। ਇਸ ਤਰ੍ਹਾਂ ਇਹ ਨਾਵਲ ਇਕ ਪ੍ਰੀਤ ਕਹਾਣੀ ਹੈ ਜਿਸ ਵਿਚ ਨਾਵਲ ਦਾ ਮੁੱਖ ਪਾਤਰ ਆਪਣੇ ਪਿਆਰ ਨੂੰ ਪਾਉਣ ਵਿਚ ਕਾਮਯਾਬ ਹੋ ਜਾਂਦਾ ਹੈ ਤੇ ਉਸ ਦੇ ਦਿਮਾਗ਼ ਤੋਂ ਉਮਰ ਭਰ ਦਾ ਬੋਝ ਉਤਰ ਜਾਂਦਾ ਹੈ।




ਨਾਵਲ ਵਿਚ ਕਈ ਦੁੱਖ ਤਕਲੀਫ਼ਾਂ ਤੇ ਕਸ਼ਟ ਵੀ ਦਿਖਾਏ ਗਏ ਹਨ ਜੋ ਕਿ ਹਰ ਇਕ ਪ੍ਰੀਤ ਕਹਾਣੀ ਵਿਚ ਆਉਂਦੇ ਹਨ। ਲੇਖਿਕਾ ਨੇ ਨਾਵਲ ਦਾ ਅੰਤ ਸੁਖਾਂਤਕ ਦਿਖਾਇਆ ਹੈ। ਨਾਵਲ ਵਿਚ ਲੇਖਿਕਾ ਨੇ ਇਹ ਦੱਸਣ ਦੀ ਕੋਸ਼ਿਸ਼ ਕੀਤੀ ਹੈ ਗ਼ਲਤ ਬੰਦਾ ਸਦਾ ਹੀ ਗ਼ਲਤ ਨਹੀਂ ਹੁੰਦਾ। ਕਈ ਵਾਰ ਇਨਸਾਨ ਨਾ ਚਾਹੁੰਦਿਆਂ ਹੋਇਆਂ ਕੋਈ ਗ਼ਲਤ ਕਦਮ ਉਠਾ ਲੈਂਦਾ ਹੈ ਪਰ ਜੇ ਉਸ ਨੂੰ ਆਪਣੀ ਗ਼ਲਤੀ ਦਾ ਅਹਿਸਾਸ ਹੈ ਤਾਂ ਉਹ ਮਾਫ਼ੀ ਦਾ ਵੀ ਹੱਕਦਾਰ ਹੁੰਦਾ ਹੈ।

• ਇੰਦਰਪ੍ਰੀਤ ਕੌਰ

| | | | | | |
|---|---|---|---|---|---|
| ਪੁਸਤਕ | : | ਰੋਂਦਾ ਪਾਣੀ (ਨਾਵਲ) | ਪੰਨੇ | : | 97 |
| ਲੇਖਕ | : | ਕਰਮ ਕੌਰ | ਮੁੱਲ | : | 250/- |
| ਪ੍ਰਕਾਸ਼ਕ | : | ਲੋਕਗੀਤ ਪ੍ਰਕਾਸ਼ਨ, ਮੋਹਾਲੀ। | | | |

ਇਹ ਪੁਸਤਕ ਸਿੱਖ ਇਤਿਹਾਸ ਦੇ ਮਹਾਨ ਯੋਧੇ ਬਾਬਾ ਬੰਦਾ ਸਿੰਘ ਬਹਾਦੁਰ ਦੇ ਅਲੌਕਿਕ ਜੀਵਨ, ਸ਼ਹਾਦਤ ਤੇ ਉਨ੍ਹਾਂ ਦੀ ਧਰਮ ਨਿਰਪੱਖਤਾ ਬਾਰੇ ਕਈ ਨਿਵੇਕਲੀਆਂ ਪਰਤਾਂ ਦੀ ਜਾਣਕਾਰੀ ਦਿੰਦੀ ਹੈ। ਆਰੰਭ ਵਿਚ ਲਿਖੇ ਦੀਦਾਰੀ ਹਰਫ਼ ਵਿਚ ਲੇਖਕ ਦਾ ਕਥਨ ਹੈ -ਦਸਵੇਂ ਪਾਤਸ਼ਾਹ ਦੇ ਥਾਪੜੇ ਨਾਲ ਬਾਬਾ ਬੰਦਾ ਸਿੰਘ ਬਹਾਦੁਰ ਨੇ ਪੰਜਾਬ ਦੀ ਪਵਿਤਰ ਧਰਤੀ ਤੇ ਪਹਿਲੀ ਵਾਰ ਸਿੱਖ ਰਾਜ ਦਾ ਝੰਡਾ ਗੱਡਿਆ। ਸਮਕਾਲੀ ਫਾਰਸੀ ਲਿਖਤਾਂ ਵਿਚ ਬਾਬਾ ਜੀ ਬਾਰੇ ਨਫ਼ਰਤ ਤੇ ਤੁਅੱਸਬ ਭਰੇ ਸ਼ਬਦਾਂ ਦੀ ਵਰਤੋਂ ਕੀਤੀ ਗਈ ਹੈ। ਕਈ ਅਸਲ ਤੱਥਾਂ ਨੂੰ ਛੁਪਾਇਆ ਗਿਆ ਹੈ। ਬਾਬਾ ਜੀ ਦਾ ਸੰਸਾਰਿਕ ਜੀਵਨ ਛਿਆਲੀ ਸਾਲ ਦਾ ਹੈ। ਜਿਸ ਵਿੱਚੋਂ ਅੱਠ ਸਾਲ ਪੂਰਨ ਗੁਰਸਿੱਖ ਵਾਲਾ ਜੀਵਨ ਰਿਹਾ। ਦਸਵੇਂ ਗੁਰੂ ਜੀ ਤੋਂ ਅੰਮ੍ਰਿਤ ਛਕਣ ਵੇਲੇ ਬਾਬਾ ਜੀ ਦੀ ਉਮਰ ਅਠੱਤੀ ਸਾਲ ਸੀ। ਕੁਲ ਚਾਰ ਸੰਖੇਪ ਕਾਂਡ ਹਨ। ਜਨਮ ਤੋਂ ਲੈ ਕੇ ਖੰਡੇ ਦੀ ਪਾਹੁਲ ਤਕ ਵਿਚ ਲੇਖਕ ਦੀ ਖੋਜ ਹੈ ਕਿ ਬਾਬਾ ਜੀ ਦਾ ਜਨਮ ਸਥਾਨ ਛੜਾਂ ਵਾਲੀ ਬਾਵਲੀ ਦੇ ਪਹਾੜੀ ਸਥਾਨ ਦਾ ਹੈ। ਇਹ ਥਾਂ ਤਹਿਸੀਲ ਤੇ ਜ਼ਿਲ੍ਹਾ ਰਾਜੌਰੀ ਪਟਵਾਰ ਹਲਕਾ ਫਤਹਿਪੁਰ ਹੈ। ਜਨਮ 16 ਅਕਤੂਬਰ ,1670 ਤੇ ਨਾਂ ਲਛਮਣ ਦੇਵ ਹੈ। ਆਰੰਭਿਕ ਜੀਵਨ ਸ਼ਿਕਾਰੀ ਦਾ ਹੈ। ਘਰਾਣਾ ਰਾਜਪੂਤ ਹੈ। ਵੱਡੀ ਭੈਣ ਸ਼ੋਭਾ ਦਈ ਤੇ ਛੋਟਾ ਭਰਾ ਸਹਿਦੇਵ ਹੈ (ਪੰਨਾ 3), ਜੋਗੀ ਔਗੜ ਨਾਥ ਕੋਲੋਂ ਰਿਧੀਆਂ ਸਿਧੀਆਂ ਮਿਲੀਆਂ।

ਦਸਵੇਂ ਗੁਰੂ ਜੀ ਤੇ ਮਾਧੋ ਦਾਸ ਦੀ ਦਿਲਚਸਪ ਵਾਰਤਾ ਪੰਨਾ 6 ਉੱਪਰ ਦਰਜ ਹੈ। ਗੁਰੂ ਜੀ ਨੇ ਬਹਾਦੁਰ ਦਾ ਖਿਤਾਬ ਦਿੱਤਾ ਸੀ। ਖੰਡੇ ਬਾਟੇ ਦੀ ਪਾਹੁਲ ਛਕੀ ਤੇ ਬਾਬਾ ਬੰਦਾ ਸਿੰਘ ਬਹਾਦੁਰ ਨਾਮ ਪ੍ਰਚਲਿਤ ਹੋਇਆ। ਭੱਟ ਵਹੀਆਂ ਦੀ ਗਵਾਹੀ ਹੈ। 78 ਹੋਰ ਹਵਾਲੇ ਹਨ। ਅਗਲੇ ਕਾਂਡ ਵਿਚ ਬਾਬਾ ਜੀ ਦੀਆਂ ਜਿੱਤਾਂ ਹਨ। ਪੁਸਤਕ ਵਿਚ ਲੇਖਕ ਦੀ ਖੋਜ ਹੈ ਕਿ ਬਾਬਾ ਜੀ ਦੀ ਦੂਸਰੀ ਪਤਨੀ ਸਾਹਿਬ ਕੌਰ ਸੀ। ਜਿਸ ਦੇ ਪਰਿਵਾਰ ਦੀ ਬੰਸਾਵਲੀ ਪੰਨਾ 40 'ਤੇ ਹੈ। ਇਸ ਨਾਲ ਹਰਦੁਆਰ ਦੀ ਵਹੀ ਸੋਢੀਆਂ ਦਾ ਹਵਾਲਾ ਹੈ। ਪੁਸਤਕ ਸਿੱਖ ਇਤਿਹਾਸ ਦੀ ਅਹਿਮ ਦਸਤਾਵੇਜ਼ ਅਤੇ ਖ਼ਜ਼ਾਨਾ ਹੈ। ਟਾਈਟਲ ਖ਼ੂਬਸੂਰਤ ਤੇ ਕੀਮਤ ਵਾਜਿਬ ਹੈ।




• ਪ੍ਰਿੰ. ਗੁਰਮੀਤ ਸਿੰਘ ਫਾਜ਼ਿਲਕਾ

| | | | | | |
|---|---|---|---|---|---|
| ਪੁਸਤਕ | : | ਤੇਗ-ਏ-ਆਤਿਸ਼ਬਾਰ ਬਾਬਾ ਬੰਦਾ ਸਿੰਘ ਬਹਾਦੁਰ | ਪੰਨੇ | : | 56 |
| ਲੇਖਕ | : | ਡਾ. ਜਸਬੀਰ ਸਿੰਘ ਸਰਨਾ | ਮੁੱਲ | : | 50/- |
| ਪ੍ਰਕਾਸ਼ਕ | : | ਬਾਬਾ ਬੰਦਾ ਸਿੰਘ ਬਹਾਦੁਰ ਸਿੱਖ ਨੌਜਵਾਨ ਸਭਾ (ਰਜਿ.) ਰਾਜੌਰੀ (ਜੰਮੂ ਕਸ਼ਮੀਰ) | | | |

ਜਗਜੀਤ ਸਿੰਘ ਨੂਰ ਸੁਹਿਰਦ, ਸੰਵੇਦਨਸ਼ੀਲ ਅਤੇ ਆਪਣੇ ਆਲੇ-ਦੁਆਲੇ ਪ੍ਰਤੀ ਜਾਗਰੂਕ ਸ਼ਾਇਰ ਹੈ। ਹੱਥਲਾ ਸੰਗ੍ਰਹਿ 'ਦਰਦਾਂ ਦੀ ਦਾਸਤਾਨ' ਉਸ ਦਾ ਦੂਜਾ ਕਾਵਿ ਸੰਗ੍ਰਹਿ ਹੈ। ਪੁਸਤਕ ਦੀਆਂ ਰਚਨਾਵਾਂ ਵਿੱਚੋਂ ਜਗਜੀਤ ਸਿੰਘ ਦੇ ਜੀਵਨ ਅਨੁਭਵ ਦੀ ਪਰਪੱਕਤਾ, ਲੋਕ ਪੱਖੀ ਸੰਵੇਦਨਾ, ਲੋਕਾਂ ਦੇ ਦੁਖਾਂਤ ਦੀ ਵਿਆਖਿਆ ਅਤੇ ਆਧੁਨਿਕ ਮਨੁੱਖ ਦੀ ਰਹਿਣੀ-ਬਹਿਣੀ ਦ੍ਰਿਸ਼ਟੀਗੋਚਰ ਹੁੰਦੀ ਹੈ। ਗੁਰੂ ਸਾਹਿਬਾਨ ਪ੍ਰਤੀ ਸਤਿਕਾਰ, ਸਮਾਜ ਵਿਚ ਦਿਨ ਪ੍ਰਤੀ ਦਿਨ ਆ ਰਹੇ ਨਿਘਾਰ ਦਾ ਦੁਖਾਂਤ, ਮਨੁੱਖੀ ਜੀਵਨ ਦੀਆਂ ਤਕਲੀਫ਼ਾਂ, ਦੇਸ਼ ਦੀ ਦਸ਼ਾ ਤੇ ਦਿਸ਼ਾ, ਸਿਆਸਤ ਦਾ ਵਿਗੜਦਾ ਸਰੂਪ, ਔਰਤ 'ਤੇ ਹੋ ਰਹੇ ਜ਼ੁਲਮ, ਬਜ਼ੁਰਗਾਂ ਦੀ ਅਣਦੇਖੀ, ਨਸ਼ਿਆਂ 'ਚ ਗ਼ਲਤਾਨ ਹੋ ਰਹੀ ਪੰਜਾਬ ਦੀ ਜਵਾਨੀ ਦਾ ਫ਼ਿਕਰ, ਧਾਰਮਿਕ ਕੱਟੜਤਾ ਦੇ ਨੁਕਸਾਨ ਆਦਿ ਉਸ ਦੀ ਕਵਿਤਾ ਦੇ ਵਿਸ਼ੇ ਹਨ। ਨੂਰ ਨੇ ਇਸ ਪੁਸਤਕ ਨੂੰ ਤਿੰਨ ਭਾਗਾਂ ਵਿਚ ਵੰਡਕੇ ਪਾਠਕਾਂ ਨੂੰ ਪਰੋਸਿਆ ਹੈ।

ਪਹਿਲੇ ਹਿੱਸੇ ਵਿਚ ਕਵਿਤਾਵਾਂ, ਦੂਜੇ ਵਿਚ ਗ਼ਜ਼ਲਾਂ ਅਤੇ ਤੀਜੇ ਵਿਚ ਉਰਦੂ ਰੰਗ ਦੀਆਂ ਰਚਨਾਵਾਂ ਹਨ। ਪੁਸਤਕ ਵਿਚਲੀਆਂ ਗ਼ਜ਼ਲਾਂ ਦੀ ਜੇ ਗੱਲ ਕਰੀਏ ਤਾਂ ਜਗਜੀਤ ਸਿੰਘ ਨੂਰ ਦੀਆਂ ਇਹ ਰਚਨਾਵਾਂ ਗ਼ਜ਼ਲ ਦੇ ਉਸਤਾਦ ਅਮਰਜੀਤ ਸਿੰਘ ਸੰਧੂ ਦੀ ਨਜ਼ਰ ਹੇਠੋਂ ਗੁਜ਼ਰ ਕੇ ਆਈਆਂ ਹਨ। ਸੋ ਬਹਿਰ-ਵਜ਼ਨ ਦੀ ਕਮੀ ਪੇਸ਼ੀ ਦੀ ਤਾਂ ਗੁੰਜਾਇਸ਼ ਹੀ ਨਹੀਂ ਰਹਿ ਜਾਂਦੀ। ਪੁਸਤਕ ਦੀ ਭਾਸ਼ਾ ਤੇ ਬਿਆਨ ਸ਼ੈਲੀ ਬਹੁਤ ਹੀ ਸਾਦੀ ਹੈ ਜੋ ਪਾਠਕ ਮਨ ਅੰਦਰ ਸਹਿਜੇ ਹੀ ਲਹਿ ਜਾਂਦੀ ਹੈ। ਇਹ ਜਗਜੀਤ ਸਿੰਘ ਨੂਰ ਦੀ ਕਵਿਤਾ ਦਾ ਅਮੀਰੀ ਗੁਣ ਵੀ ਕਿਹਾ ਜਾ ਸਕਦਾ ਹੈ। ਪੁਸਤਕ ਦੀਆਂ ਰਚਨਾਵਾਂ ਵਿਚ ਨੂਰ ਨੇ ਦੇਸ਼ ਵਿਚ ਵਾਪਰਦੀਆਂ ਚੰਗੀਆਂ-ਮਾੜੀਆਂ ਘਟਨਾਵਾਂ, ਰਾਜਨੀਤਕ ਦਲਾਂ ਵਲੋਂ ਆਮ ਲੋਕਾਂ ਦਾ ਸ਼ੋਸ਼ਣ, ਲੋਕ ਵਿਰੋਧੀ ਚਾਲਾਂ, ਪੂੰਜੀਪਤੀਆਂ ਦੀ ਲੁੱਟ-ਮਾਰ ਨੂੰ ਬਾਖ਼ੂਬੀ ਪੇਸ਼ ਕੀਤਾ ਹੈ। ਉਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦਾ ਹੈ, ਆਪਣਿਆਂ ਕਵਿਤਾਵਾਂ ਰਾਹੀ ਤੇ ਉਨ੍ਹਾਂ ਦੇ ਸਿਦਕ ਅੱਗੇ ਸਿਰ ਝੁਕਾਉਂਦਾ ਹੋਇਆ ਮਾਂ ਬੋਲੀ ਦਾ ਗੁਣਗਾਨ ਵੀ ਕਰਦਾ ਹੈ। ਉਸ ਨੂੰ ਭਰੂਣ ਹੱਤਿਆ ਜਿਹੀ ਲਾਹਨਤ ਦਾ ਗਿਆਨ ਹੈ। ਪਿਆਰ ਦਾ ਅਨੁਭਵ ਅਤੇ ਇਸ ਜਨਮ ਤੋਂ ਮੁਕਤੀ ਦਾ ਫ਼ਿਕਰ ਵੀ। ਪੁਸਤਕ ਦੇ ਅਧਿਐਨ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਜਗਜੀਤ ਸਿੰਘ ਨੂਰ ਮਨੁੱਖਤਾ ਦਾ ਭਲਾ ਚਾਹੁੰਣ ਵਾਲਾ ਮਾਨਵਵਾਦੀ ਕਵੀ ਹੈ। ਉਸ ਦੀ ਕਵਿਤਾ ਮਾਨਵੀ-ਸਰੋਕਾਰਾਂ ਦੀ ਕਥਾ ਕਰਦੀ ਹੈ।



• ਜਸਵਿੰਦਰ ਦੂਹੜਾ

| | | | | | |
|---|---|---|---|---|---|
| ਪੁਸਤਕ | : | ਦਰਦਾਂ ਦੀ ਦਾਸਤਾਨ (ਕਾਵਿ-ਗ਼ਜ਼ਲ ਸੰਗ੍ਰਹਿ) | ਪੰਨੇ | : | 88 |
| ਸ਼ਾਇਰ | : | ਜਗਜੀਤ ਸਿੰਘ ਨੂਰ | ਮੁੱਲ | : | 150/- |
| ਪ੍ਰਕਾਸ਼ਕ | : | ਸੰਜੋਗ ਪਬਲਿਸ਼ਰਜ਼, ਚੰਡੀਗੜ੍ਹ। | | | |

## ਸੰਪਾਦਕੀ

### ਇਸ ਭਾਰਤ ਭਾਰਤ ਦੀ ਹਾਕੀ ਨੇ ਦੇਸ਼ ਵਾਸੀਆਂ ਨੂੰ ਕੀਤਾ ਨਿਰਾਸ਼

ਵਿਸ਼ਵ ਹਾਕੀ ਕੱਪ ਚੱਲ ਰਿਹਾ ਹੈ ਪਰ ਇਹ ਬੇਹੱਦ ਨਿਰਾਸ਼ਾਜਨਕ ਹੈ ਕਿ ਭਾਰਤੀ ਪੁਰਸ਼ ਹਾਕੀ ਟੀਮ ਵਿਸ਼ਵ ਕੱਪ ਵਿੱਚ ਤਗ਼ਮੇ ਦੀ ਦੌੜ ਤੋਂ ਬਾਹਰ ਹੋ ਗਈ ਹੈ। ਟੋਕੀਓ (2021) ਅਤੇ ਪੈਰਿਸ (2024) ਦੀਆਂ ਲਗਾਤਾਰ ਦੋ ਕਾਂਸੀ ਦੇ ਤਗ਼ਮੇ ਵਾਲੀਆਂ ਓਲੰਪਿਕ ਜਿੱਤਾਂ ਦੇ ਮੱਦੇਨਜ਼ਰ ਟੀਮ ਤੋਂ ਉਮੀਦਾਂ ਬਹੁਤ ਜ਼ਿਆਦਾ ਸਨ। ਚੱਲ ਰਹੇ ਹਾਕੀ ਵਿਸ਼ਵ ਕੱਪ ਦੌਰਾਨ ਟੀਮ ਅਹਿਮ ਮੌਕਿਆਂ ’ਤੇ ਲੜਖੜਾ ਗਈ ਅਤੇ ਇੰਗਲੈਂਡ, ਨੈਦਰਲੈਂਡਜ਼ ਤੇ ਅਰਜਨਟੀਨਾ ਵਿਰੁੱਧ ਮੈਚ ਹਾਰ ਗਈ। ਕਪਤਾਨ ਅਤੇ ਮੁੱਖ ਡਰੈਗ-ਫਲਿੱਕਰ ਹਰਮਨਪ੍ਰੀਤ ਸਿੰਘ, ਜੋ ਪੂਰੀ ਤਰ੍ਹਾਂ ਫਿੱਟ ਨਹੀਂ ਸਨ, ’ਤੇ ਕਪਤਾਨੀ ਦੀ ਜ਼ਿੰਮੇਵਾਰੀ ਦਾ ਬਹੁਤ ਜ਼ਿਆਦਾ ਬੋਝ ਜਾਪਦਾ ਸੀ। ਕਮਜ਼ੋਰ ਪੈ ਰਹੀ ਪਾਕਿਸਤਾਨੀ ਟੀਮ ਵਿਰੁੱਧ 5-3 ਦੀ ਜਿੱਤ ਨਾਲ ਵੀ ਕੋਈ ਬਹੁਤਾ ਸਕੂਨ ਨਹੀਂ ਮਿਲਿਆ, ਭਾਵੇਂ ਕਿ ਮੈਚ ਤੋਂ ਬਾਅਦ ਦੋਵੇਂ ਧਿਰਾਂ ਵੱਲੋਂ ਆਪਸੀ ਮਿਲਣੀ ਕ੍ਰਿਕਟ ਦੇ ਮੈਦਾਨ ਵਿੱਚ ਦਿਖਾਈ ਦੇਣ ਵਾਲੀ ਕੁੜੱਤਣ ਤੋਂ ਬਿਲਕੁਲ ਵੱਖਰਾ ਅਤੇ ਮਨ ਨੂੰ ਟੁੰਬਣ ਵਾਲਾ ਦ੍ਰਿਸ਼ ਸੀ।ਸਭ ਤੋਂ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਟੀਮ ਪੁਰਾਣੇ ਖਿਡਾਰੀਆਂ ਦੀ ਥਾਂ ਨਵੇਂ ਖਿਡਾਰੀ ਲਿਆਉਣ ਦੀ ਪ੍ਰਕਿਰਿਆ ਨੂੰ ਸਹੀ ਤਰੀਕੇ ਨਾਲ ਨਹੀਂ ਸੰਭਾਲ ਸਕੀ। ਹੋਣਹਾਰ ਨੌਜਵਾਨਾਂ ਨੂੰ ਲੋੜੀਂਦੇ ਮੌਕੇ ਨਹੀਂ ਦਿੱਤੇ ਜਾ ਰਹੇ। ਲਾਸ ਏਂਜਲਸ ਓਲੰਪਿਕਸ ਵਿੱਚ ਹੁਣ ਦੋ ਸਾਲਾਂ ਤੋਂ ਵੀ ਘੱਟ ਸਮਾਂ ਬਾਕੀ ਰਹਿੰਦਾ ਹੈ। ਅਜਿਹੇ ਵਿੱਚ ਭਾਰਤ ਬੈਕ-ਅੱਪ ਤਿਆਰ ਕੀਤੇ ਬਿਨਾਂ ਸਿਰਫ਼ ਤਜਰਬੇਕਾਰ ਖਿਡਾਰੀਆਂ ਦੇ ਭਰੋਸੇ ਨਹੀਂ ਬੈਠ ਸਕਦਾ। ਅੱਜ ਦੇ ਮੁਕਾਬਲੇਬਾਜ਼ ਹਾਕੀ ਦੇ ਦੌਰ ਵਿੱਚ ਗ਼ਲਤੀ ਦੀ ਕੋਈ ਗੁੰਜਾਇਸ਼ ਨਹੀਂ ਹੈ। ਪਿਛਲੇ ਦੋ ਪ੍ਰੋ ਲੀਗ ਸੀਜ਼ਨਾਂ ਵਿੱਚ ਅੱਠਵੇਂ ਸਥਾਨ ’ਤੇ ਰਹਿਣਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਟੀਮ ਨੂੰ ਹੁਣ ਨਵੇਂ ਸਿਰਿਓਂ ਰਣਨੀਤੀ ਬਣਾਉਣ ਦੀ ਲੋੜ ਹੈ।

ਮਹਿਲਾ ਟੀਮ, ਜਿਸ ਵਿੱਚ ਪਹਿਲੀ ਵਾਰ ਵਿਸ਼ਵ ਕੱਪ ਖੇਡਣ ਵਾਲੀਆਂ ਕਈ ਖਿਡਾਰਨਾਂ ਵੀ ਸ਼ਾਮਿਲ ਸਨ, ਨੇ ਚੀਨ ਅਤੇ ਆਸਟਰੇਲੀਆ ਵਰਗੀਆਂ ਮਜ਼ਬੂਤ ਟੀਮਾਂ ਨੂੰ ਡਰਾਅ ’ਤੇ ਰੋਕ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੀਮ ਮਹਿਜ਼ ਕੁਝ ਫ਼ਰਕ ਨਾਲ ਸੈਮੀਫਾਈਨਲ ਵਿੱਚ ਪਹੁੰਚਣੋਂ ਖੁੰਝ ਗਈ। ਖਿਡਾਰਨਾਂ ਦਾ ਮੰਨਣਾ ਹੈ ਕਿ ਮਹਿਲਾ ਹਾਕੀ ਲੀਗ ਨੇ ਉਨ੍ਹਾਂ ਨੂੰ ਆਤਮ-ਵਿਸ਼ਵਾਸ ਅਤੇ ਵੱਡਾ ਤਜਰਬਾ ਦਿੱਤਾ ਹੈ। ਵਿੱਤੀ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੀ ਇਸ ਲੀਗ ਨੂੰ ਬਚਾਉਣ ਦੀ ਮੰਗ ਨੂੰ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ। ਭਾਵੇਂ ਪੁਰਸ਼ ਟੀਮ ਹੋਵੇ ਜਾਂ ਮਹਿਲਾ ਟੀਮ, ਭਾਰਤੀ ਹਾਕੀ ਵਿੱਚ ਹੁਨਰ ਦੀ ਕੋਈ ਕਮੀ ਨਹੀਂ ਹੈ। ਭਾਰਤ ਵਿੱਚ ਕ੍ਰਿਕਟ ਦੇ ਮੁਕਾਬਲੇ ਪੱਛੜ ਰਹੀ ਇਸ ਖੇਡ ਨੂੰ ਜਿਸ ਅਸਲ ਚੀਜ਼ ਦੀ ਲੋੜ ਹੈ, ਉਹ ਹੈ ਇੱਕ ਮਜ਼ਬੂਤ ਪ੍ਰਬੰਧ, ਜੋ ਲਗਾਤਾਰ ਵਿਸ਼ਵ ਪੱਧਰੀ ਖਿਡਾਰੀ ਤਿਆਰ ਕਰ ਸਕੇ। ਵਿਸ਼ਵ ਕੱਪ ਤੋਂ ਮਿਲੇ ਸਬਕ ਨੂੰ 2028 ਦੀਆਂ ਓਲੰਪਿਕ ਖੇਡਾਂ ਅਤੇ ਅੱਗੇ ਦੀ ਤਿਆਰੀ ਦਾ ਆਧਾਰ ਬਣਾਉਣਾ ਚਾਹੀਦਾ ਹੈ।

-ਪੀਤਾਂਬਰ ਸ਼ਰਮਾ

# ਪੰਜਾਬ ਨੂੰ ਲੁੱਟਣ ਲਈ ਭਾਜਪਾ ਨਾਲ ਨਾਪਾਕ ਗਠਜੋੜ ਕਰਨ ਵਾਸਤੇ ਅਕਾਲੀ ਲੀਡਰਸ਼ਿਪ ਪੱਬਾਂ ਭਾਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਭਾਜਪਾ-ਅਕਾਲੀ ਸਰਕਾਰ ਨੇ ਹੀ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ; ਲੋਕ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰਨਗੇ

➢ ਅਕਾਲੀ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ, ਹੁਣ ਸੁਖਬੀਰ ਬਾਦਲ ’ਤੇ ਹੋਏ ਹਮਲੇ ਨੂੰ ਧਰਮ ਨਾਲ ਜੋੜ ਰਹੇ ਹਨ

**ਚਵਿੰਡਾ ਦੇਵੀ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ ’ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਸ ਦੀ ਲੀਡਰਸ਼ਿਪ ਸੱਤਾ ਵਿੱਚ ਵਾਪਸੀ ਕਰਨ ਅਤੇ ਪੰਜਾਬ ਨੂੰ ਫਿਰ ਤੋਂ ਲੁੱਟਣ ਦੀ ਕੋਸ਼ਿਸ਼ ਵਿੱਚ ਭਾਜਪਾ ਨਾਲ ਗਠਜੋੜ ਕਰਨ ਲਈ ਪੱਬਾਂ ਭਾਰ ਹੋਈ ਪਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਦੇ ਲੋਕ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਅਤੇ ਬਰਬਾਦ ਕਰਨ ਲਈ ਭਾਜਪਾ-ਅਕਾਲੀ ਗਠਜੋੜ ਨੂੰ ਕਦੇ ਮਾਫ਼ ਨਹੀਂ ਕਰਨਗੇ। ਅੰਮ੍ਰਿਤਸਰ ਦੇ ਚਵਿੰਡਾ ਦੇਵੀ ਵਿਖੇ ਵਿਸ਼ਾਲ ’ਲੋਕ ਮਿਲਣੀ’ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਜੀਠਾ ਦੇ ਲੋਕ ਹੁਣ ਨਵਾਂ ਸਿਆਸੀ ਅਧਿਆਏ ਲਿਖਣ ਲਈ ਤਿਆਰ ਹਨ। ਉਨ੍ਹਾਂ ਪਿਛਲੀਆਂ ਸਰਕਾਰਾਂ ਦੀ ਪਰਚੇ, ਗੁੰਡਾਗਰਦੀ ਅਤੇ ਡਰ ਦੀ ਰਾਜਨੀਤੀ ਦਾ ਮੁਕਾਬਲਾ ਆਪਣੀ ਸਰਕਾਰ ਵੱਲੋਂ ਨੌਕਰੀਆਂ, ਸਕੂਲ, ਹਸਪਤਾਲ, ਸੜਕਾਂ ਅਤੇ ਵਿਕਾਸ ਦੇ ਬਣਾਏ ਰਿਕਾਰਡ ਨਾਲ ਕੀਤਾ।

ਮੁੱਖ ਮੰਤਰੀ ਨੇ ਬੇਅਦਬੀ ਦੇ ਮੁੱਦੇ ਅਤੇ ਸੁਖਬੀਰ ਬਾਦਲ ’ਤੇ ਹੋਏ ਹਮਲੇ ਬਾਰੇ ਅਕਾਲੀਆਂ ਦੇ ਰਵੱਈਏ ’ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਨਾ ਕੋਈ ਕੈਸ਼, ਨਾ ਕੋਈ ਫ਼ਰਮਾਇਸ਼ ਦੇ ਸਿਧਾਂਤ ਨਾਲ ਸਿਰਫ਼ ਯੋਗਤਾ ਦੇ ਆਧਾਰ ’ਤੇ 70 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਇੰਨਾ ਸੁਧਾਰ ਕੀਤਾ ਹੈ ਕਿ ਵਿਦਿਆਰਥੀ ਹੁਣ ਜੇ.ਈ.ਈ. ਅਤੇ ਨੀਟ ਦੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ।

ਇਕੱਠ ਦੀਆਂ ਕੁੱਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ’ਤੇ ਲਿਖਿਆ, ਅੱਜ ਚਵਿੰਡਾ ਦੇਵੀ ਦੀ ਪਵਿੱਤਰ ਧਰਤੀ ’ਤੇ ਲੋਕਾਂ ਦਾ ਭਾਰੀ ਇਕੱਠ ਇਸ ਗੱਲ ਦਾ ਸਬੂਤ ਹੈ ਕਿ ਮਜੀਠਾ ਹਲਕੇ ਦੇ ਲੋਕ ਹੁਣ ਨਵਾਂ ਅਧਿਆਏ ਲਿਖਣ ਲਈ ਪੂਰੀ ਤਰ੍ਹਾਂ ਤਿਆਰ ਹਨ। ਪਿਛਲੀਆਂ ਸਰਕਾਰਾਂ ਨੇ ਇਸ ਇਲਾਕੇ ਨੂੰ ਝੂਠੇ ਕੇਸਾਂ, ਗੁੰਡਾਗਰਦੀ ਅਤੇ ਡਰ ਦੀ ਰਾਜਨੀਤੀ ਤੋਂ ਇਲਾਵਾ ਕੁਝ ਨਹੀਂ ਦਿੱਤਾ, ਜਦੋਂ ਕਿ ਅਸੀਂ ਪੂਰੇ ਪੰਜਾਬ ਵਿੱਚ ਬਿਹਤਰ ਸਕੂਲਾਂ, ਹਸਪਤਾਲਾਂ, ਨੌਕਰੀਆਂ ਦੇ ਨਾਲ-ਨਾਲ ਵਿਕਾਸ ਦੀਆਂ ਆਪਣੀਆਂ ਗਰੰਟੀਆਂ ਪੂਰੀਆਂ ਕਰ ਰਹੇ ਹਾਂ। ਇਸ ਬੇਮਿਸਾਲ ਪਿਆਰ ਅਤੇ ਅਟੁੱਟ ਸਮਰਥਨ ਲਈ ਮਜੀਠਾ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਸ ਅਕਾਲੀ ਲੀਡਰਸ਼ਿਪ ਨੇ ਸੂਬੇ ਭਰ ਵਿੱਚ ਬੇਅਦਬੀਆਂ ਕਰਵਾਈਆਂ, ਦੋਸ਼ੀਆਂ ਨਾਲ ਸਬੰਧਤ ਸਬੂਤ ਨਸ਼ਟ ਕੀਤੇ, ਨਿਰਦੋਸ਼ ਲੋਕਾਂ ’ਤੇ ਗੋਲੀਬਾਰੀ ਦੇ ਹੁਕਮ ਦਿੱਤੇ ਅਤੇ ਹੋਰ ਕਈ ਪਾਪ ਕੀਤੇ, ਉਹ ਹੁਣ ਪੰਜਾਬ ਦੀ ਸੱਤਾ ਵਿੱਚ ਵਾਪਸ ਆਉਣ ਲਈ ਕਾਹਲੀ ਹੋਈ ਪਈ ਹੈ। ਉਨ੍ਹਾਂ ਕਿਹਾ, ਇਸ ਮਕਸਦ ਲਈ ਉਹ ਸੂਬੇ ਨੂੰ ਲੁੱਟਣ ਵਾਸਤੇ ਭਾਜਪਾ ਲੀਡਰਸ਼ਿਪ ਨਾਲ ਹੱਥ ਮਿਲਾਉਣ ਲਈ ਤਰਲੇ ਮਾਰ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਲੋਕ ਉਨ੍ਹਾਂ ਨੂੰ ਇੱਕ ਵਾਰ ਫਿਰ ਬਾਹਰ ਦਾ ਰਸਤਾ ਦਿਖਾਉਣਗੇ। ਪੰਜਾਬੀ ਅਕਾਲੀਆਂ ਅਤੇ ਭਾਜਪਾ ਨੂੰ ਸੂਬੇ ਅਤੇ ਇਸ ਦੇ ਲੋਕਾਂ ਵਿਰੁੱਧ ਕੀਤੇ ਪਾਪਾਂ ਕਰਕੇ ਸਿਆਸੀ ਗੁਮਨਾਮੀ ਵਿੱਚ ਭੇਜ ਦੇਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਵਿੱਚ ਲੋਕਾਂ ਦੀ ਭਾਰੀ ਸ਼ਮੂਲੀਅਤ ਦਰਸਾਉਂਦੀ ਹੈ ਕਿ ਉਹ 2027 ਵਿੱਚ ਇੱਕ ਨਵੀਂ ਕਹਾਣੀ ਲਿਖਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ, ਪਹਿਲਾਂ ਪੰਜਾਬ ’ਤੇ ਸਿਰਫ਼ ਇੱਕ ਪਰਿਵਾਰ ਦਾ ਰਾਜ ਸੀ, ਜਿਨ੍ਹਾਂ ਲੋਕਾਂ ਨੂੰ ਆਪਣੇ ਗ਼ੁਲਾਮ ਬਣਾ ਕੇ ਰੱਖਿਆ, ਉਨ੍ਹਾਂ ਨਾਲ ਜਾਨਵਰਾਂ ਵਾਂਗ ਸਲੂਕ ਕੀਤਾ ਅਤੇ ਅਨੇਕਾਂ ਪਰਿਵਾਰ ਬਰਬਾਦ ਕਰ ਦਿੱਤੇ। ਉਨ੍ਹਾਂ ਕਿਹਾ ਕਿ 2022 ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਸਾਡੀ ਸਰਕਾਰ ਨੇ ਪੰਜਾਬ ਦੇ ਸਰਵਪੱਖੀ ਵਿਕਾਸ ’ਤੇ ਧਿਆਨ ਕੇਂਦਰਿਤ ਕੀਤਾ ਅਤੇ ਬਿਜਲੀ, ਖੇਡਾਂ, ਸਿੱਖਿਆ, ਸਿਹਤ ਅਤੇ ਹੋਰ ਪ੍ਰਮੁੱਖ ਖੇਤਰਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਢੇ ਚਾਰ ਸਾਲ ਦੇ ਕਾਰਜਕਾਲ ਤੋਂ ਬਾਅਦ ਉਹ ਲੋਕਾਂ ਨਾਲ ਕੀਤੇ ਹਰ ਇੱਕ ਵਾਅਦੇ ਅਤੇ ਹਰ



ਗਾਰੰਟੀ ਨੂੰ ਪੂਰਾ ਕਰਕੇ ਅੱਜ ਲੋਕਾਂ ਦੇ ਸਾਹਮਣੇ ਖੜ੍ਹੇ ਹਨ। ਉਨ੍ਹਾਂ ਅੱਗੇ ਕਿਹਾ, ਮੈਂ ਲੋਕਾਂ ਨੂੰ ਚੇਤੇ ਕਰਵਾਉਂਦਾ ਹਾਂ ਕਿ ਪਹਿਲਾਂ ਮਾਝੇ ਦੀ ਇਸ ਪਵਿੱਤਰ ਧਰਤੀ ’ਤੇ ਗੁੰਡਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਦਾ ਬੋਲਬਾਲਾ ਸੀ। ਇੱਕ ਪਾਸੇ ਬਾਜਵੇ ਸਨ ਅਤੇ ਦੂਜੇ ਪਾਸੇ ਵਲਟੋਹਾ ਅਤੇ ਉਸ ਦਾ ਬਦਨਾਮ ਆਕਾ ਸੀ। ਇਨ੍ਹਾਂ ਲੋਕਾਂ ਨੇ ਇਥੇ ਦਹਿਸ਼ਤ ਦਾ ਮਾਹੌਲ ਬਣਾ ਕੇ ਰੱਖਿਆ ਹੋਇਆ ਸੀ ਅਤੇ ਲੋਕ ਡਰ ਤੇ ਸਹਿਮ ਦੇ ਮਾਹੌਲ ਵਿੱਚ ਰਹਿਣ ਲਈ ਮਜਬੂਰ ਸਨ। ਇਨ੍ਹਾਂ ਲੋਕਾਂ ਨੇ ਪੰਜਾਬ ਵਿੱਚ ਨਸ਼ੇ ਲਿਆਂਦੇ ਅਤੇ ਸਾਡੀਆਂ ਪੀੜ੍ਹੀਆਂ ਬਰਬਾਦ ਕਰ ਦਿੱਤੀਆਂ।

ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਕੁਝ ਸਿਆਸੀ ਪਰਿਵਾਰਾਂ ਵੱਲੋਂ ਨਿਭਾਈ ਗਈ ਇਤਿਹਾਸਕ ਭੂਮਿਕਾ ਤੋਂ ਲੋਕ ਭਲੀ-ਭਾਂਤ ਜਾਣੂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਕੋਈ ਜਾਣਦਾ ਹੈ ਕਿ ਇਹ ਕੁਨਬਾ ਅੰਗਰੇਜ਼ਾਂ ਦੀ ਕਠਪੁਤਲੀ ਸੀ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਸਾਜ਼ਿਸ਼ਾਂ ਰਚਣ ਬਦਲੇ ਅੰਗਰੇਜ਼ਾਂ ਨੇ ਇਨ੍ਹਾਂ ਨੂੰ ’ਸਰ’ ਦਾ ਖ਼ਿਤਾਬ ਦਿੱਤਾ ਸੀ। 13 ਅਪ੍ਰੈਲ 1919 ਦੇ ਜਲ੍ਹਿਆਂਵਾਲਾ ਬਾਗ਼ ਦੇ ਸਾਕੇ ਤੋਂ ਬਾਅਦ ਇਸੇ ਪਰਿਵਾਰ ਨੇ ਜਨਰਲ ਡਾਇਰ ਲਈ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ। ਅਜਿਹੇ ਹੀ ਕਈ ਕਾਰਿਆਂ ਨੇ ਇਸ ਕੁਨਬੇ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਕਿਰਦਾਰ ਨੂੰ ਬੇਨਕਾਬ ਕੀਤਾ।

ਉਨ੍ਹਾਂ ਕਿਹਾ ਕਿ ਇਸ ਕੁਨਬੇ ਦੇ ਅਜਿਹੇ ਕੁਕਰਮ ਕਰਕੇ ਅੰਗਰੇਜ਼ੀ ਹਕੂਮਤ ਵਿਰੁੱਧ ਲੜਨ ਵਾਲੇ ਲੱਖਾਂ ਆਜ਼ਾਦੀ ਘੁਲਾਟੀਆਂ ਨਾਲ ਧ੍ਰੋਹ ਕਮਾਇਆ। ਉਨ੍ਹਾਂ ਕਿਹਾ, ਸਿਰਫ਼ ਇੰਨਾ ਹੀ ਨਹੀਂ, ਇਸ ਪਰਿਵਾਰ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਨਰਲ ਡਾਇਰ ਨੂੰ ਸਿਰੋਪਾਓ ਅਤੇ ਮੁਆਫ਼ੀ ਦਿਵਾ ਕੇ ਲੋਕਾਂ ਦੇ ਜ਼ਖ਼ਮਾਂ ‘ਤੇ ਲੂਣ ਭੁੱਕਣ ਵਿੱਚ ਕੋਈ ਕਸਰ ਨਹੀਂ ਛੱਡੀ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਪੰਜਾਬ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਸਨ। ਇਨ੍ਹਾਂ ਦੇ ਲੰਬੇ ਕੁਸ਼ਾਸਨ ਦੌਰਾਨ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਮਿਲੀ ਅਤੇ ਇਹ ਵੱਡੇ ਪੱਧਰ ‘ਤੇ ਵਧਿਆ-ਫੁੱਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਸਰਕਾਰੀ ਗੱਡੀਆਂ ਵਿੱਚ ਨਸ਼ਿਆਂ ਦੀ ਸਪਲਾਈ ਹੁੰਦੀ ਸੀ, ਜਦਕਿ ਅੱਜ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾ ਰਿਹਾ ਹੈ।

ਕਾਂਗਰਸ ਅਤੇ ਅਕਾਲੀ ਦਲ ਦੋਵਾਂ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਇਨ੍ਹਾਂ ਪਾਰਟੀਆਂ ਨੇ ਮਿਲ ਕੇ ਪੰਜਾਬ ਨੂੰ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਕਿਹਾ, ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਸਨ ਜਿਨ੍ਹਾਂ ਨੇ ਪੰਜਾਬ ਨੂੰ ਬਰਬਾਦ ਕੀਤਾ ਅਤੇ ਸੂਬੇ ਨੂੰ ਤਰੱਕੀ ਦੇ ਰਾਹ ਤੋਂ ਪਛਾੜ ਦਿੱਤਾ।

ਇਨ੍ਹਾਂ ਦੇ ਆਗੂ ਕਦੇ ਇੱਕ ਦੂਜੇ ਵਿਰੁੱਧ ਨਹੀਂ ਬੋਲਦੇ, ਪਰ ਮੇਰੇ ਖ਼ਿਲਾਫ਼ ਰੋਜ਼ ਜ਼ਹਿਰ ਉਗਲਦੇ ਹਨ ਕਿਉਂਕਿ ਮੈਂ ਇਨ੍ਹਾਂ ਦੇ ਦੋਗਲੇ ਚਿਹਰੇ ਨੂੰ ਲੋਕਾਂ ਸਾਹਮਣੇ ਬੇਨਕਾਬ ਕਰ ਦਿੱਤਾ ਹੈ। ਇਹ ਉਹ ਗੱਦਾਰ ਹਨ, ਜੋ ਕਦੇ ਵੀ ਪੰਜਾਬ ਅਤੇ ਇਸ ਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ।

ਅਕਾਲੀ ਲੀਡਰਸ਼ਿਪ ’ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੀਆਂ ਜ਼ਮੀਨੀ ਹਕੀਕਤਾਂ ਤੋਂ ਕੋਹਾਂ ਦੂਰ ਹਨ। ਉਨ੍ਹਾਂ ਕਿਹਾ, ਸੁਖਬੀਰ ਸਿੰਘ ਬਾਦਲ ਆਪਣੀ ਸਾਰੀ ਉਮਰ ਐਸ਼ੋ-ਇਸ਼ਰਤ ਅਤੇ ਠਾਠ-ਬਾਠ ਵਾਲੇ ਮਾਹੌਲ ਵਿੱਚ ਰਹੇ ਹਨ। ਇਹ ਕਾਨਵੈਂਟ-ਸਕੂਲਾਂ ‘ਚ ਪੜ੍ਹੇ ਸਿਆਸੀ ਆਗੂ ਹਨ, ਜਿਨ੍ਹਾਂ ਨੂੰ ਪੰਜਾਬ ਦੀ ਮੂਲ ਭੂਗੋਲਿਕ ਸਥਿਤੀ ਬਾਰੇ ਕੋਈ ਜਾਣਕਾਰੀ ਨਹੀਂ ਹੈ ਪਰ ਉਹ ਇੱਥੇ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਬਾਕੀ ਇਹ ਸਭ ਵੀ ਛੱਡ ਦੇਈਏ, ਸਾਬਕਾ ਉਪ ਮੁੱਖ ਮੰਤਰੀ ਤਾਂ ਸੂਬੇ ਦੀਆਂ ਆਮ ਫ਼ਸਲਾਂ ਵਿੱਚ ਵੀ ਫ਼ਰਕ ਨਹੀਂ ਦੱਸ ਸਕਦੇ ਕਿਉਂਕਿ ਉਨ੍ਹਾਂ ਨੂੰ ਆਮ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਕੁਝ ਪਤਾ ਹੀ ਨਹੀਂ।

ਕਾਂਗਰਸ ’ਤੇ ਵਿਅੰਗ ਕਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀ ਆਖ਼ਰੀ ਸਾਹਾਂ ’ਤੇ ਹੈ ਅਤੇ ਜਲਦੀ ਹੀ ਸਿਆਸੀ ਅਖਾੜੇ ਵਿੱਚ ਆਪਣਾ ਸਭ ਕੁਝ ਗੁਆ ਚੁੱਕੀ ਹੋਵੇਗੀ। ਉਨ੍ਹਾਂ ਕਿਹਾ, ਕਾਂਗਰਸ ਕੋਲ ਪੰਜਾਬ ਜਾਂ ਇਸ ਦੇ ਲੋਕਾਂ ਲਈ ਕੋਈ ਵਿਜ਼ਨ ਨਹੀਂ ਹੈ। ਇਸ ਦਾ ਇਕੋ-ਇਕ ਮਕਸਦ ਸੱਤਾ ਹਾਸਲ ਕਰਕੇ ਸੂਬੇ ਦੇ ਖ਼ਜ਼ਾਨੇ ਨੂੰ ਲੁੱਟਣਾ ਹੈ, ਪਰ ਇਹ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਕਾਂਗਰਸ ਅੰਦਰੂਨੀ ਤੌਰ ’ਤੇ ਫੁੱਟ ਦੀ ਸ਼ਿਕਾਰ ਹੈ, ਇਹ ਆਪਸੀ ਲੜਾਈ ਨਾਲ ਹੀ ਢਹਿ-ਢੇਰੀ ਹੋ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਂਗਰਸ ਪਾਰਟੀ ਦੀ ਕੇਂਦਰੀ ਲੀਡਰਸ਼ਿਪ ’ਤੇ ਵੀ ਤਨਜ਼ ਕਸਦਿਆਂ ਕਿਹਾ, ਇਹ ਅਫ਼ਸੋਸ ਦੀ ਗੱਲ ਹੈ ਕਿ ਸੱਤਾ ਦੀ ਲੜਾਈ ਲੜ ਰਹੇ ਇਨ੍ਹਾਂ ਆਗੂਆਂ ਨੂੰ ਇਕਜੁੱਟ ਕਰਨ ਲਈ ਆਉਣ ਵਾਲੇ ਚੋਟੀ ਦੇ ਕਾਂਗਰਸੀ ਆਗੂਆਂ ਨੂੰ ਪੰਜਾਬ ਦੇ ਇਨ੍ਹਾਂ ਲੀਡਰਾਂ ਦੇ ਸਹੀ ਤਰੀਕੇ ਨਾਲ ਨਾਮ ਤੱਕ ਨਹੀਂ ਲੈਣੇ ਆਉਂਦੇ। ਮੁੱਖ ਮੰਤਰੀ ਨੇ ਕਿਹਾ, ਆਪ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖ਼ਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸੋਚ-ਸਮਝ ਕੇ ਵਰਤੋਂ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਵੀ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਲੋਕਾਂ ਦਾ ਹੀ ਹੈ। ਅਸੀਂ ਇਸ ਨੂੰ ਉਨ੍ਹਾਂ ਦੀ ਭਲਾਈ ’ਤੇ ਸਮਝਦਾਰੀ ਨਾਲ ਖ਼ਰਚ ਕਰ ਰਹੇ ਹਾਂ। ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਦਾ ਪੈਸਾ ਲੋਕਾਂ ਕੋਲ ਵਾਪਸ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਨੇ ਘਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਹੈ, 69,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਭ੍ਰਿਸ਼ਟਾਚਾਰ ਦੇ ਮੈਰਿਟ ਆਧਾਰ ‘ਤੇ ਨੌਕਰੀਆਂ ਦਿੱਤੀਆਂ ਹਨ, ਸੜਕਾਂ ਦਾ ਵੱਡਾ ਸੁਧਾਰ ਕੀਤਾ ਹੈ, ਟੋਲ ਪਲਾਜ਼ੇ ਬੰਦ ਕਰਕੇ ਲੋਕਾਂ ਦੇ ਰੋਜ਼ਾਨਾ ਲਗਪਗ 70 ਲੱਖ ਰੁਪਏ ਦੀ ਬੱਚਤ ਯਕੀਨੀ ਬਣਾਈ ਹੈ, ਸਿੱਖਿਆ ਤੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ ਅਤੇ ਕਈ ਹੋਰ ਲੀਹੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ, ਨੌਜਵਾਨਾਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰੱਖਣ ਲਈ ਸੂਬੇ ਭਰ ਵਿੱਚ 3,100 ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਅਸੀਂ ਚਾਹੁੰਦੇ ਹਾਂ ਕਿ ਸਾਡੇ ਨੌਜਵਾਨ ਨਸ਼ਿਆਂ ਦਾ ਸ਼ਿਕਾਰ ਹੋਣ ਦੀ ਬਜਾਏ ਖੇਡ ਮੈਦਾਨਾਂ ਅਤੇ ਖੇਡਾਂ ਵਿੱਚ ਆਪਣਾ ਸਮਾਂ ਬਿਤਾਉਣ।

ਸਰਕਾਰ ਦੀਆਂ ਸਿਹਤ ਸੰਭਾਲ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ’ਮੁੱਖ ਮੰਤਰੀ ਸਿਹਤ ਯੋਜਨਾ’ ਸ਼ੁਰੂ ਕੀਤੀ ਹੈ, ਜੋ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਕੀਮ ਹੈ। ਉਨ੍ਹਾਂ ਕਿਹਾ, ਇਹ ਸਕੀਮ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ-ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ।

## ਕੈਬਨਿਟ ਮੰਤਰੀ ਵੱਲੋਂ ਨਕੋਦਰ ਦੇ ਪਿੰਡਾਂ ਲਈ 5.50 ਕਰੋੜ ਰੁਪਏ ਦੀ ਲਾਗਤ ਵਾਲੇ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ



**ਜਲੰਧਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਵਿਧਾਨ ਸਭਾ ਹਲਕਾ ਨਕੋਦਰ ਵਿਖੇ 5.50 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਸਿੰਚਾਈ ਸਬੰਧੀ ਕਾਰਜਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਸੂਬੇ ਦੇ ਸਿੰਚਾਈ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਰਹੀ ਹੈ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਮੌਜੂਦਗੀ ਵਿੱਚ ਪਿੰਡ ਮਵਈ ਵਿਖੇ ਇਨ੍ਹਾਂ ਕੰਮਾਂ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਬਿਸਤ-ਦੁਆਬ ਨਹਿਰੀ ਸਿਸਟਮ ਅਧੀਨ 3.76 ਕਰੋੜ ਰੁਪਏ ਦੀ ਲਾਗਤ ਨਾਲ 18.01 ਕਿਲੋਮੀਟਰ ਲੰਬਾਈ ਵਾਲੇ ਪੱਕੇ ਖਾਲੇ ਅਤੇ 1.74 ਕਰੋੜ ਰੁਪਏ ਦੀ ਲਾਗਤ ਨਾਲ 11.45 ਕਿਲੋਮੀਟਰ ਜ਼ਮੀਨਦੋਜ਼ ਪਾਈਪ ਲਾਈਨ ਦਾ ਕੰਮ ਮੁਕੰਮਲ ਕੀਤਾ ਗਿਆ ਹੈ।

ਸ਼੍ਰੀ ਗੋਇਲ ਨੇ ਦੱਸਿਆ ਕਿ 5.50 ਕਰੋੜ ਰੁਪਏ ਦੀ ਲਾਗਤ ਨਾਲ ਪੱਕੇ ਖਾਲੇ ਅਤੇ ਜ਼ਮੀਨਦੋਜ਼ ਪਾਈਪ ਲਾਈਨ ਨਾਲ ਹੁਣ ਕਰੀਬ 4017 ਏਕੜ ਜ਼ਮੀਨ ਨੂੰ ਪਾਣੀ ਮਿਲੇਗਾ, ਜਿਹੜਾ ਪਹਿਲਾਂ 1265 ਏਕੜ ਜ਼ਮੀਨ ਨੂੰ ਮਿਲਦਾ ਸੀ।

ਉਨ੍ਹਾਂ ਕਿਹਾ ਕਿ ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣਾ ਅਤੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣਾ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਜਿਥੇ ਟੇਲਾਂ ’ਤੇ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ ਉਥੇ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਦੇ ਉਪਰਾਲਿਆਂ ਤਹਿਤ 2 ਲੱਖ 30 ਹਜ਼ਾਰ ਲੀਟਰ ਪਾਣੀ ਰੀਚਾਰਜ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਵਿਚਲੀਆਂ 1117 ਮਾਇਨਰਾਂ ਤੇ ਰਜਬਾਹਿਆਂ ਵਿੱਚ ਅੱਜ 39 ਹਜ਼ਾਰ ਕਿਊਸਿਕ ਪਾਣੀ ਵਹਿ ਰਿਹਾ ਹੈ, ਜੋ ਕਿ ਰਿਕਾਰਡ ਵਾਧਾ ਹੈ ਅਤੇ ਕਿਸਾਨਾਂ ਦੇ ਖੇਤਾਂ ਵਿੱਚ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਣਾ ਸੰਭਵ ਹੋਇਆ ਹੈ।

ਸ਼੍ਰੀ ਗੋਇਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਸਿੰਚਾਈ ਲਈ ਨਹਿਰੀ ਪਾਣੀ ਦੀ ਵਰਤੋਂ ਦੇ ਮਾਮਲੇ ਵਿੱਚ ਸਵੈ-ਨਿਰਭਰ ਬਣਾਉਣ ਲਈ 7500 ਕਰੋੜ ਰੁਪਏ ਦੀ ਵੱਡੀ ਰਾਸ਼ੀ ਖਰਚ ਕੀਤੀ ਗਈ ਹੈ, ਜਿਸ ਸਦਕਾ ਸੂਬੇ ਵਿੱਚ ਧਰਤੀ ਹੇਠਲੇ ਪਾਣੀ, ਬਿਜਲੀ ਅਤੇ ਹੋਰ ਖੇਤੀਬਾੜੀ ਸਰੋਤਾਂ ਨੂੰ ਬਚਾਉਣ ਵਿੱਚ ਮਦਦ ਮਿਲੀ ਹੈ।

ਇਸ ਮੌਕੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਨਕੋਦਰ ਨੂੰ ਇਸ ਪ੍ਰਾਜੈਕਟ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਮੌਜੂਦਗੀ ਵਿੱਚ ਪਿੰਡ ਮਵਈ ਵਿਖੇ ਇਨ੍ਹਾਂ ਕੰਮਾਂ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਬਿਸਤ-ਦੁਆਨਹਿਰੀ ਸਿਸਟਮਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਮੌਜੂਦਗੀ ਵਿੱਚ ਪਿੰਡ ਮਵਈ ਵਿਖੇ ਇਨ੍ਹਾਂ ਕੰਮਾਂ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਅਗਵਾਈ ਵਾਲੀ ਸਰਕਾਰ ਨੇ ਕਿਸਾਨਾਂ ਦੀਆਂ ਦੁੱਖ ਤਕਲੀਫ਼ਾਂ ਸੁਣਦਿਆਂ ਖੇਤਾਂ ਵਿੱਚ ਟੇਲਾਂ ’ਤੇ ਪਾਣੀ ਪਹੁੰਚਾਉਣ ਦਾ ਕੰਮ ਕੀਤਾ ਹੈ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦਰਸ਼ਨ ਸਿੰਘ ਟਾਹਲੀ ਤੋਂ ਇਲਾਵਾ ਹੋਰ ਵੱਖ-ਵੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਵਧੀਆ ਕੁਆਲਿਟੀ ਦੀ ਬਾਸਮਤੀ ਦੀ ਕਾਸ਼ਤ ਤੇ ਖੇਤ ਦਿਵਸ ਮਨਾਇਆ



**ਤਰਨਤਾਰਨ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਵੱਲੋਂ ਮਿਤੀ ਅੱਜ ਪਿੰਡ ਦਾਰਾਪੁਰ, ਬਲਾਕ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਵਿਖੇ ਵਧੀਆ ਕੁਆਲਿਟੀ ਦੀ ਬਾਸਮਤੀ ਦੀ ਕਾਸ਼ਤ ’ਤੇ ਖੇਤ ਦਿਵਸ ਮਨਾਇਆ ਗਿਆ। ਖੇਤ ਦਿਵਸ ਦਾ ਮੁੱਖ ਉਦੇਸ਼ ਵਧੀਆ ਗੁਣਵੱਤਾ ਵਾਲੀ ਬਾਸਮਤੀ ਪੈਦਾ ਕਰਨ ਬਾਰੇ ਜਾਗਰੂਕ ਕਰਨਾ ਸੀ। ਇਸ ਪ੍ਰੋਗਰਾਮ ਵਿੱਚ 70 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ।

ਡਾ. ਪਰਮਿੰਦਰ ਕੌਰ ਸਹਿਜਪਾਲ, ਪ੍ਰਮੁੱਖ ਪ੍ਰਸਾਰ ਮਾਹਿਰ (ਪੌਦਾ ਰੋਗ) ਨੇ ਭਾਗ ਲੈਣ ਵਾਲਿਆਂ ਕਿਸਾਨਾਂ ਦਾ ਸਵਾਗਤ ਕੀਤਾ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੀਆਂ ਗਤੀਵਿਧੀਆਂ ਬਾਰੇ ਦੱਸਿਆ। ਉਨ੍ਹਾਂ ਨੇ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਦੀਆਂ ਸਿਫ਼ਾਰਸ਼ ਕੀਤੀਆਂ ਕਿਸਮਾਂ ਅਪਣਾਉਣ ਦਾ ਸੁਝਾਅ ਦਿੱਤਾ, ਜੋ ਕੀੜੇ-ਮਕੌੜੇ ਅਤੇ ਬਿਮਾਰੀਆਂ ਦਾ ਟਾਕਰਾ ਕਰਦੀਆਂ ਹਨ। ਉਨ੍ਹਾਂ ਬਾਸਮਤੀ ਵਿੱਚ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਪਛਾਣ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਅਤੇ ਚੰਗੀ ਕੁਆਲਿਟੀ ਦੀ ਬਾਸਮਤੀ ਦੀ ਕਾਸ਼ਤ ਲਈ ਬੇਲੋੜੇ ਰਸਾਇਣਾ ਦੇ ਛਿੜਕਾਅ ਨਾਂ ਕਰਨ ਦੀ ਅਪੀਲ ਕੀਤੀ।

ਡਾ. ਪਰਮਿੰਦਰ ਸਿੰਘ ਸੰਧੂ, ਜ਼ਿਲ੍ਹਾ ਪ੍ਰਸਾਰ ਮਾਹਿਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨੂੰ ਬਾਸਮਤੀ ਵਿੱਚ ਨਦੀਨਾਂ ਦੀ ਸੁਚੱਜੀ ਰੋਕਥਾਮ ਬਾਰੇ ਦੱਸਿਆ ਅਤੇ ਵੱਖ-ਵੱਖ ਫਸਲਾਂ ਵਿੱਚ ਪਾਣੀ ਦੀ ਬੱਚਤ ਕਰਨ ਵਾਲੀਆਂ ਤਕਨੀਕਾਂ ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਨੇ ਵਧੀਆ ਕੁਆਲਿਟੀ ਦੀ ਬਾਸਮਤੀ ਪੈਦਾ ਕਰਨ ਲਈ ਕਿਸਾਨਾਂ ਨੂੰ ਪੋਟਾਸ਼ੀਅਮ ਨਾਈਟ੍ਰੇਟ ਦਾ ਛਿੜਕਾਅ ਕਰਨ ਦੀ ਸਲਾਹ ਦਿੱਤੀ।

ਇਸ ਤੋਂ ਇਲਾਵਾ ਉਨ੍ਹਾਂ ਨੇ ਕਿਸਾਨਾਂ ਨੂੰ ਫ਼ਸਲਾਂ ਵਿੱਚ ਖ਼ਾਦਾਂ ਦੀ ਸੁਚੱਜੀ ਅਤੇ ਸੰਤੁਲਿਤ ਵਰਤੋਂ ਕਰਨ ’ਤੇ ਜ਼ੋਰ ਦਿੱਤਾ।

## ਅਨੀਸ਼ ਭਾਰਦਵਾਜ ਤੇ ਮਾਨਿਆ ਰਲ੍ਹਨ ਨੇ ਜਿੱਤੇ ਜ਼ਿਲ੍ਹਾ ਬੈਡਮਿੰਟਨ ਖਿਤਾਬ

**ਜਲੰਧਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚਾਰ ਦਿਨਾਂ ਦੀ ਇਨੋਸੈਂਟ ਹਾਰਟਸ ਜਲੰਧਰ ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ ਦਾ ਮੰਗਲਵਾਰ ਨੂੰ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਸਮਾਪਨ ਹੋਇਆ। ਪੁਰਸ਼ ਸਿੰਗਲਜ਼ ਦੇ ਫਾਈਨਲ ਵਿੱਚ ਅਨੀਸ਼ ਭਾਰਦਵਾਜ ਨੇ ਜ਼ੋਰਾਵਰ ਸਿੰਘ ਨੂੰ 13-15, 15-8, 15-11 ਨਾਲ ਹਰਾ ਕੇ ਖਿਤਾਬ ਜਿੱਤਿਆ। ਇਸੇ ਤਰ੍ਹਾਂ ਮਹਿਲਾ ਸਿੰਗਲਜ਼ ਦੇ ਫਾਈਨਲ ਵਿੱਚ ਮਾਨਿਆ ਰਲ੍ਹਨ ਨੇ ਮੌਜੂਦਾ ਚੈਂਪੀਅਨ ਸਮਰਿੱਧੀ ਭਾਰਦਵਾਜ ਨੂੰ 15-10, 15-11 ਨਾਲ ਹਰਾ ਕੇ ਖਿਤਾਬ ਆਪਣੇ ਨਾਂ ਕੀਤਾ। ਦੋਵੇਂ ਸਿੰਗਲਜ਼ ਜੇਤੂਆਂ ਨੂੰ ਪੁਲੇਲਾ ਗੋਪੀਚੰਦ ਅਤੇ ਪੀਵੀ ਸਿੰਧੂ ਟਰਾਫੀ ਦੇ ਨਾਲ 21-21 ਹਜ਼ਾਰ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ।

ਬੈਡਮਿੰਟਨ ਖੇਡ ਵਿੱਚ ਲੰਬੇ ਸਮੇਂ ਤੱਕ ਯੋਗਦਾਨ ਪਾਉਣ ਅਤੇ ਖੇਡ ਦੀ ਸੇਵਾ ਕਰਨ ਲਈ ਸਾਬਕਾ ਨੈਸ਼ਨਲ ਬੈਡਮਿੰਟਨ ਖਿਡਾਰੀ ਕਮਲਜੀਤ ਸਿੰਘ ਕਾਕਾ ਨੂੰ ਲਾਈਫਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਜੇਤੂਆਂ ਅਤੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਮੁੱਖ ਮਹਿਮਾਨ ਡੀਸੀ ਜਲੰਧਰ ਸ਼੍ਰੀ ਵਰਜੀਤ ਵਾਲੀਆ ਨੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ, ਜਲੰਧਰ ਦੀ ਅੰਤਰਿਮ ਕਮੇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕਮੇਟੀ ਖਿਡਾਰੀਆਂ ਲਈ ਸਹੂਲਤਾਂ ਵਧਾਉਣ ਅਤੇ ਉਨ੍ਹਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖੇਡ ਸਹੂਲਤਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।





ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੌਰਾਨ ਸੂਬਾ ਸਰਕਾਰ ਵੱਲੋਂ 3,100 ਪੇਂਡੂ ਖੇਡ ਮੈਦਾਨ ਅਤੇ 600 ਪੇਂਡੂ ਜਿਮ ਤਿਆਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਨਵੀਂ ਖੇਡ ਨੀਤੀ ਤਹਿਤ 40,415 ਖਿਡਾਰੀਆਂ ਨੂੰ 135 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਲੰਧਰ ਇਸ ਸਾਲ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ ਅਤੇ ਸਬ-ਜੂਨੀਅਰ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਜਾ ਰਿਹਾ ਹੈ।

ਇਨੋਸੈਂਟ ਹਾਰਟਸ ਗਰੁੱਪ ਦੇ ਡਾਇਰੈਕਟਰ ਡਾ. ਰੋਹਨ ਬੌਰੀ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ।

ਚੈਂਪੀਅਨਸ਼ਿਪ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਇਸ ਵਾਰ ਟੂਰਨਾਮੈਂਟ ਨੂੰ ਬਹੁਤ ਵਧੀਆ ਹੁੰਗਾਰਾ ਮਿਲਿਆ। ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ, ਜਲੰਧਰ ਦੇ ਇਤਿਹਾਸ ਵਿੱਚ ਪਹਿਲੀ ਵਾਰ 600 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ। ਅੰਡਰ-11 ਤੋਂ ਲੈ ਕੇ 60+ ਵੈਟਰਨ ਵਰਗ ਤੱਕ 38 ਵਰਗਾਂ ਵਿੱਚ 600 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ। ਚਾਰ ਦਿਨਾਂ ਦੌਰਾਨ ਕੁੱਲ 504 ਮੁਕਾਬਲੇ ਖੇਡੇ ਗਏ।

ਰਿਤਿਨ ਖੰਨਾ ਨੇ ਦੱਸਿਆ ਕਿ ਜੇਤੂਆਂ ਨੂੰ 5 ਲੱਖ ਰੁਪਏ ਦੇ ਨਕਦ ਇਨਾਮ ਅਤੇ ਹੋਰ ਆਕਰਸ਼ਕ ਇਨਾਮ ਦਿੱਤੇ ਗਏ। ਪੂਰੇ ਟੂਰਨਾਮੈਂਟ ਦੌਰਾਨ ਖਿਡਾਰੀਆਂ ਲਈ ਪੀਣ ਵਾਲੇ ਪਦਾਰਥਾਂ ਅਤੇ ਸਨੈਕਸ ਸਮੇਤ ਰਿਫਰੈਸ਼ਮੈਂਟ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

ਇਨਾਮ ਵੰਡ ਸਮਾਗਮ ਵਿੱਚ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਸੀਨੀਅਰ ਅਹੁਦੇਦਾਰ ਰਾਕੇਸ਼ ਖੰਨਾ, ਹਰਪ੍ਰੀਤ ਸਿੰਘ, ਪਲਵਿੰਦਰ ਜੁਨੇਜਾ ਅਤੇ ਧੀਰਜ ਸ਼ਰਮਾ ਵੀ ਮੌਜੂਦ ਰਹੇ।

ਅੰਡਰ-11 ਲੜਕਿਆਂ ਦੇ ਸਿੰਗਲਜ਼ ਵਿੱਚ ਵੰਸ਼ ਸ਼ਰਮਾ ਨੇ ਸਮਰਵੀਰ ਸਿੰਘ ਨੂੰ 15-13, 15-8 ਨਾਲ ਹਰਾ ਕੇ ਖਿਤਾਬ ਜਿੱਤਿਆ। ਅੰਡਰ-11 ਲੜਕੀਆਂ ਦੇ ਸਿੰਗਲਜ਼ ਵਿੱਚ ਸਮਰੀਤ ਕੌਰ ਨੇ ਆਰਾਧਿਆ ਨੂੰ 15-6, 15-12 ਨਾਲ ਹਰਾਇਆ। ਲੜਕੀਆਂ ਦੇ ਡਬਲਜ਼ ਵਿੱਚ ਅਮੀਰਾ ਅਤੇ ਰਿੰਜ਼ੇਨ ਸਿੰਘ ਨੇ ਸਰਗੁਣ ਬਜਾਜ ਅਤੇ ਸਰਗੁਣ ਕੌਰ ਨੂੰ 15-9, 15-9 ਨਾਲ ਹਰਾ ਕੇ ਖਿਤਾਬ ਜਿੱਤਿਆ।

ਅੰਡਰ-13 ਲੜਕਿਆਂ ਦੇ ਸਿੰਗਲਜ਼ ਵਿੱਚ ਅਭਿਜੈ ਮਨਕਤਲਾ ਨੇ ਸਮਰਵੀਰ ਸਿੰਘ ਨੂੰ 15-9, 15-5 ਨਾਲ ਹਰਾ ਕੇ ਖਿਤਾਬ ਜਿੱਤਿਆ। ਲੜਕੀਆਂ ਦੇ ਸਿੰਗਲਜ਼ ਵਿੱਚ ਨਿਮਰਤ ਕੌਰ ਮਾਨ ਨੇ ਵਰਣਿਆ ਸੋਨੀ ਨੂੰ 15-6, 15-7 ਨਾਲ ਹਰਾਇਆ। ਨਿਮਰਤ ਕੌਰ ਮਾਨ ਅਤੇ ਵਰਣਿਆ ਸੋਨੀ ਨੇ ਲੜਕੀਆਂ ਦੇ ਡਬਲਜ਼ ਦਾ ਖਿਤਾਬ ਵੀ ਜਿੱਤਿਆ। ਉਨ੍ਹਾਂ ਨੇ ਆਇਨਾ ਚੋਪੜਾ ਅਤੇ ਹਰਗੁਣ ਕੌਰ ਨੂੰ 15-6, 15-8 ਨਾਲ ਹਰਾਇਆ।

## ਕ੍ਰਿਸ਼ੀ ਵਿਗਿਆਨ ਕੇਂਦਰ, ਨਾਗ ਕਲਾਂ-ਜਹਾਂਗੀਰ ਵਿਖੇ ਕਿਸਾਨ ਮੇਲਾ 9 ਸਤੰਬਰ ਨੂੰ : ਡਾ. ਪਰਵਿੰਦਰ ਸਿੰਘ

**ਤਰਨਤਾਰਨ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਏ.ਯੂ-ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਅਤੇ ਬੀਜ ਫਾਰਮ ਉਸਮਾਂ ਦੇ ਇੰਚਾਰਜ ਡਾ. ਪਰਵਿੰਦਰ ਸਿੰਘ ਨੇ ਦੱਸਿਆ ਕਿ ਮਿਤੀ 9 ਸਤੰਬਰ ਦਿਨ ਬੁੱਧਵਾਰ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਹਾੜ੍ਹੀ ਦੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਪਹਿਲਾ ਕਿਸਾਨ ਮੇਲਾ ਕ੍ਰਿਸ਼ੀ ਵਿਗਿਆਨ ਕੇਂਦਰ, ਨਾਗ ਕਲਾਂ-ਜਹਾਂਗੀਰ,ਮਜੀਠਾ ਰੋਡ, ਅੰਮ੍ਰਿਤਸਰ ਵਿਖੇ ਲਾਇਆ ਜਾ ਰਿਹਾ ਹੈ। ਇਸ ਮੇਲੇ ਦਾ ਉਦੇਸ਼ ਵਿਗਿਆਨਿਕ ਢੰਗ ਅਪਨਾਓ, ਖੇਤੀ ਆਮਦਨ ਵਧਾਓ ਹੋਵੇਗਾ। ਉਨ੍ਹਾਂ ਦੱਸਿਆ ਕਿ ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਇਸ ਮੇਲੇ ਦੀ ਪ੍ਰਧਾਨਗੀ ਕਰਨਗੇ। ਇਸ ਮੇਲੇ ਦੌਰਾਨ ਹਾੜ੍ਹੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ ਦੀਆਂ ਸੁਧਰੀਆਂ ਕਿਸਮਾਂ ਦੇ ਬੀਜ, ਫ਼ਲਦਾਰ ਬੂਟੇ ਅਤੇ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਵੀ ਦਿੱਤੀਆਂ ਜਾਣਗੀਆਂ। ਡਾ. ਪਰਵਿੰਦਰ ਸਿੰਘ ਵੱਲੋਂ ਵੱਧ ਤੋਂ ਵੱਧ ਕਿਸਾਨ ਵੀਰਾਂ ਨੂੰ ਕਿਸਾਨ ਮੇਲੇ ਵਿੱਚ ਹੁੰਮ-ਹੁੰਮਾ ਕੇ ਪਹੁੰਚਣ ਦੀ ਬੇਨਤੀ ਕੀਤੀ ਗਈ।

## 40 ਲੱਖ ਦੀ ਲਾਗਤ ਨਾਲ ਨਵੇਂ ਬਣੇ ਖੇਡ ਗ੍ਰਾਊਂਡ ਤੇ 20 ਲੱਖ ਦੀ ਲਾਗਤ ਨਾਲ ਨਵੇਂ ਬਣੇ ਖਾਲਿਆਂ ਦਾ ਕੀਤਾ ਉਦਘਾਟਨ

**ਫਾਜ਼ਿਲਕਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਅਭੁੰਨ ਵਿਖੇ 40 ਲੱਖ ਦੀ ਲਾਗਤ ਨਾਲ ਨਵੇ ਬਣੇ ਖੇਡ ਗਰਾਊਂਡ ਅਤੇ ਲਗਭਗ 20 ਲੱਖ ਦੀ ਲਾਗਤ ਨਾਲ ਨਵੇਂ ਬਣਾਏ ਗਏ ਖਲਿਆ ਦਾ ਉਦਘਾਟਨ ਕੀਤਾ । ਇਸ ਦੌਰਾਨ ਉਨ੍ਹਾਂ ਪਿੰਡ ਦੇ ਨੌਜਵਾਨਾਂ ਨੂੰ ਖੇਡ ਦਾ ਸਾਮਾਨ ਵੀ ਵੰਡਿਆ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਦੇ ਕਾਰਜ ਜਾਰੀ ਹਨ। ਉਨ੍ਹਾਂ ਕਿਹਾ ਕਿ ਅੱਜ ਪਿੰਡ ਅਭੁੰਨ ਦਾ ਨਵਾਂ ਖੇਡ ਗਰਾਊਂਡ ਪਿੰਡ ਦੇ ਨੌਜਵਾਨ ਨੂੰ ਸਪੁਰਦ ਕਰ ਦਿੱਤਾ ਗਿਆ ਹੈ ਤੇ ਉਨ੍ਹਾਂ ਨੂੰ ਖੇਡਣ ਦੀ ਖੇਡਾਂ ਦਾ ਸਾਮਾਨ ਵੀ ਦਿੱਤਾ ਗਿਆ ਹੈ ਤਾਂ ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਵਧ ਸਕਣ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵੀ ਨੌਜਵਾਨ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤੇ ਇਸੇ ਤਹਿਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਿੱਥੇ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਉੱਥੇ ਨੌਜਵਾਨਾਂ ਨੂੰ ਖੇਡਣ ਲਈ ਪਿੰਡਾਂ ਵਿੱਚ ਖੇਡ ਦੇ ਗ੍ਰਾਊਂਡ ਵੀ ਬਣਾ ਕੇ ਦਿੱਤੇ ਜਾ ਰਹੇ ਹਨ ਤਾਂ ਜੋ ਇੱਥੇ ਖੇਡ ਕੇ ਉਹ ਅੰਤਰਰਾਸ਼ਟਰੀ ਪੱਧਰ ਤੇ ਜਿੱਤ ਪ੍ਰਾਪਤ ਕਰ ਸਕਣ ਅਤੇ ਆਪਣੇ ਦੇਸ਼ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕਰ ਸਕਣ।



ਉਨ੍ਹਾਂ ਕਿਹਾ ਕਿ ਪਿੰਡ ਅਭੁੰਨ ਵਿਖੇ ਲਗਭਗ 20 ਲੱਖ ਦੀ ਲਾਗਤ ਨਾਲ ਨਵੇਂ ਖਾਲੇ ਬਣਾਏ ਗਏ ਹਨ ਇਹ ਕਿਸਾਨਾਂ ਦੀ ਲੰਮੇ ਸਮੇਂ ਤੋਂ ਮੰਗ ਸੀ ਜਿਸ ਨੂੰ ਪੂਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਜਦੋਂ ਵੀ ਮਾਣਯੋਗ ਮੁੱਖ ਮੰਤਰੀ ਕੋਲ ਖਾਲਿਆਂ ਅਤੇ ਨਹਿਰਾਂ ਦੀ ਮੰਗ ਲੈ ਕੇ ਗਏ ਹਨ ਉਹ ਉਨ੍ਹਾਂ ਦੀ ਪੂਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਵੀ ਕਰੋੜਾਂ ਦੀ ਲਾਗਤ ਨਾਲ ਪਿੰਡ ਅਭੁੰਨ ਅਤੇ ਆਸ ਪਾਸ ਦੇ ਪਿੰਡਾਂ ਵਿੱਚ ਨਹਿਰੀ ਖਾਲੇ ਬਣਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸਾਨਾਂ ਨੂੰ ਨਹਿਰੀ ਪਾਣੀ ਵੱਧ ਮਾਤਰਾ ਵਿੱਚ ਮਿਲ ਰਿਹਾ ਹੈ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਲਗਾਤਾਰ ਨਿਰਵਿਘਨ ਬਿਜਲੀ ਸਪਲਾਈ ਵੀ ਦਿੱਤੀ ਜਾ ਰਹੀ ਹੈ ਜਿਸ ਲਈ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ। ਉਨ੍ਹਾਂ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਖੇਤਾਂ ਲਈ ਹੁਣ ਵੱਧ ਮਾਤਰਾ ਵਿੱਚ ਪਾਣੀ ਮਿਲੇਗਾ।

## ਖੇਡਾਂ ਵਤਨ ਪੰਜਾਬ ਦੀਆਂ ਲਈ ਆਨਲਾਈਨ ਰਜਿਸਟਰੇਸ਼ਨ ਸ਼ੁਰੂ : ਜ਼ਿਲ੍ਹਾ ਖੇਡ ਅ.ਫਸਰ

**ਤਰਨਤਾਰਨ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਪੰਜਾਬ ਵੱਲੋਂ ’ਖੇਡਾਂ ਵਤਨ ਪੰਜਾਬ ਦੀਆਂ 2026’ ਕਰਵਾਈਆਂ ਜਾ ਰਹੀਆਂ ਹਨ। ਇਹ ਖੇਡਾਂ ਬਲਾਕ ਪੱਧਰ, ਜ਼ਿਲ੍ਹਾ ਪੱਧਰ ਅਤੇ ਰਾਜ ਪੱਧਰ ’ਤੇ ਕਰਵਾਈਆਂ ਜਾ ਰਹੀਆਂ ਹਨ।

ਇਸ ਵਿੱਚ ਅੰਡਰ 14, ਅੰਡਰ 17, ਅੰਡਰ 21, 21 ਤੋਂ 30, 31 ਤੋਂ 40, 41 ਤੋਂ 50, 51 ਤੋਂ 60, 61 ਤੋਂ 70 ਅਤੇ 70 ਤੋਂ ਉੱਪਰ ਦੇ ਉਮਰ ਵਰਗ ਦੇ ਖਿਡਾਰੀ ਅਤੇ ਵਿਅਕਤੀ ਭਾਗ ਲੈ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਨੇ ਦੱਸਿਆ ਕਿ ਇਸ ਸਬੰਧੀ ਆਨਲਾਈਨ ਰਜਿਸਟਰੇਸ਼ਨ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਖੇਡ ਵਿਭਾਗ ਦੀ ਵੈੱਬਸਾਈਟਤੇ ਵਿਅਕਤੀ ਅਤੇ ਖਿਡਾਰੀ ਆਪਣੀ ਰਜਿਸਟਰੇਸ਼ਨ ਆਪ ਵੀ ਕਰ ਸਕਦਾ ਹੈ। ਜੇਕਰ ਕਿਸੇ ਖਿਡਾਰੀ, ਵਿਅਕਤੀ ਜਾਂ ਨਾਗਰਿਕ ਨੂੰ ਆਨਲਾਈਨ ਰਜਿਸਟਰੇਸ਼ਨ ਵਿੱਚ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਜ਼ਿਲ੍ਹਾ ਖੇਡ ਦਫ਼ਤਰ ਤਰਨ ਤਾਰਨ ਵਿਖੇ ਆ ਕੇ ਆਪਣੀ ਆਨਲਾਈਨ ਰਜਿਸਟਰੇਸ਼ਨ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਖਿਡਾਰੀ ਦਾ ਪੰਜਾਬ ਦਾ ਨਿਵਾਸੀ ਹੋਣਾ ਜ਼ਰੂਰੀ ਹੈ।



ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਬਲਾਕ ਪੱਧਰ ਦੀਆਂ ਖੇਡਾਂ 3 ਸਤੰਬਰ 2026 ਤੋਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਤਰਨ ਤਾਰਨ ਦੇ ਖਿਡਾਰੀਆਂ ਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ-ਚੜ੍ਹ ਕੇ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ।

ਉਨ੍ਹਾਂ ਦੱਸਿਆ ਕਿ ਖੇਡ ਵਿਭਾਗ ਵੱਲੋਂ ਖਿਡਾਰੀਆਂ ਨੂੰ ਹਰ ਸਹੂਲਤ ਇਸ ਪੋਰਟਲ ਦੁਆਰਾ ਹੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਰੇਕ ਖਿਡਾਰੀ ਦੀ ਰਜਿਸਟਰੇਸ਼ਨ ਹੋਣੀ ਲਾਜ਼ਮੀ ਹੈ। ਉਨ੍ਹਾਂ ਸੱਦਾ ਦਿੱਤਾ ਕਿ, ਆਓ ਸਾਰੇ ਮਿਲ ਕੇ ਖੇਡਾਂ ਨਾਲ ਜੁੜੀਏ ਅਤੇ ਤੰਦਰੁਸਤ ਪੰਜਾਬ ਬਣਾਈਏ।

# ਕੁਲਵੰਤ ਸਿੰਘ ਸਿਆਲ ਬਣੇ ਓ.ਬੀ.ਸੀ. ਵਿਭਾਗ ਬਲਾਕ ਕਾਂਗਰਸ ਕਮੇਟੀ ਨਾਭਾ ਦੇ ਸ਼ਹਿਰੀ ਪ੍ਰਧਾਨ



**ਨਾਭਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਪਾਰਟੀ ਵੱਲੋਂ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਜਥੇਬੰਦੀ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਬਲਾਕ ਕਾਂਗਰਸ ਕਮੇਟੀ ਨਾਭਾ ਦੇ ਓ.ਬੀ.ਸੀ. ਵਿਭਾਗ ਦੇ ਸ਼ਹਿਰੀ ਪ੍ਰਧਾਨ ਵਜੋਂ ਕੁਲਵੰਤ ਸਿੰਘ ਸਿਆਲ ਦੀ ਨਿਯੁਕਤੀ ਕੀਤੀ ਗਈ ਹੈ।

ਇਸ ਮੌਕੇ ਨਿਯੁਕਤੀ ਪੱਤਰ ਸਰਦਾਰ ਸਾਧੂ ਸਿੰਘ ਧਰਮਸੋਤ, ਵਿਧਾਨ ਸਭਾ ਨਾਭਾ ਹਲਕਾ ਦੇ ਸਾਬਕਾ ਮੰਤਰੀ, ਵੱਲੋਂ ਕੁਲਵੰਤ ਸਿੰਘ ਸਿਆਲ ਨੂੰ ਸੌਂਪਿਆ ਗਿਆ। ਸਰਦਾਰ ਸਾਧੂ ਸਿੰਘ ਧਰਮਸੋਤ ਨੇ ਨਵ-ਨਿਯੁਕਤ ਅਹੁਦੇਦਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਓ.ਬੀ.ਸੀ. ਵਰਗ ਸਮਾਜ ਦਾ ਇੱਕ ਮਹੱਤਵਪੂਰਨ ਹਿੱਸਾ ਹੈ ਅਤੇ ਇਸ ਵਰਗ ਨਾਲ ਸਬੰਧਤ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਕੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨੂੰ ਇਕਜੁੱਟ ਹੋ ਕੇ ਲੋਕਾਂ ਨਾਲ ਸੰਪਰਕ ਵਧਾਉਣ ਦੀ ਲੋੜ ਹੈ।

ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ ਸਿਆਲ ਨੇ ਸਰਦਾਰ ਸਾਧੂ ਸਿੰਘ ਧਰਮਸੋਤ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਨਿਸ਼ਠਾ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਣ ਲਈ ਉਹ ਲਗਾਤਾਰ ਯਤਨਸ਼ੀਲ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਦੇ ਸਮੂਹ ਵਰਕਰਾਂ ਨੂੰ ਨਾਲ ਲੈ ਕੇ ਓ.ਬੀ.ਸੀ. ਵਿਭਾਗ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ। ਨੌਜਵਾਨਾਂ ਅਤੇ ਪਾਰਟੀ ਨਾਲ ਜੁੜਨ ਦੇ ਇੱਛੁਕ ਲੋਕਾਂ ਨੂੰ ਵੀ ਜਥੇਬੰਦੀ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।

# ਸ਼ਿਵ ਸੈਨਾ ਹਿੰਦੁਸਤਾਨ ਜ਼ਿਲ੍ਹਾ ਪਟਿਆਲਾ ਦੇ ਸਮੂਹ ਅਹੁਦੇਦਾਰਾਂ ਦੀ ਇੱਕ ਸਾਂਝੀ ਮੀਟਿੰਗ ਆਯੋਜਿਤ



**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਜ਼ਿਲ੍ਹਾ ਪਟਿਆਲਾ ਦੇ ਸਮੂਹ ਅਹੁਦੇਦਾਰਾਂ ਦੀ ਇੱਕ ਸਾਂਝੀ ਮੀਟਿੰਗ ਸ਼ਿਵ ਸੈਨਾ ਹਿੰਦੁਸਤਾਨ ਦਫ਼ਤਰ ਪਟਿਆਲਾ ਵਿਖੇ ਹੋਈ। ਇਸ ਮੀਟਿੰਗ ਵਿੱਚ 30 ਅਗਸਤ, 2026 ਨੂੰ ਪੰਜਾਬ ਪੱਧਰੀ ਤ੍ਰਿਸ਼ੂਲ ਮਾਰਚ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਆਪਣੇ-ਆਪਣੇ ਖੇਤਰਾਂ ਬਾਰੇ ਜਾਣਕਾਰੀ ਦਿੰਦੇ ਹੋਏ ਸਾਰੇ ਆਗੂਆਂ ਨੇ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਤੋਂ 1000 ਵਰਕਰ ਵੱਖ-ਵੱਖ ਬੱਸਾਂ ਅਤੇ ਆਪਣੇ ਨਿੱਜੀ ਵਾਹਨਾਂ ਵਿੱਚ ਮੋਹਾਲੀ ਵਿੱਚ ਪੰਜਾਬ ਪੱਧਰੀ ਤ੍ਰਿਸ਼ੂਲ ਮਾਰਚ ਵਿੱਚ ਹਿੱਸਾ ਲੈਣਗੇ। ਪਟਿਆਲਾ ਤੋਂ ਇਹ ਕਾਫਲਾ ਦੋ ਵੱਖ-ਵੱਖ ਰਸਤਿਆਂ, ਰਾਜਪੁਰਾ ਅਤੇ ਸਰਹਿੰਦ ਰਾਹੀਂ ਮੋਹਾਲੀ ਪਹੁੰਚੇਗਾ। ਜ਼ਿਲ੍ਹਾ ਸ਼ਿਵ ਸੈਨਾ ਹਿੰਦੁਸਤਾਨ ਪਟਿਆਲਾ ਦੀ ਇਸ ਮੀਟਿੰਗ ਦੀ ਪ੍ਰਧਾਨਗੀ ਖੁਦ ਰਾਸ਼ਟਰੀ ਮੁਖੀ ਸ੍ਰੀ ਪਵਨ ਗੁਪਤਾ ਨੇ ਕੀਤੀ। ਇਸ ਮੀਟਿੰਗ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਦੇ ਨਾਮ ਸਨ: ਸ਼੍ਰੀ ਹੇਮਰਾਜ ਗੋਇਲ ਰਾਸ਼ਟਰੀ ਸਲਾਹਕਾਰ, ਸ਼੍ਰੀ ਕ੍ਰਿਸ਼ਨਾ ਗਾਬਾ ਪੰਜਾਬ ਹਿੰਦੁਸਤਾਨ ਵਪਾਰ ਸੈਨਾ, ਸ਼੍ਰੀ ਰਿੰਕੂ ਭਾਰਦਵਾਜ ਪੰਜਾਬ ਪ੍ਰਧਾਨ ਹਿੰਦੁਸਤਾਨ ਆਈਟੀ ਸੈਨਾ, ਸ਼੍ਰੀ ਅਮਰਜੀਤ ਬੰਟੀ ਚੇਅਰਮੈਨ ਹਿੰਦੁਸਤਾਨ ਯੁਵਾ ਸੈਨਾ ਪੰਜਾਬ, ਸ਼੍ਰੀ ਸ਼ਮਾਕਾਂਤ ਪਾਂਡੇ ਸੀਨੀਅਰ ਉਪ ਪ੍ਰਧਾਨ ਪੰਜਾਬ ਅਤੇ ਜ਼ਿਲ੍ਹਾ ਇੰਚਾਰਜ ਪਟਿਆਲਾ, ਸ਼੍ਰੀ ਨੰਦ ਲਾਲ, ਸ਼੍ਰੀ ਹਰਪ੍ਰੀਤ ਸ਼ਰਮਾ, ਸ਼੍ਰੀ ਮਹੇਸ਼ ਸ਼ਰਮਾ ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ, ਸ਼੍ਰੀ ਰਵੀ ਸੋਹਲ ਸ਼ਹਿਰੀ ਪ੍ਰਧਾਨ ਪਟਿਆਲਾ, ਆਦਿ ਆਗੂ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਜਲੰਧਰ 'ਚ 7 ਸਤੰਬਰ ਤੋਂ ਸ਼ੁਰੂ ਹੋਣਗੀਆਂ ਬਲਾਕ ਪੱਧਰੀ ਖੇਡਾਂ, ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਸਤੰਬਰ ਤੋਂ

**ਜਲੰਧਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹੇ ਵਿੱਚ 7 ਸਤੰਬਰ 2026 ਤੋਂ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਪੱਧਰੀ ਖੇਡ ਮੁਕਾਬਲੇ 7 ਸਤੰਬਰ ਤੋਂ 12 ਸਤੰਬਰ ਤੱਕ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ, ਫੁੱਟਬਾਲ ਦੇ ਮੁਕਾਬਲੇ ਹੋਣਗੇ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ, ਫੁੱਟਬਾਲ, ਬਾਕਸਿੰਗ, ਜਿਮਨਾਸਟਿਕ, ਟੈਨਿਸ, ਟੇਬਲ ਟੈਨਿਸ, ਬੈਡਮਿੰਟਨ, ਜੂਡੋ, ਰੈਸਲਿੰਗ ਸਮੇਤ 28 ਖੇਡਾਂ ਦੇ ਮੁਕਾਬਲੇ ਹੋਣਗੇ। ਸ਼੍ਰੀ ਵਾਲੀਆ ਨੇ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਭਾਗ ਲੈ ਸਕਦੇ ਹਨ, ਜਿਸ ਦੇ ਲਈ ਵਿਭਾਗ ਦੇ ਪੋਰਟਲ https://sports.punjab.gov.in/login 'ਤੇ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਖੇਡਾਂ ਦੌਰਾਨ ਮੌਕੇ 'ਤੇ ਵੀ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦਾ ਰੁਝਾਨ ਖੇਡਾਂ ਵੱਲ ਕਰਨ ਅਤੇ ਖੇਡਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ। ਉਨ੍ਹਾਂ ਖੇਡ ਸੰਸਥਾਵਾਂ ਅਤੇ ਕੋਚਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਖਿਡਾਰੀਆਂ ਨੂੰ ਰਜਿਸਟ੍ਰੇਸ਼ਨ ਲਈ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਜ਼ਿਲ੍ਹਾ ਜਲੰਧਰ ਦੇ ਖਿਡਾਰੀ ਇਨ੍ਹਾਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਹੋਰ ਰੌਸ਼ਨ ਕਰ ਸਕਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ ਅਤੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਵੀ ਮੌਜੂਦ ਸਨ।

# ਪਾਤੜਾਂ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਪਾਤੜਾਂ, 31 ਅਗਸਤ**
**ਪ੍ਰੈਸ ਕੀ ਤਾਕਤ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਾਤੜਾਂ ਬਲਾਕ ਦੇ ਪਿੰਡ ਹਾਮਝੇੜੀ, ਸੰਗਤਪੁਰਾ ਬੁਰਦ, ਅਤੇ ਭਗਤ ਸਿੰਘ ਨਗਰ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਖਾਲਸਾ ਕਾਲਜ ਫਾਰ ਵੂਮੈਨ ਵਿਖੇ ਸਾਬਣ ਬਣਾਉਣ ਸਬੰਧੀ ਪ੍ਰੈਕਟੀਕਲ ਵਰਕਸ਼ਾਪ ਦਾ ਆਯੋਜਨ



**ਲੁਧਿਆਣਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਸਾ ਕਾਲਜ ਫਾਰ ਵੂਮੈਨ, ਸਿਵਲ ਲਾਈਨਜ਼, ਦੇ ਕੈਮਿਸਟਰੀ ਅਤੇ ਹੋਮ ਸਾਇੰਸ ਵਿਭਾਗ ਵੱਲੋਂ ਸਕਿੱਲ ਡਿਵੈਲਪਮੈਂਟ ਸੈੱਲ ਦੇ ਸਹਿਯੋਗ ਨਾਲ From Oils to Aromas: The Art of Soap Making" ਵਿਸ਼ੇ 'ਤੇ ਪ੍ਰੈਕਟੀਕਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। 26 ਅਗਸਤ 2026 ਨੂੰ ਕਰਵਾਈ ਗਈ ਇਸ ਵਰਕਸ਼ਾਪ ਦਾ ਸੰਚਾਲਨ ਮਿਸ ਤਜਿੰਦਰਦੀਪ ਕੌਰ ਵੱਲੋਂ ਕੀਤਾ ਗਿਆ। ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੇ ਸਾਬਣ ਦੇ ਪਿੱਛੇ ਛੁਪੀ ਰਸਾਇਣ ਵਿਗਿਆਨ ਦੀ ਜਾਣਕਾਰੀ ਦਿੱਤੀ ਗਈ ਅਤੇ ਤੇਲਾਂ ਤੇ ਚਰਬੀਆਂ ਤੋਂ ਸੁਗੰਧਿਤ ਅਤੇ ਸਾਫ਼-ਸਫ਼ਾਈ ਵਾਲੇ ਸਾਬਣ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਗਈ। ਭਾਗੀਦਾਰਾਂ ਨੇ ਵੱਖ-ਵੱਖ ਕਿਸਮਾਂ ਦੇ ਤੇਲ, ਖੁਸ਼ਬੂਆਂ ਅਤੇ ਹੋਰ ਸਮੱਗਰੀ ਦੀ ਭੂਮਿਕਾ ਦੇ ਨਾਲ-ਨਾਲ ਸੈਪੋਨੀਫਿਕੇਸ਼ਨ ਦੀ ਵਿਗਿਆਨਕ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

ਵਰਕਸ਼ਾਪ ਦਾ ਮੁੱਖ ਕੇਂਦਰ ਕੋਲਡ ਪ੍ਰੋਸੈਸਡ ਸਾਬਣ ਬਣਾਉਣ ਦੀ ਵਿਧੀ ਰਹੀ। ਇਸ ਪ੍ਰਕਿਰਿਆ ਵਿੱਚ ਤੇਲਾਂ ਅਤੇ ਚਰਬੀਆਂ ਨੂੰ ਖਾਰ ਨਾਲ ਪ੍ਰਤੀਕਿਰਿਆ ਕਰਵਾ ਕੇ ਸਾਬਣ ਅਤੇ ਕੁਦਰਤੀ ਤੌਰ 'ਤੇ ਬਣਨ ਵਾਲਾ ਗਲਿਸਰਿਨ ਤਿਆਰ ਹੁੰਦਾ ਹੈ। ਵਿਦਿਆਰਥੀਆਂ ਨੇ ਵੱਖ-ਵੱਖ ਤੇਲਾਂ ਦੇ ਸਹੀ ਮਿਸ਼ਰਣ ਨਾਲ ਸਾਬਣ ਦੀ ਮਜ਼ਬੂਤੀ, ਝੱਗ, ਸਫ਼ਾਈ ਦੀ ਸਮਰੱਥਾ ਅਤੇ ਸਮੁੱਚੀ ਗੁਣਵੱਤਾ 'ਤੇ ਪੈਣ ਵਾਲੇ ਪ੍ਰਭਾਵ ਨੂੰ ਵੀ ਸਮਝਿਆ।

ਵੱਖ-ਵੱਖ ਸਟ੍ਰੀਮਾਂ ਦੇ ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਭਾਗ ਲਿਆ ਅਤੇ ਖੁਸ਼ਬੂਆਂ, ਰੰਗਾਂ ਅਤੇ ਬੋਟੈਨਿਕਲ ਸਮੱਗਰੀ ਦੀ ਵਰਤੋਂ ਰਾਹੀਂ ਸਾਬਣ ਨੂੰ ਰਚਨਾਤਮਕ ਅਤੇ ਆਕਰਸ਼ਕ ਰੂਪ ਦੇਣ ਦਾ ਅਨੁਭਵ ਪ੍ਰਾਪਤ ਕੀਤਾ। ਇਸ ਵਰਕਸ਼ਾਪ ਨੇ ਵਿਗਿਆਨਕ ਗਿਆਨ ਨੂੰ ਪ੍ਰੈਕਟੀਕਲ ਹੁਨਰ ਅਤੇ ਰਚਨਾਤਮਕਤਾ ਨਾਲ ਜੋੜਦਿਆਂ ਵਿਦਿਆਰਥੀਆਂ ਨੂੰ ਇਹ ਸਮਝਣ ਦਾ ਮੌਕਾ ਦਿੱਤਾ ਕਿ ਕੈਮਿਸਟਰੀ ਅਤੇ ਹੋਮ ਸਾਇੰਸ ਰਾਹੀਂ ਉਪਯੋਗੀ, ਨਵੀਨਤਮ ਅਤੇ ਸੰਭਾਵੀ ਤੌਰ 'ਤੇ ਉੱਦਮੀ ਗਤੀਵਿਧੀਆਂ ਨੂੰ ਕਿਵੇਂ ਉਤਸ਼ਾਹਿਤ ਕੀਤਾ ਜਾ ਸਕਦਾ ਹੈ।

# ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈਕੇ ਰੋਹ ਭਰਪੂਰ ਰੈਲੀ ਅਤੇ ਰੋਸ ਮਾਰਚ

**ਨਾਭਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਸੱਦੇ ਤਹਿਤ ਤਹਿਸੀਲ ਨਾਭਾ ਦੇ ਅਧਿਆਪਕਾਂ ਅਤੇ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਸਥਾਨਕ ਪਟਿਆਲਾ ਗੇਟ ਨਾਭਾ ਵਿਖੇ ਵਿਸ਼ਾਲ ਰੈਲੀ ਕਰਨ ਉਪਰੰਤ ਸ਼ਹਿਰ ਦੇ ਬਾਜ਼ਾਰ ਵਿੱਚ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ ਅਤੇ ਭਿੱਖੀ ਮੋੜ ਤੇ ਸਰਕਾਰ ਦਾ ਪੁਤਲਾ ਫੂਕਿਆ ਗਿਆ।

ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਡਾ. ਰਾਮ ਸ਼ਰਨ ਅਲੌਹਰਾਂ, ਜਗਤਾਰ ਸਿੰਘ ਜੱਗੀ, ਜਗਪ੍ਰੀਤ ਸਿੰਘ ਭਾਟੀਆ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਸਖ਼ਤ ਹੁਕਮਾਂ ਦੇ ਬਾਵਜੂਦ 18 ਫੀਸਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਏ ਨਾ ਜਾਰੀ ਕੀਤੇ ਜਾਣ, ਪੈਨਸ਼ਨਰਾਂ ਅਤੇ ਅਣ-ਰਿਵਾਇਜ਼ਡ ਕੈਟਾਗਰੀਆਂ ਦੇ ਮੁਲਾਜ਼ਮਾਂ @ਤੇ 2.59 ਦਾ ਗੁਣਾਂਕ ਲਾਗੂ ਨਾ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕੀਤੇ ਜਾਣ, ਵੱਖ-ਵੱਖ ਕਿਸਮ ਦੇ ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਨਾ ਕੀਤੇ ਜਾਣ, ਮਾਣਭੱਤਾ ਵਰਕਰਾਂ (ਮਿਡ-ਡੇ-ਮੀਲ, ਆਸ਼ਾ ਤੇ ਆਂਗਣਵਾੜੀ) ਉੱਤੇ ਘੱਟੋ-ਘੱਟ ਉਜ਼ਰਤਾਂ ਲਾਗੂ ਨਾ ਕੀਤੇ ਜਾਣ, ਪੇਂਡੂ ਅਤੇ ਬਾਰਡਰ ਏਰੀਆ ਸਮੇਤ ਬੰਦ ਕੀਤੇ ਗਏ 37 ਕਿਸਮ ਦੇ ਭੱਤੇ ਅਤੇ ਏਸੀਪੀ ਸਕੀਮ ਬਹਾਲ ਨਾ ਕੀਤੇ ਜਾਣ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਧਰਨੇ ਤੇ ਜਲੰਧਰ ਰੈਲੀ ਦੀ ਤਿਆਰੀ ਲਈ ਮੀਟਿੰਗ ਆਯੋਜਿਤ



**ਮੂਨਕ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਆਉਣ ਵਾਲੀ 1 ਸਤੰਬਰ ਤੋਂ 7 ਸਤੰਬਰ ਤੱਕ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਵਿਸ਼ਾਲ ਧਰਨੇ ਦੀ ਤਿਆਰੀ ਨੂੰ ਲੈ ਕੇ ਪੰਜਾਬ ਕਿਸਾਨ ਯੂਨੀਅਨ ਵੱਲੋਂ ਮੂਨਕ (ਸੰਗਰੂਰ) ਵਿਖੇ ਕਿਸਾਨਾਂ ਦੀ ਇੱਕ ਭਰਵੀਂ ਮੀਟਿੰਗ ਸੂਬਾ ਆਗੂ ਸਵਰਨ ਸਿੰਘ ਨਵਾਗਾਓਂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੌਰਾਨ ਸੂਬਾਈ ਆਗੂ ਗੁਰਜੰਟ ਸਿੰਘ ਮਾਨਸਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਉਪਰੰਤ ਸੰਯੁਕਤ ਕਿਸਾਨ ਮੋਰਚੇ ਵੱਲੋਂ ਲੱਗ ਰਹੇ ਚੰਡੀਗੜ੍ਹ ਧਰਨੇ ਵਿੱਚ ਸ਼ਮੂਲੀਅਤ ਕਰਨ ਦਾ ਮਤਾ ਪਾਸ ਕੀਤਾ ਗਿਆ। ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਸੂਬਾ ਆਗੂ ਸਵਰਨ ਸਿੰਘ ਨਵਾਗਾਓਂ,ਸੂਬਾ ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਨਾਲ ਸਬੰਧਿਤ ਪਿਛਲੇ ਲੰਮੇ ਸਮੇਂ ਤੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਭਾਰਤ ਅਤੇ ਅਮਰੀਕਾ ਵਿਚਕਾਰ ਹੋਣ ਵਾਲੇ ਮੁਕਤ ਵਪਾਰ ਸਮਝੌਤੇ (FTA) ਨੂੰ ਤੁਰੰਤ ਰੱਦ ਕਰਨ,
ਦਰਿਆਈ ਪਾਣੀਆਂ ਦਾ ਮਸਲਾ ਰਪੇਰੀਅਨ ਸਿਧਾਂਤ ਦੇ ਆਧਾਰ 'ਤੇ ਪੂਰੀ ਪਾਰਦਰਸ਼ਤਾ ਨਾਲ ਹੱਲ ਕਰਨ,
ਦੇਸ਼ ਅਤੇ ਸੂਬੇ ਦੇ ਕਿਸਾਨਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕਰਨ,
ਸਾਰੀਆਂ ਫ਼ਸਲਾਂ 'ਤੇ ਡਾ. ਸਵਾਮੀਨਾਥਨ ਦੀ ਰਿਪੋਰਟ ਅਨੁਸਾਰ ਸੀ-2 ਫਾਰਮੂਲੇ ਤਹਿਤ ਐੱਮ.ਐੱਸ.ਪੀ. (MSP) ਦੀ ਕਾਨੂੰਨੀ ਗਰੰਟੀ ਦੇਣ,
ਬਿਜਲੀ ਸੋਧ ਬਿੱਲ ਅਤੇ ਸਮਾਰਟ ਚਿੱਪ ਵਾਲੇ ਪ੍ਰੀਪੇਡ ਮੀਟਰ ਲਗਾਉਣ ਦੀਆਂ ਲੋਕ-ਵਿਰੋਧੀ ਨੀਤੀਆਂ ਨੂੰ ਤੁਰੰਤ ਰੱਦ ਕਰਨ ਦੀਆਂ ਮੰਗਾਂ ਨੂੰ ਲੈ ਕੇ ਆਏ ਦਿਨ ਸ਼ੰਘਰਸ਼ ਦੇ ਪਿੜ ਵਿੱਚ ਉਤਰਨ ਲਈ ਮਜ਼ਬੂਰ ਹੈ, ਉਨ੍ਹਾਂ ਕਿਹਾ ਕਿ ਮੰਗਾਂ ਦੇ ਹੱਲ ਨਹੀਂ ਐਸ,ਕੇ,ਐਮ ਦੇ ਚੰਡੀਗੜ੍ਹ ਧਰਨੇ ਵਿੱਚ ਵੱਡੀ ਗਿਣਤੀ ਵਰਕਰ ਸ਼ਾਮਿਲ ਹੋਣਗੇ।

ਇਸ ਸਮੇਂ 20 ਸਤੰਬਰ ਨੂੰ ਜਲੰਧਰ ਵਿਖੇ ਪੰਜਾਬ ਕਿਸਾਨ ਯੂਨੀਅਨ ਵੱਲੋਂ ਕਿਸਾਨਾਂ ਮਜ਼ਦੂਰਾਂ ਦੀ ਹੋ ਰਹੀ ਵਿਸ਼ਾਲ ਰੈਲੀ ਵਿੱਚ ਪਹੁੰਚਣ ਦੀ ਤਿਆਰੀ ਲਈ ਵੀ ਆਗੂ ਵਰਕਰਾਂ ਦੀਆਂ ਡਿਊਟੀਆਂ ਤਹਿ ਕੀਤੀਆਂ ਗਈਆਂ ।
ਇਸ ਸਮੇਂ ਰਾਮਫਲ ਸਿੰਘ ਬੁਸਹਿਰਾ, ਭੁਪਿੰਦਰ ਸਿੰਘ ਹੋਤੀ ਪੁਰ,ਜੋਗਾ ਸਿੰਘ ਹੋਤੀਪੁਰ,ਮਹਿਮਾ ਸਿੰਘ, ਹਰਜਿੰਦਰ ਸਿੰਘ,ਮਹਿੰਦਰ ਸਿੰਘ,ਗੋਗਨ ਸਿੰਘ,ਬਬਲੂ ਸਿੰਘ ਤੋਂ ਇਲਾਵਾ ਵਰਕਰ ਸ਼ਾਮਿਲ ਸਨ।

# ਰੱਖੜ ਪੁੰਨਿਆਂ ਦੇ ਸ਼ੁਭ ਮੌਕੇ ਅੱਜ ਹੋਵੇਗਾ ਮੰਡ ਸੇਰੀਆਂ ਮੰਡ ਸੁੱਖੇਵਾਲ ਦਾ ਵਿਸ਼ਾਲ ਦੰਗਲ ਮੇਲਾ

**ਮਾਛੀਵਾੜਾ ਸਾਹਿਬ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਮੇਲਿਆਂ ਦੀ ਕਤਾਰ ਵਿੱਚ ਮਾਛੀਵਾੜਾ ਬਲਾਕ ਦੇ ਪਿੰਡ ਮੰਡ ਸੁੱਖੇਵਾਲ ,ਮੰਡ ਸ਼ੇਰੀਆ, ਦਾ ਦੰਗਲ ਮੇਲਾ ,ਜੋ ਨੇੜਲੇ ਪਿੰਡਾਂ ਮੰਡ ਜੋਧੇਵਾਲ,ਮੰਡ ਗੌਂਸਗੜ੍ਹ, ਧੰਨੂਰ, ਮੁਬਾਰਕਪੁਰ, ਚੱਕਲੀ ਮੰਗਾ,ਬੁਰਜ ਸੇ ?ਰਪੁਰ,ਜੋਧਵਾਲ ਪਿੰਡਾਂ ਦੇ ਸਹਿਯੋਗ ਨਾਲ ਅੱਜ ਕਰਵਾਇਆ ਜਾ ਰਿਹਾ ਹੈ ।ਮਾਛੀਵਾੜਾ ਬਲਾਕ ਦਾ ਰੱਖੜ ਪੁੰਨਿਆ ਤੇ ਧੰਨ ਧੰਨ ਖ਼ਵਾਜਾ ਪੀਰ ਜੀ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾਣ ਵਾਲਾ ਇਹ ਸੰਸਾਰ ਪ੍ਰਸਿੱਧ ਦੰਗਲ ਮੇਲਾ ਪੰਜਾਬ ਦੇ ਵੱਡੇ ਦੰਗਲ ਮੇਲਿਆਂ ਵਿੱਚੋਂ ਮੋਹਰੀ ਗਿਣਿਆ ਜਾਂਦਾ ਹੈ ।

ਮੁੱਖ ਪ੍ਰਬੰਧਕ ਅਤੇ ਖੇਡ ਪ੍ਰਮੋਟਰ ਸਰਪੰਚ ਪ੍ਰਿਤਪਾਲ ਸਿੰਘ ਪੋਲਾ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਨੇ ਦੱਸਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰੱਖੜੀ ਦੇ ਸ਼ੁਭ ਦਿਹਾੜੇ ਤੇ ਨਜ਼ਦੀਕੀ ਪਿੰਡਾਂ ਤੇ ਐਨ.ਆਰ. ਆਈ. ਵੀਰਾਂ ਦੇ ਵੱਡੇ ਸਹਿਯੋਗ ਨਾਲ ਇਹ ਦੰਗਲ ਮਿਲਾ ਕਰਵਾਇਆ ਜਾ ਰਿਹਾ ਜਿਸ ਵਿੱਚ ਤਾਲਿਬ ਬਾਬਾ ਫਲਾਹੀ, ਗੌਰਵ ਮਾਛੀਵਾੜਾ, ਜੋਂਟੀ ਗੁੱਜਰ, ਇਸਾਨ ਵੀਰ ਕੋਹਾਲੀ, ਸਾਹਿਲ ਕੋਹਾਲੀ, ਨਿਸ਼ਾਂਤ ਬਾਬਾ ਫਲਾਹੀ,ਗੁਰਨਾਮ ਬਾਬਾ ਫਲਾਹੀ ਸਮੇਤ ਉੱਚ ਕੋਟੀ ਦੇ ਪਹਿਲਵਾਨ ਆਪਣੀਆਂ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ।ਇਸ ਦੰਗਲ ਮੇਲੇ ਵਿੱਚ ਪਹਿਲਵਾਨਾਂ ਨੂੰ ਲੱਖਾਂ ਰੁਪਏ ਨਕਦੀ ਦੇ ਰੂਪ ਵਿੱਚ ਇਨਾਮ ਦਿੱਤੇ ਜਾਣਗੇ।

ਪ੍ਰਬੰਧ ਪ੍ਰਬੰਧਕ ਕਮੇਟੀ ਵੱਲੋਂ ਦਰਸ਼ਕਾਂ ਖੇਡ ਪ੍ਰੇਮੀਆਂ ਅਤੇ ਪਹਿਲਵਾਨ ਵੀਰਾਂ ਨੂੰ ਇਸ ਦੰਗਲ ਮੇਲੇ ਵਿੱਚ ਪੁੱਜਣ ਦੀ ਅਪੀਲ ਹੈ।

# ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਵਾਲੀਬਾਲ ਮੁਕਾਬਲੇ ਕਰਵਾਏ ਗਏ



**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਵਾਲੀਬਾਲ ਦੇ ਮੁਕਾਬਲੇ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ। ਅੰਡਰ 14 ਦੇ ਮੁਕਾਬਲਿਆਂ ਵਿੱਚ ਭਾਦਸੋ ਜੋਨ ਨੇ ਪਹਿਲਾਂ, ਨਾਭਾ ਜੋਨ ਨੇ ਦੂਜਾ,ਭੁੰਨਰਹੇੜੀ ਜੋਨ ਨੇ ਤੀਜਾ, ਰਾਜਪੁਰਾ ਜੋਨ ਨੇ ਚੌਥਾ, ਅੰਡਰ 17 ਦੇ ਮੁਕਾਬਲਿਆਂ ਵਿੱਚ ਰਾਜਪੁਰਾ ਜੋਨ ਨੇ ਪਹਿਲਾ, ਭੁੰਨਰਹੇੜੀ ਜੋਨ ਨੇ ਦੂਜਾ,ਨਾਭਾ ਜੋਨ ਨੇ ਤੀਜਾ,ਭਾਦਸੋਂ ਜੋਨ ਨੇ ਚੌਥਾ,ਅੰਡਰ19 ਦੇ ਮੁਕਾਬਲਿਆਂ ਵਿੱਚ ਭਾਦਸੋਂ ਜੋਨ ਨੇ ਪਹਿਲਾ, ਨਾਭਾ ਜੋਨ ਨੇ ਦੂਜਾ, ਰਾਜਪੁਰਾ ਜੋਨ ਨੇ ਤੀਜਾ, ਘਨੌਰ ਜੋਨ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਜ਼ਿਲ੍ਹਾ ਟੂਰਨਾਮੈਂਟ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਉਚੇਚੇ ਤੌਰ ਤੇ ਪੋਲੋ ਗਰਾਊਂਡ ਵਿਖੇ ਪਹੁੰਚ ਗਏ ਖਿਡਾਰੀ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਖੇਡ ਕਨਵੀਨਰ ਡਾ.ਦਿਲਸ਼ੇਰ ਕੌਰ ਪ੍ਰਿੰਸੀਪਲ ਸਸਸਸ ਲੌਟ, ਗੁਰਪ੍ਰੀਤ ਸਿੰਘ ਟਿਵਾਣਾ ਜੋਨਲ ਸਕੱਤਰ ਭਾਦਸੋਂ,ਬਲਜੀਤ ਸਿੰਘ ਧਾਰੋਂਕੀ,ਬਲਵਿੰਦਰ ਸਿੰਘ, ਜਸਵਿੰਦਰ ਖਾਂ,ਲਖਵਿੰਦਰ ਸਿੰਘ,ਚਮਕੌਰ ਸਿੰਘ,ਗੁਰਨਾਮ ਸਿੰਘ, ਪਰਮਿੰਦਰ ਸਿੰਘ ਵਾਲੀਬਾਲ ਕੋਚ ਸਪੋਰਟਸ ਵਿਭਾਗ,ਅਮਨਦੀਪ ਕੌਰ, ਕੁਲਦੀਪ ਕੌਰ,ਰਾਜਵਿੰਦਰ ਕੌਰ,ਹਰਪ੍ਰੀਤ ਕੌਰ,ਰੁਪਿੰਦਰ ਕੌਰ, ਕਿਰਨਜੀਤ ਕੌਰ,ਰਾਜਵੀਰ ਖਾਂ, ਰਾਜਨਪ੍ਰੀਤ ਕੌਰ,ਜਗਤਾਰ ਸਿੰਘ ਕੋਚ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਡਾ. ਪਾਰਥਾ ਬਿਸਵਾਸ ਵੱਲੋਂ ਸੀਟੀ ਯੂਨੀਵਰਸਿਟੀ ਦਾ ਦੌਰਾ, ਸਮਾਜਿਕ ਨਿਆਂ ਤੇ ਸਮਾਨਤਾ 'ਤੇ ਜ਼ੋਰ



**ਲੁਧਿਆਣਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ, ਭਾਰਤ ਸਰਕਾਰ ਦੇ ਮਾਣਯੋਗ ਮੈਂਬਰ ਡਾ. ਪਾਰਥਾ ਬਿਸਵਾਸ ਨੇ ਸੀਟੀ ਯੂਨੀਵਰਸਿਟੀ ਦਾ ਦੌਰਾ ਕੀਤਾ। ਉਨ੍ਹਾਂ ਨਾਲ ਨਵੀਨ ਰੋਹਿਲਾ, ਨਿੱਜੀ ਸਕੱਤਰ ਅਤੇ ਪਰਮਿੰਦਰ ਸਿੰਘ, ਡਾਇਰੈਕਟਰ, ਵੀ ਮੌਜੂਦ ਰਹੇ।

ਦੌਰਾਨ ਡਾ. ਬਿਸਵਾਸ ਨੇ ਸੰਵਿਧਾਨਕ ਅਧਿਕਾਰਾਂ, ਸਮਾਜਿਕ ਨਿਆਂ, ਬਰਾਬਰ ਮੌਕਿਆਂ ਅਤੇ ਸਮਾਵੇਸ਼ੀ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖਿਆ ਸਸ਼ਕਤੀਕਰਨ ਅਤੇ ਸਮਾਜਿਕ ਬਦਲਾਅ ਦਾ ਪ੍ਰਭਾਵਸ਼ਾਲੀ ਸਾਧਨ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਤੇ ਫਰਜ਼ਾਂ ਪ੍ਰਤੀ ਜਾਗਰੂਕ ਰਹਿਣਾ ਚਾਹੀਦਾ ਹੈ।

ਸੀਟੀ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਅਤੇ ਵਾਈਸ ਚਾਂਸਲਰ ਡਾ. ਨਿਤਿਨ ਟੰਡਨ ਨੇ ਡਾ. ਬਿਸਵਾਸ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਵਿੱਚ ਸਮਾਨਤਾ, ਜ਼ਿੰਮੇਵਾਰੀ ਅਤੇ ਸਮਾਜਿਕ ਚੇਤਨਾ ਨੂੰ ਮਜ਼ਬੂਤ ਕਰਦੇ ਹਨ।

ਇਹ ਦੌਰਾ ਸਮਾਵੇਸ਼ੀ ਸਿੱਖਿਆ, ਸਮਾਜਿਕ ਨਿਆਂ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦੇ ਕੇ ਸੰਪੰਨ ਹੋਇਆ।

# ਚੌਥਾ ਦਰਜਾ ਮੁਲਾਜਮ ਨੇ ਮਹਾਂ ਬੰਦ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਏ : ਦਰਸ਼ਨ ਲੁਬਾਣਾ




**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦੇ ਚੌਥਾ ਦਰਜਾ ਮੁਲਾਜਮਾਂ ਕੱਚਿਆਂ— ਪੱਕਿਆ ਪੰਜਾਬ ਮਹਾਂਬੰਦ ਵਿੱਚ ਵੱਧ ਚੜ੍ਹਕੇ ਸਮੂਲਿਅਤ ਕੀਤੀ ਅਤੇ ਖੇਤਰੀ ਰੈਲੀ ਵਿੱਚ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਇੱਥੇ ਸਮੂੰਹਕ ਤੌਰ ਤੇ ਵਣ ਵਿਭਾਗ ਦੇ ਦਫਤਰ ਅੱਗੇ ਸਵੇਰੇ ਤੋਂ ਹੀ ਇਕੱਠਾ ਹੋਣਾ ਸ਼ੁਰੂ ਕਰ ਦਿੱਤਾ, ਇੱਥੇ ਸਰਕਾਰ ਵਿਰੁੱਧ ਜੋਰਦਾਰ ਨਾਹਰੇਬਾਜੀ ਕਰਕੇ ਪਿੱਟ ਸਿਆਪਾ ਕੀਤਾ ਅਤੇ ਆਪ ਸਰਕਾਰ ਨੂੰ ਚਲਦੀ ਕਰਨ ਦਾ ਅਹਿਦ ਵੀ ਕੀਤਾ ਗਿਆ। ਇੱਥੇ ਵੱਡੀ ਗਿਣਤੀ ਵਿੱਚ ਵਿਸ਼ੇਸ਼ ਔਰਤਾਂ ਵੀ ਸ਼ਾਮਲ ਸਨ ਮਾਰਚ ਕਰਦੇ ਹੋਏ ਮੁਲਾਜਮ ਮੰਗ ਕਰ ਰਹੇ ਸਨ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਡੀ.ਏ. ਸਾਡਾ ਹੱਕ ਹੈ, ਸਮੁੱਚੇ ਕੱਚੇ ਕਰਮਚਾਰੀਆਂ ਨੂੰ ਬਿਨਾਂ ਸ਼ਰਤਾਂ ਤੇ ਪੱਕਾ ਕੀਤਾ ਜਾਵੇ, ਠੇਕੇਦਾਰੀ ਪ੍ਰਥਾ ਦਾ ਮੁਕੰਮਲ ਖਾਤਮਾ ਕੀਤਾ ਜਾਵੇ, ਕਰਮੀਆਂ ਤੇ ਪੱਕਾ ਕਰਨ ਸਮੇਂ ਆਉਟ ਸੋਰਸ ਸੇਵਾਵਾਂ ਵਿੱਚ ਸ਼ਾਮਲ ਕੀਤੀਆਂ ਜਾਣ, ਸਫਾਈ ਸੇਵਕਾਂ, ਸੀਵਰਮੈਨ ਤੇ ਸਮੁੱਚੇ ਚੌਥਾ ਦਰਜਾ ਕਰਮੀਆਂ ਤੇ ਵਿਦਿਅਕ ਯੋਗਤਾ ਤੇ ਉਮਰ ਦੀ ਸਮਾਂ ਸੀਮਾ ਦੀ ਸ਼ਰਤਾਂ ਖਤਮ ਕੀਤੀਆਂ ਜਾਣ, ਘੱਟੋ—ਘੱਟ ਤਨਖਾਹ ਸਕੇਲਾਂ ਸਮੇਤ ਭੱਤੇ ਦਿੱਤੇ ਜਾਣ, ਪਰਖ ਸਮਾਂ ਸਮਾਪਤ ਕੀਤਾ ਜਾਵੇ, ਚੌਥਾ ਦਰਜਾ ਚਾਰ ਕਰਮਚਾਰੀਆਂ ਨੂੰ 2011 ਤੋਂ ਮਿਲਦਾ ਇੱਕ ਵਿਸ਼ੇਸ਼ ਇੰਕਰੀਮੈਂਟ ਜ਼ੋ ਖੋਹਿਆ ਗਿਆ ਹੈ, ਸਮੇਤ ਖੋਹੇ ਸਾਰੇ ਭੱਤੇ ਬਹਾਲ ਕੀਤੇ ਜਾਣ, ਮੰਗ ਕੀਤੀ ਪਿਛਲੀ ਕਾਂਗਰਸ ਸਰਕਾਰ ਸਮੇਂ ਮੁਲਾਜਮਾਂ ਤੇ ਲਾਇਆ ਗਿਆ 200 ਰੁਪਏ ਜੱਜੀਆਂ ਟੈਕਸ ਵਾਪਸ ਲਿਆ ਜਾਵੇ, ਮਿਡ ਡੇ ਮੀਲ ਸਮੇਤ ਸਮੂਹ ਸਕੀਮ ਕਰਮੀਆਂ ਤੇ ਵੇਤਨ ਕਮਿਸ਼ਨ ਵਲੋਂ ਸੋਧੇ ਤਨਖਾਹ ਸਕੇਲ ਲਾਗੂ ਕੀਤੇ ਜਾਣ ਤੇ ਸੇਵਾਵਾਂ ਨਿਯਮਤ ਕੀਤੀਆਂ ਜਾਣ, ਪੰਜਾਬ ਦੇ ਲਗਭਗ 8000 (ਅੱਠ ਹਜਾਰ) ਸਰਕਾਰੀ ਸਕੂਲਾਂ ਵਿੱਚ ਸਫਾਈ ਸੇਵਕ 3000, ਚੌਂਕੀਦਾਰ 5000 ਰੁਪਏ ਤੇ ਨਿਯੁਕਤ ਕਰਕੇ ਸਮਾਜ ਦਾ ਆਰਥਿਕ ਸ਼ੋਸ਼ਣ ਖਤਮ ਕੀਤਾ ਜਾਵੇ ਅਤੇ ਰੈਗੂਲਰ ਭਰਤੀ ਕੀਤੀ ਜਾਵੇ, ਪਾਰਟ ਟਾਇਮ ਕਰਮੀਆਂ ਨੂੰ ਰੈਗੂਲਰ ਕੀਤਾ ਜਾਵੇ, ਸਮੁੱਚੇ ਵਿਭਾਗ ਵਿੱਚ ਚੌਥਾ ਦਰਜਾ ਮੁਲਾਜਮਾਂ ਦੀ 1992 ਤੋਂ ਬਾਅਦ ਭਰਤੀ ਨਹੀਂ ਕੀਤੀ ਜਾ ਰਹੀ, ਰੈਗੂਲਰ ਭਰਤੀ ਕੀਤੀ ਜਾਵੇ, ਵਿਭਾਗਾਂ ਦੇ ਪੁਨਰਗਠਨ ਦੌਰਾਨ ਖਤਮ ਕੀਤੀਆਂ ਅਸਾਮੀਆਂ ਬਹਾਲ ਕੀਤੀਆਂ ਜਾਣ, ਜੰਗਲਾਤ ਵਿਭਾਗ ਵਿਚ ਪੱਕੇ ਕੀਤੇ ਕਰਮੀਆਂ ਤੇ ਰੈਗੂਲਰ ਤਨਖਾਹ ਸਕੇਲ ਲਾਗੂ ਕੀਤੇ ਜਾਣ, 58 ਸਾਲ ਦੀ ਉਮਰ ਵਿੱਚ ਫਾਰਗ ਕਰਨ ਦੀ ਸ਼ਰਤ ਖਤਮ ਕੀਤੀ ਜਾਵੇ, ਜਗਲਾਤ, ਜੰਗਲੀ ਜੀਵ, ਬਾਗਬਾਨੀ, ਲੋਕ ਨਿਰਮਾਣ ਵਿਭਾਗ ਵਿਚਲੇ ਕੱਚੇ ਕਰਮੀਆਂ ਦੀਆ ਤਨਖਾਹਾਂ ਜਾਰੀ ਕੀਤੀਆਂ ਜਾਣ, ਪਸ਼ੂ ਪਾਲਣ, ਸਿਹਤ ਵਿਭਾਗ ਵਿਚਲੇ ਆਊਟ ਸੋਰਸ ਕਰਮੀਆਂ ਨੂੰ ਵਿਭਾਗ ਵਿੱਚ ਮਰਜ ਕੀਤਾ ਜਾਵੇ, ਕਾਲਜਾਂ ਵਿਚਲੇ ਸਮੁੱਚੇ ਕੱਚੇ ਕਰਮੀਆਂ / ਫੰਡਾਂ ਅਧੀਨ ਕੰਮ ਕਰਦੇ ਕਰਮੀਆਂ ਨੂੰ ਪੱਕਾ ਕੀਤਾ ਜਾਵੇ ਅਤੇ ਆਰਥਿਕ ਸ਼ੋਸ਼ਣ ਖਤਮ ਕਰਨ ਦੀ ਮੰਗ ਵੀ ਕੀਤੀ ਗਈ। ਬਰਾਬਰ ਕੰਮ ਬਰਾਬਰ ਤਨਖਾਹਾਂ ਲਾਗੂ ਕੀਤੀ ਜਾਵੇ, ਪੈਨਸ਼ਨਰਾਂ ਤੇ 2.59 ਦਾ ਗੁਣਖੰਡ ਲਾਗੂ ਕੀਤਾ ਜਾਵੇ। ਏ.ਸੀ.ਪੀ. ਬਹਾਲ ਕੀਤੀ ਜਾਵੇ ਆਦਿ ਇਸ਼ੂ ਸ਼ਾਮਲ ਹਨ। ਇਸ ਮੌਕੇ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਇੰਦਰਪਾਲ ਵਾਲਿਆ ਰਾਮ ਪ੍ਰਸਾਦ ਸਹੋਤਾ, ਸੂਰਜਪਾਲ ਯਾਦਵ, ਪ੍ਰਕਾਸ਼ ਲੁਬਾਣਾ ਪ੍ਰਧਾਨ ਫੈਡਰੇਸ਼ਨ, ਨਰੰਗ ਸਿੰਘ, ਬਲਵੀਰ ਸਿੰਘ, ਬਲਜੀਤ ਬੱਲੀ, ਤਰਲੋਚਨ ਮਾੜੂ, ਦਰਸ਼ਨ ਮੱਲੇਵਾਲ, ਬਲਵਿੰਦਰ ਨਾਭਾ, ਤਰਲੋਚਨਮੰਡੋਲੀ, ਰਜੇਸ਼ ਗੋਲੂ, ਅਰੁਣ ਕੁਮਾਰ, ਰਾਮ ਜੋਧਾ, ਲਖਵੀਰ ਸਿੰਘ, ਸੁਨੀਲ ਦੱਤ, ਮੱਖਣ ਸਿੰਘ, ਵੇਦ ਪ੍ਰਕਾਸ਼, ਸਤਨਰਾਇਣ ਗੋਨੀ, ਹਰਬੰਸ ਸਿੰਘ, ਸੁਭਾਸ਼, ਮੋਦ ਨਾਥ ਸ਼ਰਮਾ, ਸਤਨਾਮ ਸਿੰਘ, ਅਜੇ ਕੁਮਾਰ ਸਨੌਰ, ਰਾਜੇਸ਼ ਕੁਮਾਰ ਸੀ.ਐਮ.ਓ., ਆਦਿ ਹਾਜਰ ਸਨ।

# ਖੇਤੀਬਾੜੀ ਮਸ਼ੀਨਰੀ ਸਬਸਿਡੀ ਤੇ ਦੇਣ ਲਈ ਸੀ.ਆਰ.ਐਮ. ਸਕੀਮ ਫੇਜ 2 ਦਾ ਕੱਢਿਆ ਡਰਾਅ



**ਮਲੇਰਕੋਟਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਕਾਰਜਕਾਰੀ ਕਮੇਟੀ ਅਤੇ ਕਿਸਾਨਾਂ ਦੀ ਮੌਜੂਦਗੀ ਵਿੱਚ ਕਰਾਪ ਰੈਜ਼ੀਡਿਊ ਮੈਨੇਜਮੈਂਟ (ਸੀ.ਆਰ.ਐਮ.) ਸਕੀਮ ਦੇ ਫੇਜ਼-2 ਤਹਿਤ ਖੇਤੀਬਾੜੀ ਮਸ਼ੀਨਰੀ ਸਬਸਿਡੀ 'ਤੇ ਮੁਹੱਈਆ ਕਰਵਾਉਣ ਲਈ ਬਿਨੈਕਾਰਾਂ ਦਾ ਪਾਰਦਰਸ਼ੀ ਢੰਗ ਨਾਲ ਡਰਾਅ ਕੱਢਿਆ ਗਿਆ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਾਲੀ ਪ੍ਰਬੰਧਨ ਲਈ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਆਧੁਨਿਕ ਖੇਤੀਬਾੜੀ ਮਸ਼ੀਨਰੀ ਸਬਸਿਡੀ 'ਤੇ ਉਪਲਬਧ ਕਰਵਾਈ ਜਾ ਰਹੀ ਹੈ, ਜਿਸ ਨਾਲ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਅਤੇ ਵਾਤਾਵਰਣ ਦੀ ਸੁਰੱਖਿਆ ਵਿੱਚ ਮਦਦ ਮਿਲੇਗੀ।

ਉਨ੍ਹਾਂ ਦੱਸਿਆ ਕਿ ਸੀ.ਆਰ.ਐਮ. ਸਕੀਮ 2026-27 ਦੇ ਦੂਜੇ ਪੜਾਅ ਤਹਿਤ ਵਿਅਕਤੀਗਤ ਸ਼੍ਰੇਣੀ ਵਿੱਚ 419 ਅਰਜ਼ੀਆਂ ਜਨਰਲ ਸ਼੍ਰੇਣੀ ਅਤੇ 5 ਅਰਜ਼ੀਆਂ ਅਨੁਸੂਚਿਤ ਜਾਤੀ ਸ਼੍ਰੇਣੀ ਕੁੱਲ 424 ਅਰਜ਼ੀਆਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 130 ਬਿਨੈਕਾਰਾਂ ਦੀ ਚੋਣ ਲਈ ਡਰਾਅ ਕੱਢਿਆ ਗਿਆ। ਕਿਸਾਨਾਂ ਵੱਲੋਂ ਬੇਲਰ, ਮਲਚਰ, ਸੁਪਰ ਸੀਡਰ, ਪੈਡੀ ਸਟਰਾਅ ਚੌਪਰ-ਸ਼੍ਰੈਡਰ, ਸਟਰਾਅ ਰੇਕ, ਜ਼ੀਰੋ ਟਿੱਲ ਡ੍ਰਿੱਲ ਅਤੇ ਹੋਰ ਖੇਤੀਬਾੜੀ ਮਸ਼ੀਨਰੀ ਲਈ ਅਰਜ਼ੀਆਂ ਦਿੱਤੀਆਂ ਗਈਆਂ ਹਨ।

ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਨੇ ਦੱਸਿਆ ਕਿ ਡਰਾਅ ਦੀਆਂ ਸੂਚੀਆਂ ਸਬੰਧਤ ਬਲਾਕ ਖੇਤੀਬਾੜੀ ਦਫ਼ਤਰਾਂ ਵਿੱਚ ਉਪਲਬਧ ਹਨ। ਉਨ੍ਹਾਂ ਚੁਣੇ ਗਏ ਕਿਸਾਨਾਂ ਨੂੰ ਲੋੜੀਂਦੇ ਦਸਤਾਵੇਜ਼ ਤੁਰੰਤ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ ਦੀ ਅਪੀਲ ਕੀਤੀ ਗਈ, ਤਾਂ ਜੋ ਅਗਲੀ ਕਾਰਵਾਈ ਸਮੇਂ ਸਿਰ ਮੁਕੰਮਲ ਕੀਤੀ ਜਾ ਸਕੇ।

ਇਸ ਮੌਕੇ ਖੇਤੀਬਾੜੀ ਅਫ਼ਸਰ ਮਾਲੇਰਕੋਟਲਾ ਕੁਲਬੀਰ ਸਿੰਘ, ਸਹਾਇਕ ਇੰਜੀਨੀਅਰ ਗੁਰਿੰਦਰ ਸਿੰਘ ਤੋਂ ਇਲਾਵਾ ਕਿਸਾਨ ਅਤੇ ਵੱਖ-ਵੱਖ ਬੈਂਕਾਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਬਿਜਲੀ ਬਿੱਲਾਂ ਸਬੰਧੀ ਖਪਤਕਾਰਾਂ ਦੀਆਂ ਸ਼ਿਕਾਇਤਾਂ ਦਾ 15 ਦਿਨਾਂ 'ਚ ਹੋਵੇਗਾ ਨਿਪਟਾਰਾ - ਇੰਜ. ਹਰਵਿੰਦਰ ਸਿੰਘ

**ਮਲੇਰਕੋਟਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ. ਸੀ.ਐਲ.) ਵੱਲੋਂ ਬਿਜਲੀ ਖਪਤਕਾਰਾਂ ਨੂੰ ਬਿਲਿੰਗ ਨਾਲ ਸਬੰਧਤ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਵਿਸ਼ੇਸ਼ ਉਪਰਾਲਾ ਕਰਦਿਆਂ 24 ਘੰਟੇ ਕਾਰਜਸ਼ੀਲ ਸਮਰਪਿਤ ਹੈਲਪਲਾਈਨ ਨੰਬਰ 0161-3105055 ਅਤੇ 0161-6650355 ਉਪਲਬਧ ਕਰਵਾਏ ਗਏ ਹਨ। ਇਹ ਜਾਣਕਾਰੀ ਦਿੰਦਿਆਂ ਪੀ.ਐਸ.ਪੀ.ਸੀ.ਐਲ. ਦੇ ਐਕਸੀਅਨ ਇੰਜ. ਹਰਵਿੰਦਰ ਸਿੰਘ ਨੇ ਦੱਸਿਆ ਕਿ ਖਪਤਕਾਰ ਇਨ੍ਹਾਂ ਨੰਬਰਾਂ 'ਤੇ ਸੰਪਰਕ ਕਰਕੇ ਆਪਣੇ ਬਿਜਲੀ ਬਿੱਲਾਂ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਜਿਨ੍ਹਾਂ ਖਪਤਕਾਰਾਂ ਨੂੰ ਆਮ ਖਪਤ ਦੇ ਮੁਕਾਬਲੇ ਵੱਧ ਬਿੱਲ, ਆਰਜ਼ੀ ਬਿੱਲ, ਗਲਤ ਜਾਂ ਤਰੁੱਟੀਆਂ ਵਾਲੇ ਬਿੱਲ ਪ੍ਰਾਪਤ ਹੋਏ ਹਨ, ਉਹ ਬਿਨਾਂ ਕਿਸੇ ਝਿਜਕ ਦੇ ਉਕਤ ਹੈਲਪਲਾਈਨ ਰਾਹੀਂ ਆਪਣੀ ਸ਼ਿਕਾਇਤ ਦਰਜ ਕਰਵਾਉਣ। ਪ੍ਰਾਪਤ ਸ਼ਿਕਾਇਤਾਂ ਦੀ ਸਬੰਧਤ ਪੱਧਰ 'ਤੇ ਜਾਂਚ ਕਰਵਾਉਣ ਉਪਰੰਤ 15 ਦਿਨਾਂ ਦੇ ਅੰਦਰ ਬਣਦੀ ਕਾਰਵਾਈ ਕਰਕੇ ਨਿਪਟਾਰਾ ਕੀਤਾ ਜਾਵੇਗਾ।

ਇੰਜ. ਹਰਵਿੰਦਰ ਸਿੰਘ ਨੇ ਕਿਹਾ ਕਿ ਇਸ ਸਹੂਲਤ ਦਾ ਮੁੱਖ ਉਦੇਸ਼ ਬਿਜਲੀ ਖਪਤਕਾਰਾਂ ਨੂੰ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਬਜਾਏ ਬਿਲਿੰਗ ਨਾਲ ਸਬੰਧਤ ਆਪਣੀ ਸਮੱਸਿਆ ਸਿੱਧੇ ਤੌਰ 'ਤੇ ਦਰਜ ਕਰਵਾਉਣ ਲਈ ਸੁਚਾਰੂ ਮਾਧਿਅਮ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਖਪਤਕਾਰਾਂ ਦੀਆਂ ਜਾਇਜ਼ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਦਿਆਂ ਸਮੇਂ ਸਿਰ ਹੱਲ ਕਰਨ ਲਈ ਵਿਭਾਗ ਵੱਲੋਂ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ।

ਉਨ੍ਹਾਂ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਜੇਕਰ ਬਿਜਲੀ ਬਿੱਲ ਵਿੱਚ ਕਿਸੇ ਕਿਸਮ ਦੀ ਗਲਤੀ, ਵਾਧੂ ਰਕਮ ਜਾਂ ਬਿਲਿੰਗ ਸਬੰਧੀ ਹੋਰ ਸਮੱਸਿਆ ਨਜ਼ਰ ਆਉਂਦੀ ਹੈ ਤਾਂ ਉਹ ਦੇਰੀ ਕੀਤੇ ਬਿਨਾਂ 0161-3105055 ਜਾਂ 0161-6650355 'ਤੇ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਸ਼ਿਕਾਇਤ ਦਰਜ ਕਰਵਾਉਣ ਸਮੇਂ ਖਪਤਕਾਰ ਆਪਣਾ ਖਾਤਾ ਨੰਬਰ/ਬਿਜਲੀ ਕੁਨੈਕਸ਼ਨ ਸਬੰਧੀ ਲੋੜੀਂਦੀ ਜਾਣਕਾਰੀ ਆਪਣੇ ਕੋਲ ਰੱਖਣ ਤਾਂ ਜੋ ਮਾਮਲੇ ਦੀ ਪੜਤਾਲ ਅਤੇ ਕਾਰਵਾਈ ਸੁਚੱਜੇ ਢੰਗ ਨਾਲ ਕੀਤੀ ਜਾ ਸਕੇ।

ਐਕਸੀਅਨ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੀ.ਐਸ.ਪੀ.ਸੀ.ਐਲ. ਵੱਲੋਂ ਬਿਜਲੀ ਖਪਤਕਾਰਾਂ ਨੂੰ ਬਿਹਤਰ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀਆਂ ਜਾਇਜ਼ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਬਿੱਲ ਵਿੱਚ ਆਈ ਤਰੁੱਟੀ ਕਾਰਨ ਕਿਸੇ ਵੀ ਯੋਗ ਖਪਤਕਾਰ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਰਕਾਰੀ ਸਹੂਲਤ ਤੋਂ ਵਾਂਝਾ ਨਹੀਂ ਕੀਤਾ ਜਾਵੇਗਾ

# ਮਨੁੱਖਤਾ ਨੂੰ ਸੇਧ ਦਿੰਦੇ ਨੇ ਸਾਹਿਤ ਤੇ ਕਾਨੂੰਨ

## ਮੋਹਨ ਲਾਲ ਫਿਲੌਰੀਆ

ਰੂਬਰੂ



• ਹਰਮੀਤ ਸਿੰਘ ਅਟਵਾਲ
98155-05287

ਕਹਾਣੀਆਂ ਲਿਖਦਾ-ਲਿਖਦਾ ਮੋਹਨ ਲਾਲ ਫਿਲੌਰੀਆ ਵਕੀਲ ਬਣ ਗਿਆ। ਇਸ ਸਮੇਂ ਜਲੰਧਰ ਦੀ ਕਚਹਿਰੀ 'ਚ ਵਕਾਲਤ ਕਰਦਾ ਹੈ। ਪੰਜਾਬੀ 'ਚ ਉਸ ਦੇ ਪੰਜ ਕਹਾਣੀ ਸੰਗ੍ਰਹਿ- 'ਸਰਕਾਰੀ ਵਰਦੀ', 'ਲਾਗੀ', 'ਮਿੱਟੀ ਦਾ ਬੋਝ', 'ਮੋਚੀ ਦਾ ਪੁੱਤ' ਅਤੇ 'ਕੱਚਾ ਮਾਸ' ਛਪ ਚੁੱਕੇ ਹਨ। ਕਹਾਣੀਆਂ ਦੀ ਇਕ ਪੁਸਤਕ 'ਮੋਚੀ ਕਾ ਬੇਟਾ' ਹਿੰਦੀ 'ਚ ਵੀ ਅਨੁਵਾਦ ਹੋ ਕੇ ਛਪੀ ਹੈ। ਕਹਾਣੀ 'ਮੋਚੀ ਦਾ ਪੁੱਤ' 'ਤੇ ਭਾਅ ਜੀ ਗੁਰਸ਼ਰਨ ਸਿੰਘ ਨਾਟਕ ਖੇਡਦੇ ਰਹੇ। ਅਜੇ ਵੀ ਪ੍ਰਗਤੀ ਕਲਾ ਕੇਂਦਰ ਲਾਂਦੜਾ ਵਾਲੇ ਕਹਾਣੀ 'ਮੋਚੀ ਦਾ ਪੁੱਤ' 'ਤੇ ਨਾਟਕ ਖੇਡਦੇ ਹਨ। ਉਨ੍ਹਾਂ ਨੇ ਇਸ ਕਹਾਣੀ 'ਤੇ ਅਧਾਰਤ ਟੈਲੀ ਫਿਲਮ ਵੀ ਬਣਾਈ ਜਿਹੜੀ ਕਿ ਦੇਸ਼ ਵਿਦੇਸ਼ 'ਚ ਸਲਾਹੀ ਗਈ। ਉਨ੍ਹਾਂ ਨੂੰ ਕਚਹਿਰੀ 'ਚ ਮਿਲਣ ਗਏ ਤਾਂ ਉਹ ਕੋਰਟ ਦੇ ਬਾਹਰ ਇਕ ਬੋਹੜ ਦੇ ਦਰਖ਼ਤ ਥੱਲੇ ਬੈਠੇ ਹਵਾ ਖਾ ਰਹੇ ਸਨ। ਬੋਹੜ ਦੇ ਨਾਲ ਇਕ ਪਿੱਪਲ ਦਾ ਦਰੱਖ਼ਤ ਵੀ ਹੈ।

ਪਹਿਲਾਂ ਚੁੱਪ ਰਹੇ ਫਿਰ ਬੋਲੇ ਕਿ ਸੁਣਦੇ ਹਾਂ ਮਹਾਤਮਾ ਬੁਧ ਨੂੰ ਬੋਹੜ ਦੇ ਪੇੜ ਥੱਲੇ ਗਿਆਨ ਹੋਇਆ ਸੀ ਸ਼ਾਇਦ ਏਥੋਂ ਗਿਆਨ ਮੈਨੂੰ ਵੀ ਮਿਲ ਜਾਵੇ। ਦੂਸਰਾ ਆਹ ਪਿੱਪਲ ਦਾ ਦਰੱਖ਼ਤ ਬਹੁਤ ਸਾਫ਼ ਸੁਥਰੀ ਹਵਾ ਦਿੰਦਾ ਹੈ। ਤੀਸਰਾ ਔਹ ਦੇਖੋ ਦੁਨੀਆ ਤੁਰੀ ਜਾਂਦੀ ਹੈ ਅਦਾਲਤਾਂ ਵੱਲ ਨੂੰ। ਔਰਤਾਂ, ਮਰਦ, ਕੁੜੀਆਂ, ਮੁੰਡੇ, ਪੁਲਸੀਏ ਦੌੜੇ ਜਾ ਰਹੇ ਹਨ। ਅੰਦਰ ਆਵਾਜ਼ਾਂ ਪੈ ਰਹੀਆਂ ਹਨ- ਮੈਂ ਬਨਾਮ ਤੂੰ- ਤੂੰ ਬਨਾਮ ਮੈਂ- ਪਿਓ-ਪੁੱਤ ਦੇ ਝਗੜੇ ਹਨ। ਭਰਾਵਾਂ-ਭਰਾਵਾਂ ਅਤੇ ਭੈਣਾਂ-ਭੈਣਾਂ ਦੇ ਝਗੜੇ ਹਨ। ਚਿੱਟੇ ਦਾ ਰੌਲ਼ਾ ਹੈ ਕਾਲੇ ਦਾ ਰੌਲ਼ਾ ਹੈ - ਜਾਤਾਂ ਪਾਤਾਂ ਦੇ ਝਗੜੇ ਹਨ। ਪੇਸ਼ ਹੈ ਉਨ੍ਹਾਂ ਨਾਲ ਹੋਈ ਗੱਲਬਾਤ :

**• ਇਹ ਵਕੀਲ ਬਣਨ ਦਾ ਸਬੱਬ ਕਿਵੇਂ ਬਣਿਆ?**

ਇਹ ਵੀ ਅਜੀਬ ਇਤਫਾਕ ਹੈ। ਮੈਂ ਸੱਤ ਜਗ੍ਹਾ 'ਤੇ 40 ਸਾਲ ਨੌਕਰੀ ਕਰ ਕੇ ਰਿਟਾਇਰ ਹੋ ਕੇ 60 ਸਾਲ ਦੀ ਉਮਰ 'ਚ ਵਕੀਲ ਬਣਿਆ। ਵਕੀਲ ਬਣਨ ਤੋਂ ਪਹਿਲਾਂ ਮੈਂ ਬੈਂਕ ਦਾ ਮੈਨੇਜਰ ਸੀ। ਮੈਨੇਜਰ ਤੋਂ ਪਹਿਲਾਂ ਮੈਂ ਪੰਜਾਬ ਸਰਕਾਰ ਦਾ ਬਾਬੂ (ਕਲਰਕ) ਸੀ। ਕਲਰਕ ਬਣਨ ਤੋਂ ਪਹਿਲਾਂ ਪਿੰਡ 'ਚ ਦਿਹਾੜੀਦਾਰ ਮਜ਼ਦੂਰ ਸੀ। ਜਿੱਥੇ ਮੇਰੇ ਪਰਿਵਾਰ ਦੇ ਮੈਂਬਰ ਅਜੇ ਵੀ ਦਿਹਾੜੀ ਲਾਉਣ 'ਚ ਫਸੇ ਹੋਏ ਹਨ।

**• ਵਕੀਲ ਬਣਨ ਲਈ ਤਾਂ ਕੋਰਸ ਕਰਨਾ ਪੈਂਦਾ ਹੈ?**

ਹਾਂ ਵਕੀਲ ਬਣਨ ਲਈ ਪੜ੍ਹਾਈ ਤਾਂ ਕਰਨੀ ਪੈਂਦੀ ਹੈ। ਮੇਰੀ ਪੜ੍ਹਾਈ ਦੀ ਕਹਾਣੀ ਅਲੱਗ ਹੈ। ਮੇਰੇ ਘਰ 'ਚੋਂ ਨਾ ਪਹਿਲਾਂ ਤੇ ਨਾ ਬਾਅਦ 'ਚ ਕੋਈ ਪੜ੍ਹਿਆ। ਮੈਂ ਨੂਰਮਹਿਲ ਤੋਂ 1966 'ਚ ਦਸਵੀਂ ਪਾਸ ਕੀਤੀ, ਦੋ ਸਾਲ ਫਗਵਾੜੇ ਕਾਲਜ 'ਚ ਪੜ੍ਹਿਆ। ਬੀ.ਏ. ਕਰਦਾ ਸੀ ਚੰਡੀਗੜ੍ਹ ਨੌਕਰੀ ਮਿਲ ਗਈ। ਕਿਸੇ ਟੀਚਰ ਨੇ ਸਲਾਹ ਦਿੱਤੀ ਦੌੜ ਜਾ। ਮੈਂ ਉੱਥੇ ਜਾ ਕੇ ਯੂਨੀਵਰਸਿਟੀ ਈਵਨਿੰਗ ਕਾਲਜ 'ਚੋਂ ਪਹਿਲਾਂ ਬੀਏ ਕੀਤੀ ਫਿਰ ਐੱਲਐੱਲਬੀ ਫਿਰ ਪਰਸੋਨਲ ਮੈਨੇਜਮੈਂਟ ਪੰਜਾਬੀ ਦੀ ਐਮਏ ਕੀਤੀ। ਐੱਲਐੱਲਬੀ ਈਵਨਿੰਗ ਕਾਲਜ ਤੋਂ ਕੀਤੀ। 1977 'ਚ ਬੈਂਕ 'ਚ ਅਫ਼ਸਰ ਭਰਤੀ ਹੋ ਗਿਆ ਨਹੀਂ ਤਾਂ ਮੈਂ ਉਦੋਂ 'ਚ ਹੀ ਵਕੀਲ ਬਣ ਜਾਣਾ ਸੀ। ਇਕ ਗੱਲ ਹੋਰ ਮੈਂ 59 ਸਾਲ ਦੀ ਉਮਰ 'ਚ ਪੰਜਾਬੀ 'ਵਰਸਿਟੀ ਪਟਿਆਲਾ ਤੋਂ ਐਮਏ ਜਰਨਲਿਜ਼ਮ ਵੀ ਕੀਤੀ।

**• ਸਾਹਿਤ ਵੱਲ ਝੁਕਾਅ ਕਿਵੇਂ ਬਣਿਆ?**

ਅਸਲ 'ਚ ਕੁਝ ਪਤਾ ਹੀ ਨਹੀਂ ਸੀ - ਅਸੀਂ ਕਿਥੇ ਜਾਣਾ - ਕਿਵੇਂ ਜਾਣਾ - ਕਿਉਂ ਜਾਣਾ। ਘਰ 'ਚ ਮੱਝ ਹੁੰਦੀ ਜਾਂ ਪਿੱਛੇ ਕੋਈ ਕਟੜੂ ਦੇ ਵੇਲੇ ਰੰਬਾ ਲੈ ਕੇ ਘਾਹ ਖੋਤਣ ਜਾਣਾ। ਓਹੀ ਰੰਬਾ ਅੱਗੋਂ ਨਿਆਣਿਆਂ ਦੇ ਹੱਥ ਤੇ ਅੱਗੋਂ ਅਗਲੀ ਪੀੜ੍ਹੀ। ਫਗਵਾੜੇ ਪੜ੍ਹਨ ਲੱਗੇ ਤਾਂ ਕਾਲਜ ਦੇ ਅੱਗੇ ਵਿਦਿਆਰਥੀ ਜੱਥੇਬੰਦੀਆਂ ਨਾਹਰੇ ਮਾਰਦੀਆਂ ਹੋਣੀਆਂ। ਗੰਨੇ ਵਾਲੀ ਮਿੱਲ ਦੇ ਬਾਹਰ ਕਿਸਾਨ ਯੂਨੀਅਨ ਵਾਲੇ, ਕੱਪੜੇ ਵਾਲੀ ਮਿੱਲ ਦੇ ਬਾਹਰ ਮਜ਼ਦੂਰ ਯੂਨੀਅਨ ਵਾਲੇ ਨਾਹਰੇ ਮਾਰਦੇ ਹੋਣੇ। ਫਿਰ ਇਕ ਦਿਨ ਕੱਪੜੇ ਵਾਲੀ ਮਿੱਲ ਦੇ ਬਾਹਰ ਧਰਨੇ 'ਤੇ ਬੈਠੇ ਮਜ਼ਦੂਰਾਂ ਤੇ ਪਾਰਸਲ ਕੀਤੇ ਬੰਬ ਫਟੇ। ਚਾਰ ਮਜ਼ਦੂਰ ਮਰ ਗਏ ਕੁਝ ਫੱਟੜ ਹੋਏ। ਇਹ ਘਟਨਾ ਨੇੜੇ ਤੋਂ ਦੇਖੀ। ਮਨ ਵਲੂੰਧਰਿਆ ਗਿਆ। ਇਹੋ ਜਿਹੀਆਂ ਘਟਨਾਵਾਂ ਅਕਸਰ ਵਾਪਰਦੀਆਂ ਸਨ। ਵਧੀਕੀਆਂ ਹੁੰਦੀਆਂ ਦੇਖੀਆਂ, ਪੜ੍ਹੀਆਂ, ਸੁਣੀਆਂ। ਇੰਜ ਵਧੀਕੀਆਂ ਕਰਨ ਵਾਲੇ ਬੁਰੇ ਲੱਗਣ ਲੱਗੇ। ਜਿਨ੍ਹਾਂ ਨਾਲ ਹੋ ਰਹੀਆਂ ਸੀ ਉਹ ਆਪਣੇ ਲੱਗਣ ਲੱਗੇ। ਇਹ ਗੱਲਾਂ ਪੇਸ਼ ਕਰਨ ਵਾਲਾ ਸਾਹਿਤ ਚੰਗਾ ਲੱਗਦਾ ਤੇ ਮਨ ਕਰਦਾ ਇਹੋ ਜਿਹਾ ਲਿਖਿਆ ਵੀ ਜਾਵੇ।

**• ਚੰਡੀਗੜ੍ਹ ਉਦੋਂ ਕਿਹੋ ਜਿਹਾ ਸੀ?**

1969 'ਚ ਚੰਡੀਗੜ੍ਹ ਨੌਕਰੀ ਲੱਗੀ ਸੀ। ਸਤਾਰਾਂ ਸੈਕਟਰ 'ਚ ਦਫ਼ਤਰ ਸੀ। ਇਕ ਦਿਨ 17 ਸੈਕਟਰ 'ਚ ਸ਼ਿਵ ਕੁਮਾਰ ਬਟਾਵਲੀ ਖੜ੍ਹਾ ਦੇਖਿਆ ਉਦੋਂ ਉਹਦੀ ਚੜ੍ਹਤ ਸੀ। ਉਹ ਐੱਸਬੀਆਈ 'ਚ ਨੌਕਰੀ ਕਰਦਾ ਸੀ। ਚੰਡੀਗੜ੍ਹ ਅਜੇ ਬਣਦਾ ਸੀ। ਵੱਡੀਆਂ-ਵੱਡੀਆਂ ਸਾਹਿਤਕ ਤੇ ਸਿਆਸੀ ਸ਼ਖ਼ਸੀਅਤਾਂ ਦੇਖੀਆਂ। ਵੱਡੇ-ਵੱਡੇ ਅਫ਼ਸਰ ਦੇਖੇ। ਪਰ ਇਨ੍ਹਾਂ ਨੂੰ ਦੇਖਣ ਤੋਂ ਬਾਅਦ ਦਿਲ ਦਿਮਾਗ਼ 'ਚ ਘਟੀਆਪਣ ਦਾ ਮਹਿਸੂਸ ਹੋਣਾ ਜੇ ਕੁਝ ਕੀਤਾ ਵੀ ਹੋਣਾ ਤਾਂ ਹਿੰਮਤ ਨਾ ਪੈਣੀ ਕਿ ਪ੍ਰਗਟ ਕਰ ਸਕੀਏ।

**• ਪੰਜਾਬ ਤੋਂ ਬਾਹਰ ਕਿੱਥੇ-ਕਿੱਥੇ ਰਹੇ?**

ਚੰਡੀਗੜ੍ਹ ਰਹਿ ਕੇ ਨੌਕਰੀ ਕੀਤੀ, ਪੜ੍ਹਾਈ ਕੀਤੀ, ਦਫ਼ਤਰਾਂ 'ਚ ਜਾਤੀ ਅਧਾਰਤ ਵਿਤਕਰਾ ਬਰਦਾਸ਼ਤ ਕੀਤਾ। ਵਿਜਯਾ ਬੈਂਕ 'ਚ ਨੌਕਰੀ ਬੰਗਲੌਰ ਲੱਗੀ। ਛੇ ਮਹੀਨੇ ਕੱਟੇ। ਦੂਰ ਸੀ। ਭਾਸ਼ਾ ਦੀ ਵੀ ਸਮੱਸਿਆ, ਦੂਸਰਾ ਦੇਸ਼ ਲੱਗਦਾ ਸੀ। ਦਿੱਲੀ ਤੋਂ ਲਖਨਊ, ਫਿਰ ਬਨਾਰਸ, ਫਿਰ ਜਲੰਧਰ, ਫਿਰ ਜਲੰਧਰ ਤੋਂ ਜਬਲਪੁਰ, ਭੋਪਾਲ, ਫਿਰ ਲਖਨਊ। ਬਨਾਰਸ ਤੇ ਚੰਡੀਗੜ੍ਹ ਘੁੰਮਦੇ ਰਹੇ। ਏਸੇ ਦੌਰਾਨ ਬੰਬਈ-ਕਲਕੱਤੇ ਵੀ ਆਉਣ ਜਾਣ ਬਣਿਆ ਰਿਹਾ। ਪੂਰਾ ਭਾਰਤ ਦੇਖ ਹੋ ਗਿਆ।

**• ਪੰਜਾਬ 'ਚ ਜਾਤ ਪਾਤ ਦੀ ਸਮੱਸਿਆ ਘੱਟ ਹੈ ਬਾਹਰ ਜ਼ਿਆਦਾ?**

ਨਹੀਂ ਅਜਿਹਾ ਨਹੀਂ। ਜਾਤ ਪਾਤ ਦੀ ਸਮੱਸਿਆ ਨਾ ਪੰਜਾਬ 'ਚ ਘੱਟ ਹੈ ਨਾ ਬਾਹਰ ਜ਼ਿਆਦਾ ਹੈ ਹਰ ਜਗ੍ਹਾ ਹੈ। ਜੇ ਬੰਦਾ ਸਪਸ਼ਟ ਹੋ ਕੇ ਰਹਿੰਦਾ ਹੈ ਤਾਂ ਕੋਈ ਸਮੱਸਿਆ ਨਹੀ। ਜੇ ਕੁੰਗੜ ਕੇ ਰਹੇਗਾ ਤਾਂ ਜਾਤ ਖਾ ਜਾਏਗੀ। ਹੁਣ ਝਾੜੂ ਦੇਣ ਵਾਲੇ ਨੂੰ ਉੱਚੀ ਜਾਤ ਵਾਲਾ ਕੋਈ ਕੁਝ ਨਹੀ ਕਹਿੰਦਾ। ਹਾਂ ਜੇ ਝਾੜੂ ਦੇਣ ਵਾਲੇ ਦੇ ਪਰਿਵਾਰ 'ਚੋਂ ਕਿਸੇ ਦਫ਼ਤਰ 'ਚ ਕਿਤੇ ਨੌਕਰੀ ਲੱਗ ਜਾਵੇ ਤਾਂ ਉਸ ਗ਼ਰੀਬ ਨੂੰ ਉੱਚੀ ਜਾਤ ਖਾ ਜਾਏਗੀ। ਰਿਜ਼ਰਵੇਸ਼ਨ ਦੇ ਮਿਹਣੇ ਮਾਰੇ ਜਾਣਗੇ। ਜਾਂ ਇਹ ਵੀ ਹੈ ਕਿ ਛੋਟੀ ਜਾਤ ਵਾਲਾ ਆਪਣੀ ਕਲੋਨੀ ਛੱਡ ਕੇ ਵਧੀਆ ਕਲੋਨੀ 'ਚ ਰਹਿਣ ਦਾ ਉਪਰਾਲਾ ਕਰੂਗਾ ਤਾਂ ਉਸ ਨੂੰ ਕਠਿਨਾਈ ਹੋਵੇਗੀ। ਹਾਲ ਹੀ 'ਚ ਇਕ ਪਿੰਡ ਇਕ ਗੁਰਦੁਆਰੇ ਦਾ ਨਾਹਰਾ ਉਠਿਆ ਸੀ ਜੋ ਮੱਠਾ ਪੈ ਗਿਆ। ਹੋਰ ਤਾਂ ਹੋਰ ਸ਼ਮਸਾਨ ਭੂਮੀਆਂ ਵੀ ਇੱਕਠੀਆਂ ਨਹੀਂ ਹੋ ਸਕੀਆਂ।

**• ਭਾਰਤ 'ਚ ਰਿਜ਼ਰਵੇਸ਼ਨ ਵੀ ਜਾਤ ਪਾਤ ਖ਼ਤਮ ਨਹੀਂ ਕਰ ਸਕੀ?**

ਨਹੀ ਰਿਜ਼ਰਵੇਸ਼ਨ ਨਾਲ ਜਾਤ ਪਾਤ ਖ਼ਤਮ ਨਹੀਂ ਹੋ ਸਕੀ। ਡਾ. ਅੰਬੇਡਕਰ ਦੀ ਅਗਵਾਈ 'ਚ ਅੰਗਰੇਜ਼ਾਂ ਨਾਲ ਸਿੱਧਾ ਰਾਬਤਾ ਕਾਇਮ ਕਰ ਕੇ ਜਿਹੜਾ ਦਲਿਤ ਮੁਕਤੀ ਦਾ ਅੰਦੋਲਨ ਉਠਿਆ ਸੀ ਉਹ ਰਿਜ਼ਰਵੇਸ਼ਨ ਦੇ ਲਾਰੇ ਨਾਲ ਸ਼ਾਂਤ ਕਰ ਦਿੱਤਾ। ਸਮੱਸਿਆ ਜਿਓਂ ਦੀ ਤਿਓਂ ਖੜ੍ਹੀ ਹੈ।

**• ਜਾਤ ਪਾਤ ਦੀ ਸਮੱਸਿਆ ਦਾ ਹੱਲ ਕੀ ਹੈ?**

ਇਹ ਸਮੱਸਿਆ ਹੱਲ ਹੋ ਸਕਦੀ ਹੈ। ਸਰਕਾਰ ਦੀ ਨੀਯਤ ਸਾਫ਼ ਹੋਵੇ। ਜਿੰਨੇ ਵੀ ਕਾਨੂੰਨ ਬਣੇ ਹਨ ਉਹ ਲਾਗੂ ਕੀਤੇ ਜਾਣ। ਕਾਨੂੰਨ ਲਾਗੂ ਨਾ ਕੀਤੇ ਜਾਣ ਦੀ ਸੂਰਤ 'ਚ ਜ਼ਿੰਮੇਵਾਰੀ ਫਿਕਸ ਕੀਤੀ ਜਾਵੇ। ਸਿੱਖਿਆ ਮੁਫ਼ਤ ਦਿੱਤੀ ਜਾਵੇ ਅਤੇ ਇਕੋ ਜਿਹੀ ਦਿੱਤੀ ਜਾਵੇ। ਇੰਗਲਿਸ਼ ਮੀਡੀਆ ਦੇ ਸਕੂਲ ਬੰਦ ਕੀਤੇ ਜਾਣ। ਸਭ ਤੋਂ ਛੋਟੀਆਂ ਜਾਤਾਂ ਵਾਲੇ ਆਪਣੀ ਜਾਤ ਅਤੇ ਆਪਣੇ ਆਪ ਨੂੰ ਮਜ਼ਬੂਤ ਕਰਨ। ਤਕਨੀਕ ਦਾ ਯੁਗ ਹੈ। ਪਰੰਪਰਾ ਜਾਂ ਜਾਤ ਦਾ ਯੁਗ ਹੈ। ਸਾਹਿਤ ਇਸ ਵਿਚ ਬੜਾ ਯੋਗਦਾਨ ਪਾ ਸਕਦਾ ਹੈ।

**• ਜਾਤਪਾਤ ਦੇ ਖ਼ਾਤਮੇ ਲਈ ਸਾਹਿਤ ਆਪਣੀ ਭੂਮਿਕਾ ਕਿਵੇਂ ਨਿਭਾਅ ਸਕਦਾ ਹੈ?**

ਕਿਸੇ ਵੀ ਸਮੱਸਿਆ ਦੀ ਪੇਸ਼ਕਾਰੀ ਸਮੇਂ ਸਾਹਿਤਕਾਰ ਨੂੰ ਇਮਾਨਦਾਰ ਹੋਣਾ ਪਵੇਗਾ। ਭਗਤੀ ਲਹਿਰ ਦੇ ਮਹਾਨ ਬਾਣੀਕਾਰ ਪੰਦਰਵੀਂ ਸੋਹਲਵੀਂ ਸਦੀ ਦੇ ਨਾਇਕ ਸਤਿਗੁਰ ਕਬੀਰ, ਗੁਰੂ ਰਵਿਦਾਸ, ਭਗਤ ਨਾਮਦੇਵ ਤੇ ਹੋਰ ਮਹਾਂਪੁਰਸ਼ ਅੱਜ ਵੀ ਅਣਗੌਲੇ ਪਏ ਹਨ। ਅੱਜ ਦੇ ਯੁਗ ਦੀ ਗੱਲ ਛੱਡੋ ਦਲਿਤਾਂ ਬਾਰੇ ਗੱਲ ਕਰਨ ਵਾਲੇ ਸਾਡੇ ਆਧੁਨਿਕ ਯੁਗ ਵਿਚ ਵੀ ਅਣਗੌਲੇ ਪਏ ਹਨ। ਦਲਿਤ ਲੇਖਕਾਂ ਤੇ ਦਲਿਤ ਸਾਹਿਤਕਾਰ ਹੋਣ ਦਾ ਫੱਟਾ ਲੱਗ ਜਾਂਦਾ ਹੈ।

**• ਆਪਣੀ ਲਿਖਣ ਪ੍ਰਕਿਰਿਆ ਬਾਰੇ ਗੱਲ ਦੱਸੋ।**

ਮੈਂ ਜੋ ਦੇਖਦਾ ਹਾਂ ਲਿਖਦਾ ਹਾਂ। ਚੋਰਬਜ਼ਾਰੀ, ਰਿਸ਼ਵਤਖੋਰੀ- ਹਰਾਮਖੋਰੀ ਹਰ ਜਗ੍ਹਾ ਹੈ। ਪੈਸਾ ਪੈਸੇ ਦਾ ਮਿੱਤਰ ਜਾਤਾਂ ਤੋਂ ਵੀ ਉੱਪਰ ਉੱਚੀ ਜਾਤ ਤੇ ਨੀਵੀ ਜਾਤ ਦੇ ਬੰਦਿਆ ਦਾ ਇਕੋ ਗੋਲ ਹੈ- ਪੈਸਾ। ਇਸ ਪੈਸੇ ਦੀ ਦੌੜ ਨੇ ਕਈ ਲਹਿਰਾਂ ਠੰਢੀਆਂ ਕਰ ਦਿੱਤੀਆਂ ਹਨ। ਨਵੀ ਪੁਸਤਕ "ਕੱਚਾ ਮਾਸ" ਵਿਚ ਕਈ ਕਹਾਣੀਆਂ ਏਸੇ ਰੰਗ ਦੀਆਂ ਹਨ। ਇਕ ਦਿਨ ਦੇਖਿਆ ਕੋਈ ਬਾਹਰੀ ਬੰਦਾ ਕਿਸੇ ਕਚਹਿਰੀ ਦੇ ਸਟਾਫ਼ ਨੂੰ ਪੈਸੇ ਦੇ ਰਿਹਾ ਸੀ। ਦੋਵਾਂ ਦੇ ਹੱਥਾਂ 'ਤੇ ੧ਓ ਉਕਰਿਆ ਹੋਇਆ ਸੀ ' ਹੇ ਵਾਹਿਗੁਰੂ-' ਕਹਾਣੀ ਲਿਖੀ। ਲਿਖਣ ਲਈ ਜਦ ਰਚਨਾ ਬਾਹਰ ਆਵੇ ਜਦੋਂ ਸਮਾਂ ਮਿਲੇ ਲਿਖ ਲੈਂਦਾ ਹਾਂ।

**• ਸਾਹਿਤ ਅਤੇ ਕਾਨੂੰਨ ਦਾ ਆਪਸ ਵਿਚ ਸਬੰਧ?**

ਸਾਹਿਤ ਵੀ ਕਾਨੂੰਨ ਹੈ ਤੇ ਕਾਨੂੰਨ ਵੀ ਸਾਹਿਤ। ਦੋਵੇਂ ਮਨੁੱਖਤਾ ਨੂੰ ਸੇਧ ਦੇਂਦੇ ਹਨ। ਸਮੱਸਿਆ ਹੈ ਸਮੱਸਿਆ ਦਾ ਹੱਲ ਹੈ-ਗੁਨਾਹਗਾਰ ਲਈ ਸਜ਼ਾ ਹੈ-ਪਛਤਾਵਾ ਹੈ, ਪਸ਼ਚਾਤਾਪ ਹੈ ਜੇਕਰ ਸਾਹਿਤ ਉੱਚ ਦਰਜੇ ਦਾ ਹੈ ਅਤੇ ਟੁੰਬਦਾ ਹੈ ਤਾਂ ਕਾਨੂੰਨ ਜਿੰਨਾ ਹੀ ਅਸਰ ਕਰੇਗਾ। ਅਜੇ ਕੁਝ ਦਿਨ ਪੁਰਾਣੀ ਗੱਲ ਹੈ, ਚੰਡੀਗੜ੍ਹ ਦੀ ਸੀਬੀਆਈ ਅਦਾਲਤ ਨੇ ਇਕ ਪੁਲਿਸ ਅਫ਼ਸਰ ਨੂੰ ਰਿਸ਼ਵਤ ਦੇ ਕੇਸ ਵਿਚ 3 ਸਾਲ ਦੀ ਸਜ਼ਾ ਸੁਣਾਉਣ ਤੋਂ ਪਹਿਲਾਂ ਜੱਜ ਸਾਹਿਬ ਨੇ ਦੋਸ਼ੀ ਨੂੰ ਮੁਨਸ਼ੀ ਪ੍ਰੇਮ ਚੰਦ ਦੀ -'ਨਮਕ ਕਾ ਦਰੋਗਾ'- ਕਹਾਣੀ ਸੁਣਾਈ। ਮੁਨਸ਼ੀ ਪ੍ਰੇਮ ਚੰਦ ਨੂੰ ਉਨ੍ਹਾਂ ਦੀਆਂ ਰਚਨਾਵਾਂ ਕਰਕੇ ਯਾਦ ਕੀਤਾ ਜਾਂਦਾ ਹੈ। 'ਨਮਕ ਕਾ ਦਰੋਗਾ' ਕਹਾਣੀ ਨੇ ਜੱਜ ਨੂੰ ਪ੍ਰਭਾਵਤ ਕੀਤਾ ਜੱਜ ਨੇ ਅੱਗੇ ਫ਼ੈਸਲਾ ਸੁਣਾਇਆ।

**• ਕਚਹਿਰੀ ਨਾਲ ਸਬੰਧਤ ਸਾਹਿਤ**

ਕਚਹਿਰੀ ਨਾਲ ਸਬੰਧਤ ਸਾਹਿਤ ਖ਼ਬਰਾਂ ਦੇ ਰੂਪ ਵਿਚ ਮਿਲਦਾ ਹੈ। ਸੁਪਰੀਮ ਕੋਰਟ-ਹਾਈ ਕੋਰਟ ਦੇ ਫ਼ੈਸਲੇ ਛਪਦੇ ਹਨ। ਸਾਡੇ ਸਾਹਿਤ ਅਕਾਡਮੀ ਐਵਾਰਡ ਪ੍ਰਾਪਤ ਲੇਖਕ ਮਿਤਰ ਸੈਨ ਮੀਤ ਦੇ ਸਾਰੇ ਨਾਵਲ-ਕਹਾਣੀਆਂ ਕਚਹਿਰੀ ਅਤੇ ਨਿਆਂ ਪ੍ਰਣਾਲੀ ਨਾਲ ਸਬੰਧਤ ਹਨ। ਮਿੱਤਰ ਸੈਨ ਮੀਤ ਜ਼ਿਲ੍ਹਾ ਅਟਾਰਨੀ ਸਨ ਪਰ ਨਿੰਦਰ ਘੁਗਿਆਣਵੀ ਦੀਆਂ ਲਿਖਤਾਂ ਹੋਰ ਵੀ ਰੋਚਕ ਹਨ। ਉਹ ਵਧਾਈ ਦੇ ਹੱਕਦਾਰ ਹਨ। •



**ਪੁਸਤਕ 'ਕੱਚਾ ਮਾਸ' ਵਿਚਲੀਆਂ ਕਹਾਣੀਆਂ ਬਾਰੇ ਕੁਝ ਦੱਸੋ।**

ਪੁਸਤਕ ਵਿਚਲੀਆਂ ਕਹਾਣੀਆਂ ਬਾਰੇ ਨਿਰਣਾ ਪਾਠਕਾਂ ਦੇ ਹੱਥ ਹੈ। ਸਾਡੀਆਂ ਕਚਹਿਰੀਆਂ ਨਿਆਂ ਕਰਦੀਆਂ ਹਨ ਕਿ ਨਹੀਂ ਫ਼ੈਸਲੇ ਜ਼ਰੂਰ ਕਰਦੀਆਂ ਹਨ। ਉਹ ਵੀ ਦੇਰੀ ਨਾਲ-ਤਰੀਕਾਂ 'ਤੇ ਤਰੀਕਾਂ। ਪਰੇਸ਼ਾਨ ਹੁੰਦੇ ਹਨ ਲੋਕ। ਦਰੱਖ਼ਤ ਵੀ ਕਹਿੰਦੇ ਬਿਰਧ ਹੋ ਗਏ ਫ਼ੈਸਲੇ ਸੁਣਦੇ-ਸੁਣਦੇ। ਫਿਰ ਵੀ ਗਵਾਹੀ ਅੱਗੇ ਤੁਰਦੀ ਹੈ।

*ਚੰਡੀਗੜ੍ਹ ਦੀ ਸੀਬੀਆਈ ਅਦਾਲਤ ਨੇ ਇਕ ਪੁਲਿਸ ਅਫਸਰ ਨੂੰ ਰਿਸ਼ਵਤ ਦੇ ਕੇਸ ਵਿਚ 3 ਸਾਲ ਦੀ ਸਜ਼ਾ ਸੁਣਾਉਣ ਤੋਂ ਪਹਿਲਾਂ ਦੋਸ਼ੀ ਨੂੰ ਮੁਨਸ਼ੀ ਪ੍ਰੇਮ ਚੰਦ ਦੀ ਕਹਾਣੀ 'ਨਮਕ ਕਾ ਦਰੋਗਾ' ਸੁਣਾਈ। ਇਹ ਹੈ ਮੁਨਸ਼ੀ ਪ੍ਰੇਮ ਚੰਦ ਦੀਆਂ ਕਹਾਣੀਆਂ ਦੀ ਅਮੀਰੀ ...*

---

*ਪੰਜਾਬ ਦੀ ਵੰਡ ਬੜੀ ਖ਼ਤਰਨਾਕ ਤੇ ਦਰਦਨਾਕ ਸੀ। ਅਸੀਂ ਹਿੰਦੂ, ਸਿੱਖ, ਮੁਸਲਿਮ ਆਦਿ ਸਦੀਆਂ ਤੋਂ ਇਕੱਠੇ ਰਹਿ ਰਹੇ ਸੀ। ਦੋਵਾਂ ਪਾਸਿਆਂ ਦੀ ਆਬਾਦੀ ਦਾ ਉਜਾੜਾ, ਤਬਾਦਲਾ ਤੇ ਕਤਲੋਗਾਰਤ ਬੜੀ ਅਜੀਬ ਲੱਗੀ...*

# ਸੁਭਿ ਅਮਲਾ ਬਾਝਹੁ ਦੋਨੋ ਰੋਈ

• ਡਾ. ਸਤਬੀਰ ਸਿੰਘ
98880-29401

(ਲੜੀ ਜੋੜਨ ਲਈ ਸੰਡੇ ਦਾ ਪਿਛਲਾ ਅੰਕ ਦੇਖੋ)

ਇਕ ਖੋਤੀ 'ਤੇ ਸਾਮਾਨ ਲੱਦੀ ਅਸੀ ਇਕ ਗੂੜ੍ਹੇ ਮਿੱਤਰ ਦਿਲ-ਮੁਹੰਮਦ ਦੀ ਅਗਵਾਈ ਵਿਚ ਹਿੰਦੋਸਤਾਨ ਵੱਲ ਵੱਧ ਰਹੇ ਸਾਂ। ਇਕ ਉੱਚੇ ਲੰਮੇ ਗੱਭਰੂ ਨੇ ਮੇਰੇ ਤਾਇਆ ਜੀ ਦੇ ਮੋਢੇ 'ਤੇ ਛਵੀ ਰੱਖ ਕੇ ਵਾਰ ਕਰਨਾ ਚਾਹਿਆ ਪਰ ਦਿਲ ਮੁਹੰਮਦ ਨੇ ਛਵੀ ਦੀ ਡਾਂਗ ਫੜ ਕੇ ਧਾੜਵੀਆਂ ਦੇ ਹਾੜ੍ਹੇ ਕੱਢਣੇ ਸ਼ੁਰੂ ਕਰ ਦਿੱਤੇ। ਧਾੜਵੀ ਕਹਿਣ ਕਿ ਇਹ ਕਾਫ਼ਰ ਨੇ। ਤੂੰ ਅੱਲਾ ਰਸੂਲ ਦਾ ਬੰਦਾ ਕਿਉਂ ਵਿਚ ਆਣ ਖਲੋਤਾ ਏਂ ?' 'ਜਿਨ੍ਹਾਂ ਨੂੰ ਤੁਸੀ ਕਾਫ਼ਿਰ ਕਹਿ ਕੇ ਮਾਰਨ ਲੱਗੇ ਹੋ ਇਹ ਵੀ ਅੱਲ੍ਹਾ ਰਸੂਲ ਤਕ ਪਹੁੰਚੇ ਹੋਏ ਨੇ ਜੋ ਅੱਲ੍ਹਾ ਤਾਲਾ ਦੀ ਸਾਰੀ ਲੁਕਾਈ ਨੂੰ ਸਕੂਲ 'ਚ ਤਾਲੀਮ ਦਿੰਦੇ ਨੇ। ਇਹ ਮਾਸਟਰ ਮਿਹਰ ਸਿੰਘ ਹੈ ਜੋ ਗੁਰਦੁਆਰੇ ਵੀ ਜਾਂਦਾ ਏ ਤੇ ਸਾਡੇ ਨਾਲ ਮਸੀਤ 'ਚ ਨਮਾਜ਼ ਵੀ ਪੜ੍ਹਨ ਜਾਂਦਾ ਹੈ। ਜਿਸ ਨੂੰ ਤੁਸੀ ਕਾਫ਼ਿਰ ਸਮਝ ਰਹੇ ਹੋ, ਉਹ ਬਾਬੇ ਨਾਨਕ ਤੇ ਹਜ਼ਰਤ ਮੁਹੰਮਦ ਦਾ ਸੱਚਾ ਪੈਰੋਕਾਰ ਏ। ਅੱਲ੍ਹਾ ਤਾਲਾ ਮਿਹਰ ਕਰੇਗਾ ਤੁਹਾਡੇ 'ਤੇ ਵੀ, ਇਨ੍ਹਾਂ 'ਤੇ ਵੀ।'

'ਇਨ੍ਹਾਂ ਮਾਸੂਮ ਲੋਕਾਂ 'ਤੇ ਖ਼ੈਰ ਮਿਹਰ ਕਰੋ।' ਹੰਝੂ ਕੇਰ ਕੇ ਦਿਲ ਮੁਹੰਮਦ ਦੀ ਗੱਲ ਸੁਣ ਕੇ ਧਾੜਵੀ ਦਾ ਦਿਲ ਪਸੀਜ ਗਿਆ ਤੇ ਉਸ ਨੇ ਤਾਇਆ ਜੀ ਦੇ ਮੋਢੇ ਤੋਂ ਛਵੀ ਚੁੱਕ ਲਈ ਤੇ ਪਰਿਵਾਰ ਨੂੰ ਅੱਗੇ ਵਧਣ ਦੀ ਆਗਿਆ ਦੇ ਦਿੱਤੀ। ਧਾਹਾਂ ਮਾਰ ਕੇ ਰੋਂਦੇ ਮੇਰੇ ਬਾਬਾ ਜੀ ਤੇ ਦਿਲ ਮੁਹੰਮਦ ਮੁੜ ਕਦੇ ਵੀ ਨਾ ਮਿਲਣ ਲਈ ਵਿਛੜ ਗਏ। ਪਰ ਸਮਾਂ ਬੜਾ ਬੀਤ ਗਿਆ ਏ। ਬੜਾ ਪਾਣੀ ਪੁਲਾਂ ਹੇਠੋਂ ਲੰਘ ਗਿਆ ਏ। ਅਜੇ ਵੀ ਵੇਲਾ ਮੁਹੱਬਤ ਦੇ ਖ਼ਜ਼ਾਨੇ ਲਕੋਈ ਬੈਠਾ ਏ। ਆਓ ਇਨ੍ਹਾਂ ਨੂੰ ਲੱਭੀਏ।

*ਅੰਮ੍ਰਿਤਾ ਠੀਕ ਲਿਖਦੀ ਏ-*
*ਜਿੱਥੇ ਵੱਜਦੀ ਸੀ ਫੂਕ ਪਿਆਰ ਦੀ,*
*ਉਹ ਵੰਝਲੀ ਗਈ ਗੁਆਚ।*

ਅਸੀ ਇਕ ਨਵੀ ਪੀੜ੍ਹੀ ਦੇ ਨੌਜਵਾਨ ਹਾਂ।

'ਕੌੜੀ ਯਾਦ ਵਤਨ ਦੀ'



ਮੈਨੂੰ ਮੁਹੰਮਦ ਰਫ਼ੀ ਦਾ 'ਉਸਤਾਦੋਂ ਕੇ ਉਸਤਾਦ' ਫਿਲਮ ਦਾ ਗਾਇਆ ਗੀਤ ਵੀ ਹਿੰਦ-ਪਾਕਿ ਰਿਸ਼ਤਿਆਂ ਲਈ ਢੁੱਕਵਾਂ ਲਗਦਾ ਏ।

*'ਸੌ ਬਾਰ ਜਨਮ ਲੇਂਗੇ, ਸੌ ਬਾਰ ਫਨਾਅ ਹੋਂਗੇ।*
*ਐ ਜਾਨੇ ਵਫ਼ਾ ਫਿਰ ਵੀ, ਹਮ ਤੁਮ ਨਾ ਜੁਦਾ ਹੋਂਗੇ।*
*ਰੇਸ਼ਮਾ ਵੀ ਮੇਰੇ ਕੰਨਾਂ 'ਚ ਗੂੰਜਦੀ ਰਹਿੰਦੀ ਏ,*
*ਸੱਜਣਾ ਬਾਝੋਂ ਹੋਇਆ ਹਨੇਰਾ,*
*ਹਾਇ ਓਏ ਰੱਬਾ ਨਹੀ ਲਗਦਾ ਦਿਲ ਮੇਰਾ।*

ਪਾਕਿਸਤਾਨੀ ਸ਼ਾਇਰ ਤਾਸਿਗੋਜਰ ਦੀ ਇਹ ਨਜ਼ਮ ਦੋਵਾਂ ਪਾਸਿਆਂ ਦੇ ਆਵਾਮ ਨੂੰ ਬੜਾ ਸਕੂਨ ਦਿੰਦੀ ਹੈ।

*ਜੜ੍ਹਾਂ ਸਲਾਮਤ ਨੇ...*
*ਅਸੀ ਆਂ ਆਪਣੇ ਆਪ 'ਤੇ*
*ਬੜਾ ਜ਼ੁਲਮ ਕੀਤਾ*
*ਆਪਣੀ ਹੱਥੀ*
*ਆਪਣੀਆਂ ਸ਼ਾਖ਼ਾਂ ਕੱਟੀਆਂ*
*ਕਰੂੰਬਲਾਂ ਵੱਢੀਆਂ*
*ਫੇਰ ਆਪਣੇ ਵਜੂਦ ਦੇ ਟੋਟੇ*
*ਚਾਰ ਚੁਫੇਰੇ ਖਿਲਾਰ ਦਿੱਤੇ*
*ਕਰੂੰਬਲਾਂ ਵੱਢ ਹੋਣ ਤੋਂ ਬਾਅਦ ਵੀ*
*ਜੜ੍ਹਾਂ ਸਲਾਮਤ ਨੇ*
*ਜੜ੍ਹਾਂ ਸਲਾਮਤ ਨੇ*
*ਉਸ ਧਰਤੀ 'ਚ*
*ਜ਼ਿੰਦੀ ਮਿੱਟੀ ਨੂੰ*
*ਪੰਜ ਪਾਣੀਆਂ ਨੇ ਗੁੰਨ੍ਹਿਆ ਏ।*
*(ਰਵੇਲ ਲਾਹੌਰ)*

ਜੜ੍ਹਾਂ ਸਲਾਮਤ ਨੇ ਤੇ ਮੇਰੇ ਵੀਰ ਆਵਾਨ! ਤੁਸੀ ਮਿੱਟੀ ਦਾ ਮੋਹ ਜ਼ਾਹਿਰ ਕੀਤਾ। ਜੜ੍ਹਾਂ ਸਲਾਮਤ ਨੇ ਤਾਂ ਮਾਧੋਪੁਰੀ ਜੀ ਤੇ ਤੁਸੀ ਮੈਨੂੰ ਕਈ ਫੋਨ ਕੀਤੇ। ਤਰਸ ਰਹੀ ਏ ਨਵੀ ਤੇ ਤੀਜੀ ਪੀੜ੍ਹੀ ਵੀ ਪਿਆਰੇ ਵਤਨ ਤੇ ਪਿਆਰੀ ਜੰਮਣ ਭੋਇੰ ਨੂੰ ਵੇਖਣ ਲਈ। ਮੈਂ ਤੇ ਮੇਰੇ ਪਾਪਾ ਵੀ ਟਾਂਡੇ ਕਿਲ੍ਹੇ 'ਤੇ ਮੋਟੇ ਦੀਆਂ ਹਲਟੀਆਂ ਤੇ ਹਵੇਲੀਆਂ ਵੇਖਣ ਨੂੰ ਤਰਸ ਰਹੇ ਹਾਂ। ਇੰਜ ਲਗਦਾ ਹੈ ਕਿ ਟਾਂਡੇ ਸਾਨੂੰ ਪਿਆਰ ਕਰਨ ਤੇ ਸਾਡੇ ਤੋਂ ਕੁਰਬਾਨ ਹੋਣ ਵਾਲਾ ਦਿਲ ਮੁਹੰਮਦ ਜ਼ਿੰਦਾ ਨਹੀ ਮਿਲੇਗਾ। ਉਸ ਦੇ ਪੁੱਤ-ਪੋਤਰੇ ਪਛਾਨਣ ਨਾ ਪਛਾਨਣ। ਮਨੁੱਖ ਦੀ ਪਛਾਣ ਧੁੰਦਲੀ ਪੈ ਜਾਂਦੀ ਏ, ਜਦੋਂ ਉਹ ਬਹੁਤ ਦੇਰ ਆਪਸੀ ਮੇਲ ਜੋਲ ਨਹੀ ਕਰ ਸਕਦਾ। ਮਾਂ-ਬੋਲੀ ਤੇ ਮਾਂ ਭੂਮੀ ਤੇ ਸਾਂਝੀ ਤਹਿਜ਼ੀਬ ਸਾਨੂੰ ਸਦਾ ਹੀ ਨੇੜੇ ਰੱਖਦੀਆਂ ਹਨ। ਸ਼ਾਇਰ ਉਸਤਾਦ ਦਾਮਨ ਦੇ ਲਫ਼ਜ਼ ਕਿੰਨੇ ਢੁੱਕਵੇਂ ਨੇ ਸਾਡੇ ਦੋਵਾਂ ਪਾਸਿਆਂ ਲਈ-

*ਜਾਗਣ ਵਾਲਿਆਂ ਰੱਜ ਕੇ ਲੁਟਿਆ ਏ,*
*ਸੋਏ ਤੁਸੀ ਵੀ ਓ ਸੋਏ ਅਸੀ ਵੀ ਆਂ।*
*ਲਾਲੀ ਅੱਖੀਆਂ ਦੀ ਪਈ ਦੱਸਦੀ ਏ*
*ਰੋਏ ਤੁਸੀ ਵੀ ਓ ਰੋਏ ਅਸੀ ਵੀ ਆਂ।*

ਆਮੀਨ! •

---

# ਕੌਣ ਹਨ 'ਲੋਕੀਂ ਕੀ ਆਖਣਗੇ' ਵਾਲੇ ਲੋਕ ?

• ਅਵਤਾਰ ਸਿੰਘ ਸੌਜਾ
98784 29005

ਜਦੋਂ ਵੀ ਘਰ ਵਿਚ ਕੋਈ ਨਵਾਂ ਕੰਮ ਸ਼ੁਰੂ ਹੋਣ ਲਗਦਾ, ਛੋਟੇ ਹੁੰਦਿਆਂ ਤੋਂ ਹੀ ਅਕਸਰ ਘਰ ਵਿਚ ਆਪਣੇ ਬਜ਼ੁਰਗਾਂ ਤੋਂ ਜਾਂ ਸਕੇ ਸਬੰਧੀਆਂ, ਦੋਸਤਾਂ ਤੋਂ ਇਕ ਗੱਲ ਜੋ ਆਮ ਸੁਣਨ ਨੂੰ ਮਿਲਦੀ ਰਹੀ ਉਹ ਸੀ ਲੋਕੀ ਕੀ ਆਖਣਗੇ? ਬਚਪਨ ਤੋਂ ਲੈ ਕੇ ਹੁਣ ਤਕ ਇਹੀ ਸੋਚਦਾ ਰਿਹਾ ਕਿ ਆਖਰ ਇਹ ਲੋਕੀ ਕੌਣ ਹਨ?ਇਹ ਲੋਕ ਰਹਿੰਦੇ ਕਿੱਥੇ ਹਨ? ਇਹ ਕਹਿਣ, ਆਖਣ ਤੋਂ ਬਿਨਾਂ ਕੁੱਝ ਹੋਰ ਕਿਉਂ ਨਹੀਂ ਕਰਦੇ? ਕੀ ਇਹ ਕਹਿਣ,ਆਖਣ ਲਈ ਸਾਰਾ ਦਿਨ ਵਿਹਲੇ ਹੀ ਰਹਿੰਦੇ ਹਨ? ਹੌਲੀ-ਹੌਲੀ ਸਮਾਜ ਵਿਚ ਵਿਚਰੇ ਤਾਂ ਇਨ੍ਹਾਂ ਲੋਕਾਂ ਦੇ ਚਿਹਰੇ ਸਾਹਮਣੇ ਆਉਣ ਲੱਗੇ, ਜਿਨ੍ਹਾਂ ਨੂੰ ਬਚਪਨ ਤੋਂ ਲੱਭਦਾ ਰਿਹਾ,ਉਹ ਤਾਂ ਆਸੇ ਪਾਸੇ ਹੀ ਮਿਲ ਗਏ ਜਿਵੇਂ ਕਹਿੰਦੇ ਨੀ ਹੁੰਦੇ ਕਿ 'ਕੁੱਛੜ ਕੁੜੀ ਸ਼ਹਿਰ ਢੰਡੋਰਾ'। ਹੌਲੀ-ਹੌਲੀ ਇਨ੍ਹਾਂ ਦੇ ਹਾਵ ਭਾਵਾਂ ਬਾਰੇ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ, ਕਈ ਵਾਰ ਜਾਣ ਬੁੱਝ ਕੇ ਵੱਖ-ਵੱਖ ਹਾਲਾਤ ਵਿਚ ਇਨ੍ਹਾਂ ਨੂੰ ਪਰਖਿਆਂ ਫਿਰ ਕਿਤੇ ਜਾ ਕੇ ਇਨ੍ਹਾਂ ਲੋਕਾਂ ਦਾ ਕਾਰਜ ਖੇਤਰ ਤੇ ਇਹ ਕਿਸ ਤਰ੍ਹਾਂ ਸੋਚਦੇ ਹਨ, ਕਿਸ ਤਰ੍ਹਾਂ ਕੰਮ ਕਰਦੇ ਹਨ ਜਾਂ ਕਹਿ ਲਓ ਕਿਸ ਤਰ੍ਹਾਂ 'ਕਹਿੰਦੇ ਜਾਂ ਆਖਦੇ ਹਨ' ਜਿਵੇਂ ਆਮ ਤੌਰ 'ਤੇ ਕਿਹਾ ਜਾਂਦਾ ਕਿ ਲੋਕੀ ਕੀ ਕਹਿਣਗੇ? ਦੀ ਸਮਝ ਆਉਣ ਲੱਗੀ। ਜਿੰਨਾ ਕੁ ਇਨ੍ਹਾਂ ਬਾਰੇ ਜਾਣਿਆ ਉਸ ਅਨੁਸਾਰ ਇਹ ਲੋਕ ਆਮ ਤੌਰ 'ਤੇ ਤੁਹਾਡੇ ਆਲੇ-ਦੁਆਲੇ ਹੀ ਕਾਰਜ ਕਰਦੇ ਹਨ। ਇਨ੍ਹਾਂ ਦੀ ਕਾਰਜ ਸ਼ੈਲੀ ਦੇ ਆਧਾਰ 'ਤੇ ਇਨ੍ਹਾਂ ਦੀਆਂ ਕੁੱਝ ਵੱਖ-ਵੱਖ ਸ਼੍ਰੇਣੀਆਂ ਬਣਾਈਆਂ ਜਾ ਸਕਦੀਆਂ ਹਨ।

ਆਓ ਪਹਿਲੀ ਸ਼੍ਰੇਣੀ ਭਾਵ 'ਲੋਕੀ ਕੀ ਕਹਿਣਗੇ' ਵਾਲੇ ਲੋਕਾਂ ਦੀ ਪਹਿਲੀ ਵੰਨਗੀ ਬਾਰੇ ਗੱਲ ਕਰੀਏ। ਜੇ ਤੁਸੀਂ ਆਪਣੀ ਜ਼ਿੰਦਗੀ ਵਿਚ ਆਪਣੀ ਮਿਹਨਤ ਤੇ ਪਰਮਾਤਮਾ ਦੀ ਮਿਹਰ ਸਦਕਾ ਵਧੀਆ ਰੁਤਬਾ ਹਾਸਲ ਕਰ ਚੁੱਕੇ ਹੋ ਜਾਂ ਵਧੀਆ ਪੈਸਾ ਕਮਾ ਲਿਆ ਹੈ, ਤਾਂ ਇਹ ਲੋਕ ਤੁਹਾਡੇ ਆਸ ਪਾਸ ਪ੍ਰਗਟ ਹੁੰਦੇ ਹਨ ਅਤੇ ਇਨ੍ਹਾਂ ਨੂੰ ਇਸ ਗੱਲ ਦਾ ਬਹੁਤ ਜ਼ਿਆਦਾ ਸ਼ਿਕਵਾ ਰਹਿੰਦਾ ਹੈ ਕਿ ਆਖਿਰ ਇਹ ਸਭ ਕੁੱਝ ਤੁਹਾਨੂੰ ਹੀ ਕਿਉਂ ਮਿਲਿਆ? ਇਹ ਤੁਹਾਡੀ ਤਰੱਕੀ ਜਾਂ ਪੈਸੇ ਨੂੰ ਦੋ ਨੰਬਰ ਦਾ ਭਾਵ ਬਲੈਕ ਮਨੀ ਜਾਂ ਠੱਗੀਆਂ ਮਾਰ ਕੇ ਕਮਾਇਆ ਦੱਸਦੇ ਹਨ ਭਾਵੇਂ ਤੁਸੀਂ ਇਸ ਤਰੱਕੀ ਲਈ ਦਿਨ ਰਾਤ ਭੱਜ-ਦੌੜ,ਹੱਡ ਭੰਨਵੀਂ ਮਿਹਨਤ ਕਿਉਂ ਨਾ ਕੀਤੀ ਹੋਵੇ, ਉਹ ਸਭ ਇਨ੍ਹਾਂ ਦੀਆਂ ਨਜ਼ਰਾਂ ਜਾਂ ਸਮਝ ਤੋਂ ਪਰੇ ਹੁੰਦਾ ਹੈ। ਇਨ੍ਹਾਂ ਦਾ ਤੁਹਾਡੇ ਤੋਂ ਬਿਨਾਂ ਇਕ ਰੋਸਾ ਰੱਬ ਨਾਲ ਵੀ ਰਹਿੰਦਾ ਹੈ ਕਿ ਰੱਬਾ ਫਲਾਣੇ ਨੂੰ ਤੂੰ ਛੱਪਰ ਪਾੜ ਕੇ ਦਿੱਤਾ ਹੈ ਪਰ ਸਾਡੀ ਵਾਰੀ? ਇਹ ਦਿਨ-ਰਾਤ ਉਠਦੇ ਬੈਠਦੇ ਰੱਬ ਨੂੰ ਤੇ ਦੂਜਿਆਂ ਨੂੰ ਕੋਸਦੇ ਰਹਿੰਦੇ ਹਨ ਪਰ ਆਪ ਆਪਣੀ ਤਰੱਕੀ ਲਈ ਡੱਕਾ ਨਹੀਂ ਤੋੜਦੇ। ਇਨ੍ਹਾਂ ਦੀ ਇਕ ਵਿਰੋਧੀ ਵੰਨਗੀ ਵੀ ਪਾਈ ਜਾਂਦੀ ਹੈ। ਇਸ ਵਿਚ ਉਹ ਲੋਕ ਆਉਂਦੇ ਹਨ ਕਿ ਪਰਮਾਤਮਾ ਨਾ ਕਰੇ, ਤੁਹਾਨੂੰ ਕਾਰੋਬਾਰ ਵਿਚ ਕੋਈ ਘਾਟਾ ਪੈ ਜਾਵੇ, ਕਿਧਰੇ ਰੁਜ਼ਗਾਰ ਨਾ ਮਿਲੇ, ਕੋਈ ਦੁੱਖ ਤਕਲੀਫ਼ ਘੇਰ ਲਵੇ ਤਾਂ ਇਨ੍ਹਾਂ ਲੋਕਾਂ ਦੀ ਚੱਕਰੀ ਘੁੰਮਦੀ ਹੈ ਅਤੇ ਤੁਸੀਂ ਇਨ੍ਹਾਂ ਦੀ ਨਜ਼ਰ ਵਿਚ ਦੁਨੀਆ ਦੇ ਸਭ ਤੋਂ ਨਿਕੰਮੇ ਅਤੇ ਬਦਕਿਸਮਤ ਵਿਅਕਤੀ ਬਣ ਜਾਂਦੇ ਹੋ। ਇਸ ਤਰ੍ਹਾਂ ਦੇ ਲੋਕ ਹਰ ਰੋਜ਼ ਤੁਹਾਨੂੰ ਦੇਖ ਦੇਖ ਮਸ਼ਕਰੀਆਂ ਕਰਦੇ ਹਨ। ਲੰਘਦੇ ਵੜਦੇ ਤਾਹਨੇ ਮਿਹਣੇ ਦਿੰਦੇ ਰਹਿੰਦੇ ਹਨ।

ਇਕ ਹੋਰ ਅਗਲੀ ਵੰਨਗੀ ਵਿਚ ਉਹ ਲੋਕ ਪਾਏ ਜਾਂਦੇ ਹਨ, ਜੋ ਕਹਿੰਦੇ ਹਨ ਜਾਂ ਆਖਦੇ ਹਨ,ਉਹ ਸਾਹਮਣੇ ਆ ਕੇ ਨਹੀਂ ਕਹਿੰਦੇ। ਇਹ ਕਹਿਣ ਲਈ ਜਾਂ ਆਖਣ ਲਈ ਕੋਈ ਹੋਰ ਮੋਢਾ ਲੱਭਦੇ ਹਨ ਭਾਵ ਕਿਸੇ ਦੀ ਬੁਰਾਈ ਲਈ ਦੂਜਿਆਂ ਨੂੰ ਸਾਧਨ ਵਜੋਂ ਵਰਤਦੇ ਹਨ। ਇਹ ਲੋਕ ਹੌਲੀ-ਹੌਲੀ ਦੂਜਿਆਂ ਦੇ ਕੰਨਾਂ ਵਿਚ ਤੁਹਾਡੇ ਪ੍ਰਤੀ ਜ਼ਹਿਰ ਘੋਲਦੇ ਰਹਿੰਦੇ ਹਨ। ਇਹ ਸ਼੍ਰੇਣੀ ਬਹੁਤ ਘਾਤਕ ਹੁੰਦੀ ਹੈ ਕਿਉਂਕਿ ਇਨ੍ਹਾਂ ਨੂੰ ਪਛਾਣਨਾ ਸਮੁੰਦਰ ਵਿੱਚੋਂ ਬੂੰਦ ਅਲੱਗ ਕਰਨ ਬਰਾਬਰ ਹੁੰਦਾ ਹੈ। ਇਹ ਲੋਕ ਕਈ ਵਾਰੀ ਸਾਰੀ ਸਾਰੀ ਉਮਰ ਸਾਹਮਣੇ ਨਹੀਂ ਆਉਂਦੇ। ਇਨ੍ਹਾਂ ਦਾ ਕਿਸੇ ਦੇ ਖ਼ੁਸ਼ਹਾਲ ਜੀਵਨ ਵਿਚ ਘੋਲਿਆ ਜ਼ਹਿਰ ਕਈ ਵਾਰ ਕਿਸੇ ਦਾ ਹੱਸਦਾ ਵਸਦਾ ਘਰ ਉਜਾੜ ਕੇ ਰੱਖ ਦਿੰਦਾ ਹੈ। ਜੇ ਕਦੇ ਇਨ੍ਹਾਂ ਦੀ ਕਹੀ ਜਾਂ ਬੋਲੀ ਗੱਲ ਫੜੀ ਵੀ ਜਾਵੇ ਜਾਂ ਸਾਹਮਣੇ ਆ ਜਾਵੇ ਤਾਂ ਇਹ ਸਾਫ਼ ਮੁਕਰ ਜਾਂਦੇ ਹਨ ਅਤੇ ਅਜਿਹੇ ਡਰਾਮੇ ਕਰਦੇ ਹਨ ਕਿ ਫਿਲਮੀ ਐਕਟਰਾਂ ਜਾਂ ਟੀ.ਵੀ ਸੀਰੀਅਲਾਂ ਦੀਆਂ ਸੱਸ-ਬਹੂਆਂ ਨੂੰ ਵੀ ਕਲਾਕਾਰੀ ਵਿਚ ਪਿੱਛੇ ਛੱਡ ਦਿੰਦੇ ਹਨ। ਸ਼ਾਇਦ ਇਸ ਵੰਨਗੀ ਦੇ ਲੋਕਾਂ ਕਰਕੇ ਹੀ ਅੱਜ ਕਲ੍ਹ ਗਿਰਗਿਟਾਂ ਰੰਗ ਬਦਲਣਾ ਛੱਡ ਦਿੱਤਾ ਹੈ।

ਇਕ ਹੋਰ ਵੰਨਗੀ ਵਿਚ ਅਜਿਹੇ ਲੋਕ ਆਉਂਦੇ ਹਨ ਜੋ ਸਾਡੇ ਮੂੰਹ 'ਤੇ ਬਹੁਤ ਮਿੱਠੇ ਬਣ ਕੇ ਰਹਿੰਦੇ ਹਨ, ਸਾਡੀ ਜੀ ਹਜ਼ੂਰੀ ਕਰਦੇ ਹਨ,ਵਾਹੀ ਵਾਹੀ ਕਰਦੇ ਹਨ,ਪਰ ਅੰਦਰੋਂ ਸਾੜਾ ਵੀ ਰੱਖਦੇ ਹਨ। ਇਸ ਕਿਸਮ ਦੇ ਲੋਕੀ ਸਾਡੀ ਛੋਟੀ ਜਿਹੀ ਗ਼ਲਤੀ ਦੀ ਤਾਕ ਵਿਚ ਰਹਿੰਦੇ ਹਨ ਕਿ ਕਦੋਂ ਅਸੀਂ ਕੋਈ ਅਣਚਾਹੀ ਗ਼ਲਤੀ ਕਰੀਏ ਅਤੇ ਫਿਰ ਇਹ ਸਾਨੂੰ ਰੱਜ ਕੇ ਕੋਸਣ ਜਾਂ ਕਹਿ ਲਓ ਆਪਣੇ ਮਨ ਅੰਦਰ ਸਾਡੇ ਪ੍ਰਤੀ ਭਰੀ ਭੜਾਸ ਕੱਢਣ। ਇਨ੍ਹਾਂ ਦੀ ਪਛਾਣ ਕਰਨੀ ਸੌਖੀ ਹੈ,ਆਮ ਤੌਰ 'ਤੇ ਇਹ ਸਾਡੇ ਬਹੁਤ ਨੇੜਲੇ ਸਾਥੀਆਂ 'ਚੋਂ ਹੁੰਦੇ ਹਨ। •

*ਇਨ੍ਹਾਂ ਲੋਕਾਂ ਦੀ ਪਛਾਣ ਇਸ ਗੱਲ ਤੋਂ ਕੀਤੀ ਜਾ ਸਕਦੀ ਹੈ ਕਿ ਇਹ ਪਤਾ ਹੁੰਦੇ ਹੋਏ ਵੀ ਕਦੇ ਆਪਣੀ ਗਲਤੀ ਨਹੀਂ ਮੰਨਦੇ। ਨਾ ਹੀ ਦੂਜੇ ਦੀ ਕੋਈ ਕਹੀ ਗੱਲ ਸਮਝਦੇ ਹਨ ਨਾ ਸੁਣਦੇ ਹਨ ਪਰ ਆਪਣੀ ਗੱਲ ਸਾਰਿਆਂ ਨੂੰ ਸੁਣਾਉਣਾ ਚਾਹੁੰਦੇ ਹਨ। ਸੋਚਦੇ ਹਨ ਕਿ ਮੈਂ ਤੇ ਸਿਰਫ਼ ਮੈਂ ਹੀ ਸਹੀ ਹਾਂ ...*



---

## ਪੁਸਤਕ ਚਰਚਾ

ਰਿਸ਼ੀ ਪਰੰਪਰਾ ਦੇ ਵਾਹਕ ਲੜੀ ਅਧੀਨ ਇਹ ਪੁਸਤਕ ਪ੍ਰਕਾਸ਼ਿਤ ਕੀਤੀ ਗਈ ਹੈ ਜਿਵੇਂ ਕਿ ਟਾਈਟਲ ਤੋਂ ਹੀ ਜ਼ਾਹਿਰ ਹੈ ਕਿ ਇਸ ਵਿਚ ਮਦਨ ਲਾਲ ਢੀਂਗਰਾ ਦੀ ਜੀਵਨੀ ਨੂੰ ਅੰਕਿਤ ਕੀਤਾ ਹੋਵੇਗਾ। ਪੁਸਤਕ ਨੂੰ ਕੇਵਲ ਚਾਰ ਭਾਗਾਂ ਵਿਚ ਵੰਡ ਕੀਤਾ ਗਿਆ ਹੈ। ਮੁੱਢਲਾ ਜੀਵਨ ਅਤੇ ਦੇਸ਼ ਪ੍ਰੇਮ ਦੀ ਜਾਗ, ਇਨਕਲਾਬੀ ਰਾਹਾਂ ਦੇ ਆਦਰਸ਼, ਸੰਕਲਪ ਪੂਰਤੀ ਲਈ ਜੱਦੋ-ਜਹਿਦ ਅਤੇ ਕਤਲ ਤੋਂ ਸ਼ਹਾਦਤ ਤਕ। ਮੁਢਲੇ ਜੀਵਨ ਵਿਚ ਮਦਨ ਦੇ ਬਚਪਨ ਦਾ ਵੇਰਵਾ ਹੈ ਕਿ ਉਨ੍ਹਾਂ ਦੇ ਪਿਤਾ ਦਾ ਪੇਸ਼ਾ ਕੀ ਸੀ, ਉਸ ਦੇ ਕਿੰਨੇ ਭੈਣ ਭਰਾ ਸਨ। ਢੀਂਗਰਾ ਦੇ ਪੁਰਖੇ ਸਰਗੋਧਾ ਜ਼ਿਲ੍ਹੇ ਜੋ ਪਾਕਿਸਤਾਨ ਨਾਲ ਸਬੰਧਤ ਸਨ। 1850 ਵਿਚ ਢੀਂਗਰਾ ਹੁਰਾਂ ਦਾ ਪਰਿਵਾਰ ਸਾਹੀਵਾਲ (ਸਰਗੋਧਾ) ਛੱਡ ਕੇ ਅੰਮ੍ਰਿਤਸਰ ਆ ਵਸਿਆ। ਉਸ ਦੇ ਪਿਤਾ ਨੇ ਮੈਡੀਕਲ ਦੀ ਉਚੇਰੀ ਵਿੱਦਿਆ ਹਾਸਲ ਕੀਤੀ ਅਤੇ ਸਰਕਾਰੀ ਡਾਕਟਰ ਬਣੇ। ਮਦਨ ਲਾਲ ਦੇ ਸਾਰੇ ਹੀ ਭਰਾਵਾਂ ਨੇ ਉੱਚ ਵਿੱਦਿਆ ਹਾਸਲ ਕੀਤੀ ਤੇ ਚੰਗੇ ਰੁਤਬੇ ਗ੍ਰਹਿਣ ਕੀਤੇ। ਉਸ ਦੇ ਪਿਤਾ ਜੀ ਉਸ ਨੂੰ ਬਹੁਤ ਉੱਚੇ ਰੁਤਬੇ ਤੇ ਦੇਖਣ ਦੇ ਚਾਹਵਾਨ ਸਨ, ਪਰ ਮਦਨ ਹੁਰਾਂ ਨੂੰ ਤਾਂ ਆਪਣੇ ਵਤਨ ਦਾ ਫ਼ਿਕਰ ਸਤਾ ਰਿਹਾ ਸੀ ਕਿ ਅੰਗਰੇਜ਼ ਉਨ੍ਹਾਂ ਨੂੰ ਗ਼ੁਲਾਮ ਬਣਾ ਕੇ ਉਨ੍ਹਾਂ 'ਤੇ ਰਾਜ ਕਿਵੇਂ ਕਰ ਰਹੇ ਹਨ? ਇਸ ਮੰਤਵ ਲਈ ਉਹ ਇੰਗਲੈਂਡ ਵੀ ਗਿਆ, ਪਰ ਉਸਦੇ ਪਿਤਾ ਨੇ ਉਸ ਨੂੰ ਨਾਲਾਇਕ ਜਾਣਦਿਆਂ ਆਰਥਿਕ ਸਹਾਇਤਾ ਦੇਣੀ ਵੀ ਬੰਦ ਕਰ ਦਿੱਤੀ। ਉਸ ਨੇ ਪੈਸੇ ਕਮਾਉਣ ਲਈ ਸਖ਼ਤ ਮਿਹਨਤ ਕੀਤੀ ਤਾਂ ਕਿ ਉਹ ਵੀ ਦੂਸਰੇ ਕ੍ਰਾਂਤੀਕਾਰਾਂ ਵਾਂਗ ਇਕ ਕ੍ਰਾਂਤੀਕਾਰੀ ਬਣ ਸਕੇ ਅਤੇ ਆਪਣੇ ਦੇਸ਼ ਨੂੰ ਗ਼ੁਲਾਮੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਵਾ ਸਕੇ। ਇਸ ਪਵਿੱਤਰ ਕਾਰਜ ਦੀ ਪੂਰਤੀ ਲਈ ਉਸ ਹਰ ਤਰ੍ਹਾਂ ਨਾਲ ਆਪਣੇ ਆਪ ਨੂੰ ਯੋਗ ਬਣਾਇਆ। ਆਪਣੇ ਦ੍ਰਿੜ ਸੰਕਲਪ ਨੂੰ ਉਹ ਹਮੇਸ਼ਾ ਮਨ ਹੀ ਮਨ ਦੁਹਰਾਉਂਦਾ ਰਹਿੰਦਾ ਸੀ ਤਾਂ ਕਿ ਉਸ ਦੇ ਪੈਰ ਕਿਧਰੇ ਡਗਮਗਾ ਨਾ ਜਾਣ ਪਰ ਨਹੀ ਉਹ ਆਪਣੇ ਸੰਕਲਪ ਵਿਚ ਹਮੇਸ਼ਾ ਹੀ ਜਿੱਤ ਕੇ ਨਿਕਲਿਆ। ਆਪਣੇ ਵੱਲੋਂ ਕੀਤੇ ਪ੍ਰਣ ਨੂੰ ਉਸ ਪੂਰਾ ਕਰ ਦਿਖਾਇਆ। ਇਸੇ ਲਈ ਤਾਂ ਦੂਸਰੇ ਕ੍ਰਾਂਤੀਕਾਰਾਂ ਲਈ ਉਹ ਇਕ ਮਿਸਾਲ ਬਣਿਆ, ਜਿਸ ਵੱਲੋਂ ਜਗਾਈ ਮਸ਼ਾਲ ਲੈ ਕੇ ਕ੍ਰਾਂਤੀਕਾਰੀ ਆਪੋ ਆਪਣੀ ਲੜਾਈ ਲੜਦੇ ਰਹੇ ਤੇ ਸਾਡਾ ਦੇਸ਼ ਆਜ਼ਾਦ ਹੋਇਆ। ਇਹ ਕਿਤਾਬ ਵਿਦਿਆਰਥੀਆਂ ਅਤੇ ਆਜ਼ਾਦੀ ਤੋਂ ਪਹਿਲਾਂ ਦੇਸ਼ ਦੇ ਹਾਲਾਤ ਬਾਰੇ ਜਾਣਨ, ਸਮਝਣ ਵਾਲੇ ਖੋਜੀਆਂ ਲਈ ਬਹੁਤ ਹੀ ਲਾਹੇਵੰਦ ਦਸਤਾਵੇਜ਼ ਹੈ।

• ਸੁਖਮਿੰਦਰ ਸੇਖੋਂ



| | | | |
|---|---|---|---|
| ਪੁਸਤਕ | : ਮਦਨ ਲਾਲ ਢੀਂਗਰਾ (ਗਾਥਾ ਆਜ਼ਾਦੀ ਘੁਲਾਟੀਏ ਦੀ) | ਪੰਨੇ | : 128 |
| ਲੇਖਕ | : ਡਾ. ਬੀਰਬਲ ਸਿੰਘ | | |
| ਪ੍ਰਕਾਸ਼ਕ | : ਹਰਿਆਣਾ ਪੰਜਾਬੀ ਸਾਹਿਤ ਅਕਾਦਮੀ, ਪੰਚਕੂਲਾ। | ਮੁੱਲ | : 150/- |

ਕਹਾਣੀਕਾਰ ਮੁਖ਼ਤਿਆਰ ਸਿੰਘ ਦਾ ਪੇਂਡੂ ਪਿਛੋਕੜ ਹੈ, ਪਰ ਕਈ ਵਰ੍ਹੇ ਨੌਕਰੀ ਦੇ ਸਿਲਸਿਲੇ 'ਚ ਸ਼ਹਿਰ ਰਹਿਣ ਕਾਰਨ ਉਸ ਨੂੰ ਸ਼ਹਿਰੀਅਤ ਦਾ ਵੀ ਚੋਖਾ ਅਨੁਭਵ ਹੈ। ਇਸੇ ਲਈ ਉਸ ਦੀਆਂ ਕਹਾਣੀਆਂ 'ਚ ਜਵੰਤ ਸੱਭਿਆਚਾਰ ਦੇ ਝਲਕਾਰੇ ਥਾਂ ਪੁਰ ਥਾਂ ਉੱਕਰੇ ਦਿਖਾਈ ਦਿੰਦੇ ਹਨ। ਵੰਨ-ਸੁਵੰਨਤਾ ਉਸ ਦੀਆਂ ਕਹਾਣੀਆਂ ਦੀ ਵੱਖਰੀ ਪਛਾਣ ਹੈ। ਆਪਣੇ ਦੋਵਾਂ ਤਰ੍ਹਾਂ ਦੇ ਅਨੁਭਵ ਨੂੰ ਉਹ ਗਲਪੀ ਪਿੰਡਾ ਪ੍ਰਦਾਨ ਕਰਦਾ ਪ੍ਰਤੀਤ ਹੁੰਦਾ ਹੈ। ਕਹਾਣੀ ਅਤੇ ਨਾਵਲ ਲਿਖਣ ਦੀ ਮੁਹਾਰਤ ਕਰਕੇ ਉਸਦਾ ਗਲਪੀ ਯਥਾਰਥ ਦੁਖਾਂਤ/ਸੁਖਾਂਤ ਸਿਰਜਣ 'ਚ ਵੀ ਪੂਰੀ ਤਰ੍ਹਾਂ ਕਾਮਯਾਬ ਹੈ।

'ਚੜ੍ਹਦੇ ਸੂਰਜ ਦੀ ਲਾਲੀ' ਉਸ ਦਾ ਹਾਲ ਹੀ 'ਚ ਪ੍ਰਕਾਸ਼ਿਤ ਹੋਇਆ ਨਵਾਂ ਕਥਾ ਸੰਗ੍ਰਹਿ ਹੈ ਜਿਸ 'ਚ ਉਸ ਨੇ ਕੁੱਲ ਦਸ ਕਹਾਣੀਆਂ ਸ਼ਾਮਿਲ ਕੀਤੀਆਂ ਹਨ। ਇਨ੍ਹਾਂ ਕਹਾਣੀਆਂ 'ਚ ਵਿਭਿੰਨ ਰੰਗਾਂ ਅਤੇ ਸਰੋਕਾਰਾਂ ਦੀਆਂ ਕਹਾਣੀਆਂ ਸਿਰਜੀਆਂ ਗਈਆਂ ਹਨ। 'ਚਿਹਰੇ' ਦੇ ਦੋ ਭਰਾ ਜੋ ਜ਼ਮੀਨ ਦੀ ਵੰਡ ਕਾਰਨ ਆਪਣੀ ਨਫ਼ਰਤ ਦਾ ਸ਼ਿਕਾਰ ਹਨ, ਬਜ਼ੁਰਗ ਪਿਉ ਦੀ ਮੌਤ ਤੋਂ ਬਾਅਦ ਫੇਰ ਇਕ ਦੂਸਰੇ ਨਾਲ ਮੁਹੱਬਤੀ ਰਿਸ਼ਤਾ ਕਾਇਮ ਕਰ ਲੈਂਦੇ ਹਨ। 'ਧੀਏ ਤੂੰ ਵੀ' ਅਸਫ਼ਲ ਪਿਆਰ ਦੀ ਕਹਾਣੀ ਹੈ ਜੋ ਧੀ ਰਾਹੀ ਆਪਣੇ ਪਿਆਰ ਨੂੰ ਪੂਰਨਾ ਲੋਚਦੀ ਹੈ। ਕਰਮੀ ਜਦੋਂ ਧੀ ਨੂੰ ਕਿਸੇ ਮੁੰਡੇ ਨਾਲ ਫ਼ੋਨ 'ਤੇ ਚੈਟ ਕਰਦੀ ਦੇਖਦੀ ਹੈ ਤਾਂ ਉਹ ਸੋਚਕੇ ਹੈਰਾਨ ਹੁੰਦੀ ਹੈ ਕਿ ਉਸ ਦੀ ਧੀ ਵੀ ਉਸ ਵਾਲੇ ਰਾਹ ਤੁਰ ਪਈ ਹੈ। 'ਜਬਾੜੇ' ਸ਼ਹਿਰਾਂ 'ਚ ਭੂ-ਮਾਫ਼ੀਏ ਵੱਲੋਂ ਫੈਲਾਏ ਜਾ ਰਹੇ ਖ਼ੌਫ਼, ਭੈਅ ਤੇ ਭ੍ਰਿਸ਼ਟਾਚਾਰ ਦੀ ਕਹਾਣੀ ਹੈ। 'ਹੋਰ ਕਿੰਨਾ ਕੁ ਚਿਰ' ਦਾ ਪਾਤਰ ਰਾਜ ਜਦੋਂ ਰਿਸ਼ਤਿਆਂ ਦੀ ਪਾਕੀਜ਼ਗੀ ਨੂੰ ਭੰਗ ਕਰਦਾ ਹੈ ਤਾਂ ਉਸਦੀ ਪਤਨੀ ਸ਼ਕੁੰਤਲਾ ਨੂੰ ਅਜਿਹਾ ਸ਼ਾਕ ਲੱਗਦਾ ਹੈ ਜਿਸ ਕਾਰਨ ਉਹ ਮੰਜੇ ਨਾਲ ਮੰਜਾ ਹੋ ਕੇ ਰਹਿ ਜਾਂਦੀ ਹੈ। ਮੁਖ਼ਤਿਆਰ ਸਿੰਘ ਅਨੁਭਵੀ ਕਹਾਣੀਕਾਰ ਹੈ। ਉਸ ਨੂੰ ਕਹਾਣੀ ਕਹਿਣੀ ਅਤੇ ਬੁਣਨੀ ਆਉਂਦੀ ਹੈ। ਚੰਗਾ ਕਹਾਣੀਕਾਰ ਉਹੋ ਹੁੰਦਾ ਹੈ ਜੋ ਦੂਸਰੇ ਦੇ ਅਨੁਭਵ ਨੂੰ ਵੀ ਅੰਗੀਕਾਰ ਕਰ ਕੇ ਕਹਾਣੀ ਸਿਰਜ ਲਵੇ। ਇਹ ਮੁਹਾਰਤ ਮੁਖ਼ਤਿਆਰ ਸਿੰਘ ਕੋਲ ਹੈਗੀ ਆ। ਪੁਸਤਕ ਪੜ੍ਹਨ ਤੇ ਸਾਂਭਣਯੋਗ ਹੈ।

• ਕੇ. ਐੱਲ. ਗਰਗ




| | | | |
|---|---|---|---|
| ਪੁਸਤਕ | : ਚੜ੍ਹਦੇ ਸੂਰਜ ਦੀ ਲਾਲੀ | ਪੰਨੇ | : 128 |
| ਲੇਖਕ | : ਮੁਖ਼ਤਿਆਰ ਸਿੰਘ 98728-23511 | | |
| ਪ੍ਰਕਾਸ਼ਕ | : ਚੇਤਨਾ ਪ੍ਰਕਾਸ਼ਨ, ਲੁਧਿਆਣਾ। | ਮੁੱਲ | : 200/- |

ਸਆਦਤ ਹਸਨ ਮੰਟੋ ਦਾ ਨਾਂ ਕਿਸੇ ਵੀ ਜਾਣ-ਪਛਾਣ ਦਾ ਮੁਥਾਜ ਨਹੀ। ਕੋਈ ਸਾਹਿਤਕ ਮੱਸ ਰੱਖਣ ਵਾਲਾ ਵਿਅਕਤੀ ਸਿੱਧੇ ਜਾਂ ਅਸਿੱਧੇ ਰੂਪ ਵਿਚ ਇਸ ਮੰਟੋ ਦੇ ਨਾਂ ਤੋਂ ਜਾਣੂ ਜ਼ਰੂਰ ਹੈ। ਵਿਸ਼ੇਸ਼ ਕਰ ਕੇ ਉਸ ਦੀਆਂ ਹੋਰ ਕਹਾਣੀਆਂ ਦੇ ਨਾਲ-ਨਾਲ ਟੋਬਾ ਟੇਕ ਸਿੰਘ ਕਹਾਣੀ ਬੜੀ ਚਰਚਾ ਦਾ ਵਿਸ਼ਾ ਰਹੀ। ਉਸ ਦੀਆਂ ਕਈ ਕਹਾਣੀਆਂ ਨੂੰ ਲੈ ਕੇ ਉਸ ਉੱਤੇ ਦੋਸ਼ ਵੀ ਲਗਦੇ ਰਹੇ ਅਤੇ ਉਨ੍ਹਾਂ ਦਾ ਵਿਰੋਧ ਵੀ ਹੁੰਦਾ ਰਿਹਾ। ਬਲਦੇਵ ਸਿੰਘ ਬੱਦਨ ਨੇ ਸਆਦਤ ਹਸਨ ਮੰਟੋ ਦੀਆਂ ਕਹਾਣੀਆਂ ਨੂੰ ਇਕੱਤਰ ਕਰ ਕੇ ਅਤੇ ਕੁਝ ਕਹਾਣੀਆਂ ਦਾ ਅਨੁਵਾਦ ਕਰ ਕੇ ਇਕ ਵੱਡ ਅਕਾਰੀ ਪੁਸਤਕ ਦੇ ਰੂਪ ਵਿਚ 'ਸਆਦਤ ਹਸਨ ਮੰਟੋ ਦੀਆਂ ਹਿੰਦੁਸਤਾਨ-ਪਾਕਿਸਤਾਨ ਵੰਡ ਦੀਆਂ ਕਹਾਣੀਆਂ' ਸਿਰਲੇਖ ਹੇਠ ਹੱਥਲੀ ਪੁਸਤਕ 'ਚ ਦਰਜ ਕਰ ਕੇ ਇਕ ਵਡਮੁੱਲਾ ਉਪਰਾਲਾ ਕੀਤਾ ਹੈ।

ਇਸ ਪੁਸਤਕ ਵਿਚ ਜਿੰਨੀਆਂ ਵੀ ਕਹਾਣੀਆਂ ਦਰਜ ਹਨ ਉਨ੍ਹਾਂ ਦੇ ਵਿਸ਼ੇ 1947 ਦੀ ਦੇਸ਼ ਵੰਡ ਨਾਲ ਹੀ ਸਬੰਧਤ ਹਨ। ਦੇਸ਼ ਵੰਡ ਸਮੇਂ ਹਿੰਦੁਸਤਾਨ ਦੋ ਹਿੱਸਿਆਂ ਹਿੰਦੁਸਤਾਨ ਅਤੇ ਪਾਕਿਸਤਾਨ ਦੇ ਰੂਪ ਵਿਚ ਭੂਗੋਲਿਕ ਤੌਰ 'ਤੇ ਵੰਡਿਆ ਗਿਆ ਪਰ ਇਸ ਵੰਡ ਨੇ ਜਿਹੜਾ ਮਨੁੱਖਤਾ ਦਾ ਘਾਣ ਕੀਤਾ ਉਸ ਦੇ ਦ੍ਰਿਸ਼ ਇਨ੍ਹਾਂ ਕਹਾਣੀਆਂ ਵਿਚ ਪੜ੍ਹ ਕੇ ਪਾਠਕ ਦੀ ਮਾਨਸਿਕਤਾ ਝੰਜੋੜੀ ਜਾਂਦੀ ਹੈ ਵਿਸ਼ੇਸ਼ ਕਰ ਕੇ ਔਰਤਾਂ ਦੀ ਹੋਈ ਬੇਪਤੀ ਅਤੇ ਬੇਦੋਸ਼ਿਆਂ ਦੇ ਡੁੱਲ੍ਹੇ ਖ਼ੂਨ ਅਤੇ ਭਰਾ ਦੇ ਭਰਾ ਬਣੇ ਵੈਰੀ ਦੇ ਕਰੁਣਾਮਈ ਮੰਜ਼ਰ ਇਨ੍ਹਾਂ ਕਹਾਣੀਆਂ ਵਿੱਚੋਂ ਵੇਖਣ ਨੂੰ ਮਿਲਦੇ ਹਨ। ਇਹ ਸਾਰੀਆਂ ਹੀ ਕਹਾਣੀਆਂ ਮਾਨਵੀ ਨਜ਼ਰੀਏ ਤੋਂ ਲਿਖੀਆਂ ਗਈਆਂ ਹਨ। ਪਹਿਲੇ ਭਾਗ ਵਿਚ 14 ਕਹਾਣੀਆਂ ਹਨ ਦੂਜੇ ਭਾਗ ਵਿਚ 'ਕਾਲੇ ਹਾਸ਼ੀਏ' ਕਹਾਣੀ ਤਕ ਵਿਧਾ ਪੱਖੋਂ ਕਹਾਣੀ ਰਚਨਾ ਤੇ ਖਰੀਆਂ ਉਤਰਦੀਆਂ ਹਨ ਪਰ ਉਸ ਤੋਂ ਬਾਅਦ ਮਿੰਨੀ-ਕਹਾਣੀ ਦੇ ਰੂਪ ਵਿਚ ਛੋਟੀਆਂ ਕਹਾਣੀਆਂ ਹਨ। ਇਸੇ ਤਰ੍ਹਾਂ ਇਸ 'ਚ ਪੰਦਰਵੀ ਕਹਾਣੀ ਤੋਂ 27ਵੀ ਕਹਾਣੀ ਤਕ ਕਹਾਣੀਆਂ ਦਰਜ ਹਨ। ਇਨ੍ਹਾਂ ਕਹਾਣੀਆਂ ਨੂੰ ਪੜ੍ਹਦਿਆਂ ਪਾਠਕ ਮੰਟੋ ਦੀਆਂ ਕਹਾਣੀਆਂ ਦੇ ਵਿਸ਼ਾਗਤ ਅਤੇ ਸ਼ੈਲੀਗਤ ਪਾਸਾਰਾਂ ਦਾ ਆਨੰਦ ਮਾਣਦਾ ਹੈ। ਵਧੀਆ ਛਪਾਈ ਵਾਲੀ ਇਹ ਪੁਸਤਕ ਪੜ੍ਹਨ ਅਤੇ ਸਾਂਭ ਕੇ ਰੱਖਣ ਯੋਗ ਹੈ।

• ਡਾ. ਸਰਦੂਲ ਸਿੰਘ ਔਜਲਾ




| | | | |
|---|---|---|---|
| ਪੁਸਤਕ | : ਸਆਦਤ ਹਸਨ ਮੰਟੋ ਦੀਆਂ ਹਿੰਦੁਸਤਾਨ-ਪਾਕਿਸਤਾਨ ਵੰਡ ਦੀ ਕਹਾਣੀਆਂ | ਪੰਨੇ | : 225 |
| ਅਨੁਵਾਦ | : ਡਾ. ਬਲਦੇਵ ਸਿੰਘ ਬੱਧਨ | ਮੁੱਲ | : 350/- |
| ਪ੍ਰਕਾਸ਼ਕ | : ਲਕਸ਼ਯ ਪਬਲੀਕੇਸ਼ਨਜ਼, ਦਿੱਲੀ। | | |

ਪੁਸਤਕ ਭਾਰਤੀ ਵਿਗਿਆਨ ਦੇ ਰਾਹ ਦਸੇਰੇ ਡਾ. ਕੁਲਦੀਪ ਕੌਰ ਦੀ ਪਲੇਠੀ ਪੁਸਤਕ ਹੈ। ਵਿਗਿਆਨਕ ਖੋਜਾਂ ਦੀ ਗੱਲ ਕਰਦਿਆਂ ਸਾਡੇ ਮੁਲਕ ਨੂੰ ਅਕਸਰ ਹੀ ਹਾਸ਼ੀਏ 'ਤੇ ਜਾਣ ਲਿਆ ਜਾਂਦਾ ਹੈ। ਸਮਝਿਆ ਜਾਂਦਾ ਹੈ ਕਿ ਵਿਗਿਆਨਕ ਖੋਜਾਂ ਤਾਂ ਜਿਵੇਂ ਸਿਰਫ਼ ਤੇ ਸਿਰਫ਼ ਵਿਕਸਤ ਮੁਲਕਾਂ ਦੇ ਵਿਗਿਆਨੀਆਂ ਵੱਲੋਂ ਹੀ ਕੀਤੀਆਂ ਗਈਆਂ ਹੋਣ। ਸ਼ਾਇਦ ਵਿਗਿਆਨਕ ਖੋਜਾਂ ਦੇ ਖੇਤਰ ਵਿਚ ਭਾਰਤੀ ਵਿਗਿਆਨੀਆਂ ਨੂੰ ਅਣਗੌਲਿਆਂ ਕੀਤੇ ਜਾਣ ਦਾ ਮਾਮਲਾ ਲੇਖਿਕਾ ਨੂੰ ਵੀ ਖਟਕਿਆ ਹੋਣਾ ਅਤੇ ਇਸ ਖਟਕ ਨੂੰ ਉਨ੍ਹਾਂ ਹੱਥਲੀ ਪੁਸਤਕ ਵਿਚ ਬਾਖ਼ੂਬੀ ਦੂਰ ਕੀਤਾ ਹੈ। ਪੁਸਤਕ ਵਿਚ ਲੇਖਿਕਾ ਨੇ ਕੁੱਲ ਉੱਨੀ ਭਾਰਤੀ ਵਿਗਿਆਨੀਆਂ ਦੀਆਂ ਜੀਵਨੀਆਂ ਅਤੇ ਉਨ੍ਹਾਂ ਵੱਲੋਂ ਵਿਗਿਆਨ ਖੋਜ ਦੇ ਖੇਤਰ ਵਿਚ ਪਾਏ ਯੋਗਦਾਨ ਦਾ ਵਰਨਣ ਕੀਤਾ ਹੈ। ਪਹਿਲੇ ਲੇਖ ਵਿਚ ਲੇਖਿਕਾ ਨੇ ਜਗਦੀਸ਼ ਚੰਦਰ ਬੋਸ ਬਾਰੇ ਲਿਖਿਆ ਹੈ ਕਿ ਉਸ ਨੂੰ ਭਾਰਤ ਦਾ ਪਹਿਲਾ ਆਧੁਨਿਕ ਵਿਗਿਆਨੀ ਮੰਨਿਆ ਜਾਂਦਾ ਹੈ। ਤਾਰ ਰਹਿਤ ਟੈਲੀਗ੍ਰਾਫ਼ੀ ਦਾ ਆਰੰਭ ਬੋਸ ਦੀਆਂ ਮਿਲੀਮੀਟਰ ਲੰਬਾਈ ਵਾਲੀਆਂ ਤਰੰਗਾਂ ਦੀ ਖੋਜ ਨਾਲ ਹੋਇਆ। ਪੁਸਤਕ ਦਾ ਦੂਜਾ ਲੇਖ ਵਿਗਿਆਨੀ ਪ੍ਰਫੁੱਲ ਚੰਦਰ ਬਾਰੇ ਹੈ। ਲੇਖਿਕਾ ਅਨੁਸਾਰ ਪ੍ਰਫੁੱਲ ਆਧੁਨਿਕ ਰਸਾਇਣਕ ਵਿਗਿਆਨ ਦੇ ਜਨਮਦਾਤਾ ਸਨ।

ਲੇਖ ਵਿਚ ਉਨ੍ਹਾਂ ਦੀਆਂ ਦੋ ਖੋਜਾਂ ਮਰਕਿਊਰਸ ਨਾਈਟ੍ਰੇਟ ਦੀ ਖੋਜ ਅਤੇ ਅਮੋਨੀਅਮ ਨਾਈਟਰੇਟ ਦੀਆਂ ਖੋਜਾਂ ਦਾ ਵਰਨਣ ਮਹਿਜ਼ ਤਿੰਨ ਸਤਰਾਂ ਵਿਚ ਕੀਤਾ ਹੈ ਅਤੇ ਬਾਕੀ ਸਾਰੇ ਲੇਖ ਵਿਚ ਉਨ੍ਹਾਂ ਦੇ ਜੀਵਨ ਬਾਬਤ ਹੀ ਲਿਖਿਆ ਹੈ। ਚੰਗਾ ਹੁੰਦਾ ਜੇ ਉਨ੍ਹਾਂ ਦੀਆਂ ਖੋਜਾਂ ਬਾਬਤ ਹੀ ਮੈਟਰ ਲੇਖ ਵਿਚ ਜ਼ਿਆਦਾ ਸ਼ਾਮਿਲ ਕੀਤਾ ਜਾਂਦਾ। ਭਾਰਤ ਦੇ ਮਹਾਨ ਚਿਕਿਤਸਾ ਮਾਹਿਰ ਉਪੇਂਦਰ ਨਾਥ ਬ੍ਰਹਮਚਾਰੀ ਨੂੰ ਕਾਲੇ ਬੁਖ਼ਾਰ ਦੀ ਦਵਾਈ ਦਾ ਖੋਜ ਕਰਤਾ ਦੱਸਦਿਆਂ ਕਾਫ਼ੀ ਚੰਗੀ ਜਾਣਕਾਰੀ ਦਿੱਤੀ ਗਈ ਹੈ। ਗਣਿਤ ਵਿਗਿਆਨੀ ਸ਼੍ਰੀਨਿਵਾਸ ਰਾਮਾਨੁਜਨ ਵੱਲੋਂ ਨੰਬਰ ਥਿਊਰੀ ਖੇਤਰ ਵਿਚ ਕੀਤੀਆਂ ਖੋਜਾਂ ਦਾ ਬਾਖ਼ੂਬੀ ਵਰਨਣ ਕੀਤਾ ਹੈ। ਮਹਾਨ ਵਿਗਿਆਨੀਆਂ ਦੀਆਂ ਖੋਜਾਂ ਅਤੇ ਜੀਵਨੀਆਂ ਨੂੰ ਲੇਖਿਕਾ ਨੇ ਬੜੇ ਦਿਲਚਸਪ ਅਤੇ ਸਰਲ ਤਰੀਕੇ ਨਾਲ ਬਿਆਨ ਕੀਤਾ ਹੈ। ਪੁਸਤਕ ਵਿਚ ਕਿਧਰੇ ਉਕਾਵਾਂਪਣ ਜਾਂ ਨੀਰਸਤਾ ਨਹੀਂ ਆਉਂਦੀ। ਪਾਠਕ ਇਕ ਵਿਗਿਆਨੀ ਬਾਬਤ ਪੜ੍ਹਨ ਤੋਂ ਬਾਅਦ ਅਗਲਾ ਲੇਖ ਪੜ੍ਹਨ ਲਈ ਉਤਾਵਲਾ ਹੋਣ ਲੱਗਦਾ ਹੈ। ਬੱਚਿਆਂ ਲਈ ਇਹ ਪੁਸਤਕ ਬਹੁਤ ਲਾਹੇਵੰਦ ਹੈ।

• ਬਿੰਦਰ ਸਿੰਘ ਖੁੱਡੀ ਕਲਾਂ



| | | | |
|---|---|---|---|
| ਪੁਸਤਕ | : ਭਾਰਤੀ ਵਿਗਿਆਨ ਦੇ ਰਾਹ-ਦਸੇਰੇ | ਪੰਨੇ | : 112 |
| ਲੇਖਕ | : ਡਾ. ਕੁਲਦੀਪ ਕੌਰ | ਮੁੱਲ | : 200/- |
| ਪ੍ਰਕਾਸ਼ਕ | : ਲੋਕ ਗੀਤ ਪ੍ਰਕਾਸ਼ਨ, ਮੋਹਾਲੀ। | | |

# ਸਾਬਕਾ ਅਗਨੀਵੀਰਾਂ ਲਈ ਰਾਖਵੇਂ ਅਹੁਦਿਆਂ ਦੀ ਪਛਾਣ ਦਾ ਕੰਮ ਸ਼ੁਰੂ

## ਹਰਿਆਣਾ ਸਰਕਾਰ ਨੇ ਸਾਰੇ ਵਿਭਾਗਾਂ ਤੋਂ ਮੰਗਿਆ ਖਾਲੀ ਅਹੁਦਿਆਂ ਦਾ ਵੇਰਵਾ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਰਕਾਰ ਨੇ ਰਾਜ ਦੇ ਸਾਬਕਾ ਅਗਨੀਵੀਰਾਂ ਨੂੰ ਸਿੱਧੀ ਭਰਤੀ ਵਿੱਚ ਦਿੱਤੇ ਗਏ ਹਾਰੀਜ਼ੋਂਟਲ ਰਾਖਵੇਂਕਰਨ ਦਾ ਲਾਭ ਦੇਣ ਦੀ ਦਿਸ਼ਾ ਵਿੱਚ ਕਦਮ ਵਧਾਉਂਦਿਆਂ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਖਾਲੀ ਅਹੁਦਿਆਂ ਦੀ ਪਛਾਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਪੱਤਰ ਵਿੱਚ ਸਾਰੇ ਪ੍ਰਸ਼ਾਸਕੀ ਸਕੱਤਰਾਂ, ਵਿਭਾਗ ਮੁਖੀਆਂ, ਮੰਡਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਬੋਰਡਾਂ ਤੇ ਨਿਗਮਾਂ ਦੇ ਪ੍ਰਬੰਧ ਨਿਰਦੇਸ਼ਕਾਂ, ਮੁੱਖ ਪ੍ਰਸ਼ਾਸਕਾਂ ਅਤੇ ਮੁੱਖ ਕਾਰਜਕਾਰੀ ਅਧਿਕਾਰੀਆਂ ਨੂੰ ਲੋੜੀਂਦੀ ਜਾਣਕਾਰੀ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਇਹ ਕਾਰਵਾਈ ਰਾਜ ਸਰਕਾਰ ਵੱਲੋਂ 18 ਅਗਸਤ, 2026 ਨੂੰ ਜਾਰੀ ਹਦਾਇਤਾਂ ਤਹਿਤ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚ ਹਰਿਆਣਾ ਦੇ ਮੂਲ ਨਿਵਾਸੀ ਸਾਬਕਾ ਅਗਨੀਵੀਰਾਂ ਨੂੰ ਸਿੱਧੀ ਭਰਤੀ ਵਿੱਚ ਹੌਰੀਜ਼ੋਂਟਲ ਰਾਖਵੇਂਕਰਨ ਦਾ ਲਾਭ ਦੇਣ ਦਾ ਪ੍ਰਾਵਧਾਨ ਕੀਤਾ ਗਿਆ ਹੈ।

ਜਾਰੀ ਪੱਤਰ ਅਨੁਸਾਰ, ਸਰਕਾਰ ਨੇ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਸਿੱਧੀ ਭਰਤੀ ਕੋਟੇ ਤਹਿਤ ਉਪਲਬਧ ਖਾਲੀ ਅਹੁਦਿਆਂ ਦਾ ਪਤਾ ਲਗਾਉਣ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਹਰਿਆਣਾ ਲੋਕ ਸੇਵਾ ਕਮਿਸ਼ਨ ਅਤੇ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਰਾਹੀਂ ਸਾਬਕਾ ਅਗਨੀਵੀਰਾਂ ਦੀ ਭਰਤੀ ਦੀ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾ ਸਕੇ।

ਸਾਰੇ ਸਬੰਧਤ ਵਿਭਾਗਾਂ ਤੋਂ ਅਹੁਦੇਵਾਰ ਅਤੇ ਸ਼੍ਰੇਣੀਵਾਰ ਖਾਲੀ ਅਹੁਦਿਆਂ ਦੀ ਜਾਣਕਾਰੀ ਮੰਗੀ ਗਈ ਹੈ। ਇਸ ਵਿੱਚ ਸਾਬਕਾ ਅਗਨੀਵੀਰਾਂ ਲਈ ਰਾਖਵੇਂ ਅਹੁਦਿਆਂ ਦੇ ਨਾਮ, ਉਨ੍ਹਾਂ 'ਤੇ ਲਾਗੂ ਰਾਖਵੇਂਕਰਨ ਦੀ ਪ੍ਰਤੀਸ਼ਤਤਾ ਅਤੇ ਸਾਬਕਾ ਅਗਨੀਵੀਰਾਂ ਲਈ ਉਪਲਬਧ ਸੰਭਾਵਿਤ ਖਾਲੀ ਅਹੁਦਿਆਂ ਦੀ ਗਿਣਤੀ ਦਾ ਵੇਰਵਾ ਦੇਣਾ ਹੋਵੇਗਾ।

ਵਿਭਾਗਾਂ ਨੂੰ ਗ਼ੈਰ-ਰਾਖਵੇਂ, ਹੋਰ ਅਨੁਸੂਚਿਤ ਜਾਤੀ , ਵਾਂਝੇ ਅਨੁਸੂਚਿਤ ਜਾਤੀ , ਪੱਛੜੀ ਸ਼੍ਰੇਣੀ-ਏ (23-1), ਪੱਛੜੀ ਸ਼੍ਰੇਣੀ-ਬੀ (23-2) ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਤਹਿਤ ਸਾਬਕਾ ਅਗਨੀਵੀਰਾਂ ਲਈ ਉਪਲਬਧ ਖਾਲੀ ਅਹੁਦਿਆਂ ਦੀ ਜਾਣਕਾਰੀ ਵੀ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਨਿਰਧਾਰਤ ਪ੍ਰੋਫ਼ਾਰਮਾ ਵਿੱਚ ਮਹੀਨਾਵਾਰ ਸਾਬਕਾ ਅਗਨੀਵੀਰ ਭਰਤੀ ਦੀ ਸਥਿਤੀ ਦੀ ਜਾਣਕਾਰੀ ਵੀ ਮੰਗੀ ਗਈ ਹੈ, ਤਾਂ ਜੋ ਸਰਕਾਰ ਨੂੰ ਵੱਖ-ਵੱਖ ਵਿਭਾਗਾਂ ਅਤੇ ਸੰਸਥਾਨਾਂ ਵਿੱਚ ਸਾਬਕਾ ਅਗਨੀਵੀਰਾਂ ਲਈ ਉਪਲਬਧ ਮੌਕਿਆਂ ਦੀ ਸਮੁੱਚੀ ਸਥਿਤੀ ਦਾ ਅੰਦਾਜ਼ਾ ਲੱਗ ਸਕੇ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਸਾਰੇ ਪ੍ਰਸ਼ਾਸਕੀ ਸਕੱਤਰਾਂ ਨੂੰ ਉਨ੍ਹਾਂ ਦੇ ਅਧੀਨ ਆਉਣ ਵਾਲੇ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਉਪਲਬਧ ਖਾਲੀ ਅਹੁਦਿਆਂ ਦਾ ਵਿਸਥਾਰ ਵੇਰਵਾ ਤਿਆਰ ਕਰਕੇ ਪਹਿਲ ਦੇ ਆਧਾਰ 'ਤੇ ਸਰਕਾਰ ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਹਨ।

# ਤੀਆਂ ਦਾ ਤਿਉਹਾਰ ਮਹਿਲਾਵਾਂ ਲਈ ਖੁਸ਼ੀ, ਮਿਲਾਪ ਤੇ ਸਾਂਝ ਦਾ ਸੁਨੇਹਾ : ਡਾ.ਗੁਰਪ੍ਰੀਤ ਕੌਰ ਮਾਨ

**ਸ੍ਰੀ ਆਨੰਦਪੁਰ ਸਾਹਿਬ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਜਿੰਦਵੜੀ ਵਿਖੇ ਤੀਆਂ ਦੇ ਤਿਉਹਾਰ ਮੌਕੇ ਕਰਵਾਏ ਸਮਾਗਮ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਸ੍ਰ.ਭਗਵੰਤ ਮਾਨ ਦੇ ਧਰਮ ਪਤਨੀ ਡਾ.ਗੁਰਪ੍ਰੀਤ ਕੌਰ ਮਾਨ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਸਮਾਗਮ ਦੌਰਾਨ ਠਾਠਾ ਮਾਰਦੇ ਇਕੱਠ ਵਿੱਚ ਔਰਤਾਂ ਅਤੇ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕਰਕੇ ਤੀਆਂ ਦੇ ਮੇਲੇ ਦੀ ਰੌਣਕ ਵਧਾਈ।

ਡਾ.ਗੁਰਪ੍ਰੀਤ ਕੌਰ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਮਹਿਲਾਵਾਂ ਲਈ ਖੁਸ਼ੀ, ਮਿਲਾਪ, ਸਾਂਝ ਅਤੇ ਪਿਆਰ ਦਾ ਸੁਨੇਹਾ ਲੈ ਕੇ ਆਉਂਦਾ ਹੈ। ਇਹ ਪੰਜਾਬੀ ਸੱਭਿਆਚਾਰ ਅਤੇ ਰਵਾਇਤੀ ਵਿਰਸੇ ਦਾ ਅਟੁੱਟ ਹਿੱਸਾ ਹੈ, ਜੋ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਤੀਆਂ ਦੇ ਮੇਲੇ ਕਰਵਾਏ ਜਾ ਰਹੇ ਹਨ, ਤਾਂ ਜੋ ਪੰਜਾਬੀ ਵਿਰਸੇ ਦੀਆਂ ਰਵਾਇਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਅੱਜ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਇਤਿਹਾਸਕ ਸਥਾਨ ਤੇ ਪੰਜਾਬ ਦੀ ਅਨਮੋਲ ਵਿਰਾਸਤ ਦਾ ਪ੍ਰਤੀਕ ਤਿਉਹਾਰ ਮਨਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਦਿੱਤੇ ਹਨ। ਉਨ੍ਹਾਂ ਨੇ ਪੰਜਾਬ ਦੇ ਸਿੱਖਿਆ ਢਾਂਚੇ ਵਿੱਚ ਆਏ ਜ਼ਿਕਰਯੋਗ ਸੁਧਾਰ ਲਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਲੋਕ ਪੱਖੀ ਯੋਜਨਾਵਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

ਡਾ.ਮਾਨ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇੰਨੇ ਵੱਡੇ ਇਕੱਠ ਨੂੰ ਸੁਚੱਜੇ ਢੰਗ ਨਾਲ ਸੰਭਾਲਣਾ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਆਉਣ ਵਾਲੀਆਂ ਮਾਵਾਂ-ਧੀਆਂ ਦੀ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ।

ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਕਿਹਾ ਕਿ, ਇਹੀ ਹੈ ਮਾਨ ਸਰਕਾਰ ਦੇ ਰੰਗਲੇ ਪੰਜਾਬ ਦੀ ਤਸਵੀਰ,ਪੰਜਾਬੀ ਵਿਰਸੇ ਦੇ ਰੰਗ, ਧੀਆਂ-ਭੈਣਾਂ ਦਾ ਸਤਿਕਾਰ ਤੇ ਲੋਕਾਂ ਦੀ ਖੁਸ਼ੀ।

ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਅਹਿਮ ਹਨ।

ਸਮਾਗਮ ਦੌਰਾਨ ਤੀਆਂ ਦੇ ਰਵਾਇਤੀ ਰੰਗ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਔਰਤਾਂ ਦੀ ਵੱਡੀ ਸ਼ਮੂਲੀਅਤ ਨੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ। ਇਸ ਦੌਰਾਨ ਸਕੂਲਾਂ ਦੇ ਵਿਦਿਆਰਥੀਆਂ, ਇਲਾਕੇ ਦੇ ਵੱਖ ਵੱਖ ਕਲੱਬਾਂ, ਸੰਸਥਾਵਾਂ ਦੀਆਂ ਟੀਮਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ।

ਨਗਰ ਕੌਂਸਲ ਨੰਗਲ ਵੱਲੋਂ ਡਾ.ਗੁਰਪ੍ਰੀਤ ਕੌਰ ਮਾਨ ਤੇ ਹੋਰਨਾਂ ਦਾ ਵਿਸੇਸ਼ ਸਨਮਾਨ ਕੀਤਾ ਗਿਆ। ਡਾ.ਗੁਰਪ੍ਰੀਤ ਕੌਰ ਮਾਨ ਨੇ ਸੱਭਿਆਚਾਰਕ ਪੇਸ਼ਕਾਰੀਆਂ ਦੇਣ ਵਾਲੀਆਂ ਨੌਜਵਾਨ ਲੜਕੀਆਂ ਤੇ ਮਾਵਾਂ-ਭੈਣਾਂ ਦਾ ਹੋਸਲਾਂ ਵਧਾਇਆ ਅਤੇ ਅਜਿਹੇ ਸਮਾਗਮਾਂ ਦੇ ਪ੍ਰਬੰਧ ਕਰਨ ਲਈ ਬੈਂਸ ਪਰਿਵਾਰ ਤੇ ਆਮ ਆਦਮੀ ਪਾਰਟੀ ਦਾ ਵਿਸ਼ੇਸ਼ ਧੰਨਵਾਦ ਕੀਤਾ। ਮੰਚ ਸੰਚਾਲਨ ਸੀਮਾ ਜੱਸਲ ਅਤੇ ਸੰਦੀਪ ਭਾਰਤਵਾਜ ਵੱਲੋਂ ਕੀਤਾ ਗਿਆ।

ਇਸ ਮੌਕੇ ਰਾਜ ਲਾਲੀ ਗਿੱਲ ਚੇਅਰਪਰਸਨ ਪੰਜਾਬ ਰਾਜ ਮਹਿਲਾ ਕਮਿਸ਼ਨ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਭੈਣ ਅਨਮੋਲ ਬੈਂਸ, ਮਾਤਾ-ਪਿਤਾ, ਬਲਵਿੰਦਰ ਕੌਰ ਬੈਂਸ, ਸੋਹਣ ਸਿੰਘ ਬੈਂਸ, ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਆਪ, ਦੀਪਕ ਸੋਨੀ ਚੇਅਰਮੈਨ ਖੱਤਰੀ ਅਰੋੜਾ ਵੈਲਫੇਅਰ ਬੋਰਡ, ਦਇਆ ਸਿੰਘ ਸਿੱਖਿਆ ਕੋਆਰਡੀਨੇਟਰ ਤੇ ਹੋਰ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪੰਜਾਬੀ ਪ੍ਰਵਾਸੀਆਂ ਦੇ ਮਸਲਿਆਂ ਦਾ ਪਾਰਦਰਸ਼ੀ, ਨਿਰਪੱਖ ਅਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ : ਡਾ. ਰਵਜੋਤ ਸਿੰਘ




**ਬਠਿੰਡਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਹੈ ਕਿ ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਹਰ ਮਸਲੇ ਦਾ ਹੱਲ ਪੂਰੀ ਪਾਰਦਰਸ਼ਤਾ, ਮੈਰਿਟ ਅਤੇ ਮਿੱਥੇ ਸਮੇਂ ਅੰਦਰ ਯਕੀਨੀ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪ੍ਰਭਾਵਸ਼ਾਲੀ ਅਤੇ ਤੁਰੰਤ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਬਠਿੰਡਾ ਦੇ ਇਕ ਹੋਟਲ ਵਿਖੇ ਕਰਵਾਈ ਗਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਪ੍ਰਵਾਸੀ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਡਾ.ਰਵਜੋਤ ਸਿੰਘ ਨੇ ਕਿਹਾ ਕਿ ਇਸ ਵਿਸ਼ੇਸ਼ ਮਿਲਣੀ ਦਾ ਉਦੇਸ਼ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਤੁਰੰਤ ਕਾਰਵਾਈ ਯਕੀਨੀ ਬਣਾਉਣਾ ਹੈ।

ਇਸ ਮਿਲਣੀ ਵਿੱਚ ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮੋਗਾ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ। ਇਨ੍ਹਾਂ ਜ਼ਿਲ੍ਹਿਆਂ ਦੇ ਸਿਵਿਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਵੀ ਇਸ ਮੌਕੇ ਹਾਜ਼ਰ ਸਨ।

ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਸਕੱਤਰ ਸ਼੍ਰੀ ਮੁਹੰਮਦ ਤਾਇਅਬ, ਚੇਅਰਮੈਨ ਐਨ.ਆਰ.ਆਈ. ਸਭਾ ਪੰਜਾਬ ਅਤੇ ਡਿਵੀਜ਼ਨਲ ਕਮਿਸ਼ਨਰ ਜਲੰਧਰ ਸ਼੍ਰੀ ਰਾਮਵੀਰ, ਵਿਸ਼ੇਸ਼ ਸਕੱਤਰ ਐਨ.ਆਰ.ਆਈ. ਵਿਭਾਗ ਮੈਡਮ ਅਮਨਦੀਪ ਕੌਰ, ਬ੍ਰਿਟਿਸ਼ ਹਾਈ ਕਮਿਸ਼ਨਰ ਚੰਡੀਗੜ੍ਹ ਤੋਂ ਸ਼੍ਰੀ ਰਜਿੰਦਰ ਐੱਸ ਨਾਗਰਕੋਟੀ, ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਫ਼ਰੀਦਕੋਟ ਸ਼੍ਰੀ ਰਾਹੁਲ ਚਾਬਾ ਅਤੇ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮੀਡੀਆ ਨਾਲ ਗੱਲਬਾਤ ਕਰਦਿਆਂ ਡਾ.ਰਵਜੋਤ ਸਿੰਘ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੀ ਮਿੱਟੀ, ਸੱਭਿਆਚਾਰ ਅਤੇ ਵਿਰਸੇ ਨਾਲ ਡੂੰਘਾ ਨਾਤਾ ਰੱਖਦੇ ਹਨ ਅਤੇ ਉਨ੍ਹਾਂ ਨੇ ਦੁਨੀਆ ਭਰ ਵਿੱਚ ਪੰਜਾਬ ਅਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਨ.ਆਰ.ਆਈਜ਼ ਨਾਲ ਸਬੰਧਤ ਹਰ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਸੁਣਵਾਈ ਅਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਵੱਲੋਂ ਮੁੱਖ ਤੌਰ 'ਤੇ ਪ੍ਰਾਪਰਟੀ ਵਿਵਾਦਾਂ, ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ, ਦਸਤਾਵੇਜ਼ੀ ਤਰੁੱਟੀਆਂ ਅਤੇ ਵਿਆਹੁਤਾ ਮਾਮਲਿਆਂ ਸਬੰਧੀ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਦਾ ਨਿਪਟਾਰਾ ਲੰਬੇ ਸਮੇਂ ਤੋਂ ਲੰਬਿਤ ਹੈ ਜਾਂ ਜਿਨ੍ਹਾਂ ਵਿੱਚ ਸੁਣਵਾਈ ਦੀ ਪ੍ਰਕਿਰਿਆ ਧੀਮੀ ਹੈ, ਉਨ੍ਹਾਂ ਦੀ ਉਹ ਖੁਦ ਨਿਗਰਾਨੀ ਕਰ ਰਹੇ ਹਨ ਅਤੇ ਸਬੰਧਤ ਅਧਿਕਾਰੀਆਂ ਨਾਲ ਨਿਯਮਿਤ ਤੌਰ 'ਤੇ ਸਮੀਖਿਆ ਕਰਕੇ ਹੱਲ ਯਕੀਨੀ ਬਣਾ ਰਹੇ ਹਨ।

ਇਸ ਮੌਕੇ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ, ਚੇਅਰਮੈਨ ਪੰਜਾਬ ਮੀਡੀਅਮ ਇੰਡਸਟ੍ਰੀਜ਼ ਡਿਵੈਲਪਮੈਂਟ ਬੋਰਡ ਸ਼੍ਰੀ ਨੀਲ ਗਰਗ, ਚੇਅਰਮੈਨ ਨਗਰ ਸੁਧਾਰ ਟਰੱਸਟ ਸ. ਜਤਿੰਦਰ ਸਿੰਘ ਭੱਲਾ, ਚੇਅਰਮੈਨ ਸ਼ੂਗਰਫੈਡ ਪੰਜਾਬ ਅਤੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਸ਼੍ਰੀ ਨਵਦੀਪ ਜੀਦਾ, ਸੈਂਟਰਲ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਸ. ਅਮਰਦੀਪ ਰਾਜਨ, ਟ੍ਰੇਡ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਿਕਰਮ ਲਵਲੀ, ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ,ਬੈਂਕ ਦੇ ਚੇਅਰਮੈਨ ਸ. ਅਮਰਦੀਪ ਕਮਿਸ਼ਨਰ ਨਗਰ ਨਿਗਮ ਸ੍ਰੀਮਤੀ ਲਵਜੀਤ ਕਲਸੀ ਤੋਂ ਇਲਾਵਾ ਹੋਰ ਪ੍ਰਮੁੱਖ ਸਖਸ਼ੀਅਤਾਂ, ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਾਗਰੂਕਤਾ ਮੁਹਿੰਮ ਤਹਿਤ ਪਿੰਡਾਂ 'ਚ ਪੁੱਜੀ ਪ੍ਰਚਾਰ ਵੈਨ

**ਬਠਿੰਡਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਅੱਜ ਵਿਧਾਨ ਸਭਾ ਹਲਕਾ ਮੌੜ ਦੇ ਪਿੰਡ ਬਾਲਿਆਂਵਾਲੀ, ਦੌਲਤਪੁਰਾ ਅਤੇ ਚਾਉਕੇ ਵਿਖੇ ਪੁੱਜੀ। ਇਸ ਮੌਕੇ ਇਹਨਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਹਨਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਅਤੇ ਉੱਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ ਤੇ ਆਧਾਰਿਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।

ਦਸਤਾਵੇਜ਼ੀ ਫਿਲਮ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਹਨਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਸ਼ਰਧਾ ਅਤੇ ਰੁਚੀ ਨਾਲ ਦੇਖਿਆ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਅਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

# ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਹੁਸ਼ਿਆਰਪੁਰ ਕੈਂਪਸ ਵਿਖੇ ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਸ਼ੁਰੂ

**ਹੁਸ਼ਿਆਰਪੁਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਹੁਸ਼ਿਆਰਪੁਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਹੁਸ਼ਿਆਰਪੁਰ ਕੈਂਪਸ ਵਿੱਚ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ ਮਿਤੀ ਸ਼?ਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਸਟੀਚਿਊਟ ਦੇ ਡਾਇਰੈਕਟਰ ਕਮਾਂਡਰ ਬਲਜਿੰਦਰ ਸਿੰਘ ਵਿਰਕ (ਰਿਟਾ) ਜੀ ਨੇ ਦੱਸਿਆ ਕਿ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੋਣੀ ਚਾਹੀਦੀ ਹੈ। ਇਸ ਵਿੱਚ 75# ਜ਼ਿਲ੍ਹੇ ਦੇ ਸਾਬਕਾ ਸੈਨਿਕ ਅਤੇ ਇਨ੍ਹਾਂ ਤੋਂ ਇਲਾਵਾ 25# ਬਾਕੀ ਰਿਜ਼ਰਵ ਕੈਟੇਗਰੀ (ਐਸ ਸੀ/ ਐਸ ਟੀ/ਬੀ ਸੀ) ਅਤੇ ਹੋਰ ਗਰੀਬ ਪਰਿਵਾਰਾਂ ਦੇ ਵਿਦਿਆਰਥੀ ਵੀ ਦਾਖਲਾ ਲੈ ਸਕਦੇ ਹਨ।ਇੰਸਟੀਚਿਊਟ ਦੇ ਪ੍ਰਿੰਸੀਪਲ ਡਾ: ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਇਹਨ੍ਹਾਂ ਕੋਰਸਾਂ ਵਿੱਚ ਬੱਚਿਆਂ ਨੂੰ ਐਮ ਐਸ ਵਰਡ, ਐਮ ਐਸ ਐਕਸਲ, ਐਮ ਐਸ ਪਾਵਰਪੁਆਇੰਟ, ਪ੍ਰੋਗਰੈਮਿੰਗ ਇੰਨ ਜਾਵਾ, ਪ੍ਰੋਗਰੈਮਿੰਗ ਇੰਨ ਸੀ ਪਲੱਸ ਪਲੱਸ, ਐਚ ਟੀ ਐਮ ਐਲ, ਪ੍ਰਿੰਟਿੰਗ, ਸਕੈਨਿੰਗ, ਈ—ਮੇਲਿੰਗ ਆਦਿ ਤੋਂ ਇਲਾਵਾਪੰਜਾਬੀ ਅਤੇ ਇੰਗਲਿਸ਼ ਟਾਈਪਿੰਗ ਵੀ ਸਿਖਾਈ ਜਾਵੇਗੀ। ਇੱਥੇ ਵਿਦਿਆਰਥੀਆਂ ਲਈ ਲਿਖਤੀ ਪੜਾਈ ਦੇ ਨਾਲ ਨਾਲ ਪ੍ਰੈਕਟੀਕਲ ਕਲਾਸਾਂ ਤੇ ਖਾਸ ਧਿਆਨ ਦਿੱਤਾ ਜਾਂਦਾ ਹੈ। ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਜ਼ਛ® ਤੋਂ ਪ੍ਰਮਾਣਿਤ ਸਰਟੀਫਿਕੇਟ ਵੀ ਦਿੱਤਾ ਜਾਂਦਾ ਹੈ, ਤਾਂ ਜੋ ਉਹ ਕਿਸੀ ਵੀ ਸਰਕਾਰੀ ਨੋਕਰੀ ਦੀ ਮੁੱਢਲੀ ਲੋੜ(120 ਘੰਟੇ ਦੀ ਪੜ੍ਹਾਈ) ਨੂੰ ਪੂਰਾ ਕਰਕੇ ਆਪਣੇ ਪੈਰ੍ਹਾਂ ਤੇ ਖੜੇ ਹੋ ਕੇ ਆਪਣੀ ਜ਼ਿੰਦਗੀ ਦਾ ਨਿਰਵਾਹ ਚੰਗੇ ਢੰਗ ਨਾਲ ਕਰ ਸਕਣ।

ਇਹਨਾਂ ਕੋਰਸਾਂ ਵਿਚ ਦਾਖਲੇ ਸੰਬੰਧੀ ਜਾਣਕਾਰੀ ਦਫਤਰ ਵਿੱਚੋਂ ਕਿਸੇ ਵੀ ਕੰਮ ਕਾਜ ਵਾਲੇ ਦਿਨ ਲਈ ਜਾ ਸਕਦੀ ਹੈ । ਫੋਨ ਨੰ: 94786—18790, 98157—05178, 01882—246812 ਤੇ ਸੰਪਰਕ ਵੀ ਕੀਤਾ ਜਾ ਸਕਦਾ ਹੈ।

# ਆਮ ਆਦਮੀ ਪਾਰਟੀ ਨੇ ਆਪਣੇ ਵਾਲੰਟੀਅਰ ਅਤੇ ਵਰਕਰਾਂ ਨੂੰ ਦਿੱਤੀਆਂ ਵੱਡੀਆਂ ਜ਼ਿੰਮੇਵਾਰੀਆਂ: ਸੀਨੀਅਰ ਵਾਈਸ ਚੇਅਰਮੈਨ ਡਾ. ਕੇ ਜੇ ਸਿੰਘ



**ਬਟਾਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ, ਆਮ ਲੋਕਾਂ ਦੀ ਪਾਰਟੀ ਹੈ, ਜਿਸ ਵਿੱਚ ਪਾਰਟੀ ਦੇ ਵਾਲੰਟੀਅਰ ਅਤੇ ਵਰਕਰਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ ਗਿਆ ਹੈ। ਇਹ ਪ੍ਰਗਟਾਵਾ ਨਵ-ਨਿਯੁਕਤ ਦੇ ਸੀਨੀਅਰ ਵਾਇਸ ਚੇਅਰਮੈਨ ਡਾ.ਕਮਲਜੀਤ ਸਿੰਘ ਕੇ.ਜੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਅੱਜ ਸੀਨੀਅਰ ਵਾਇਸ ਚੇਅਰਮੈਨ ਡਾ. ਕਮਲਜੀਤ ਸਿੰਘ ਕੇ.ਜੇ, ਆਪਣੇ ਸਾਥੀਆਂ ਨਾਲ ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਬਾਬਾ ਨਾਮਦੇਵ ਜੀ ਗੁਰਦੁਆਰਾ ਸਾਹਿਬ ਘੁਮਾਣ ਅਤੇ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਪਰਮਾਤਮਾ ਦਾ ਆਸ਼ੀਰਵਾਦ ਲਿਆ। ਇਸ ਮੌਕੇ ਪੀ ਏ ਸਮਸ਼ੇਰ ਸਿੰਘ ਲੇਹਲ, ਉੱਘੇ ਸਮਾਜ ਸੇਵੀ ਡਾ. ਹਰਜਿੰਦਰ ਸਿੰਘ ਘੁਮਾਣ, ਪ੍ਰਮਜੀਤ ਸਿੰਘ ਡੇਅਰੀ ਵਾਲਾ, ਜਸਵੰਤ ਸਿੰਘ ਬਾਠ, ਸਾਬਕਾ ਸਰਪੰਚ ਬਲਰਾਮ ਸਿੰਘ ਬਰਿਆਰ, ਯੂਥ ਪ੍ਰਧਾਨ ਬਾਲਮੀਕ ਮਜ਼ਬੀ ਸਿੱਖ ਮੋਰਚਾ ਰਣਜੀਤ ਸਿੰਘ ਦਕੋਹਾ, ਪ੍ਰਧਾਨ ਮੁਖਤਾਰ ਸਿੰਘ ਬਰਿਆਰ,ਬਿੱਲਾ ਪੰਡੋਰੀ,ਡਾ ਰਣਧੀਰ ਸਿੰਘ ਪੰਡੋਰੀ, ਬਲਾਕ ਪ੍ਰਧਾਨ ਸੰਤੋਖ ਸਿੰਘ ਮਧਰਾ, ਮਨਪ੍ਰੀਤ ਸਿੰਘ ਮੰਡ ਅਤੇ ਵੱਡੀ ਗਿਣਤੀ ਵਿੱਚ ਹਲਕਾ ਵਾਸੀ ਮੌਜੂਦ ਸਨ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਸੀਨੀਅਰ ਵਾਈਸ ਚੇਅਰਮੈਨ ਡਾ. ਕੇ.ਜੇ ਸਿੰਘ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹਨ ਜਿਨਾਂ ਨੇ ਨਿਮਾਣੇ ਜਿਹੇ ਵਲੰਟੀਅਰ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ। ਉਨਾਂ ਕਿਹਾ ਕਿ ਉਹ ਪਾਰਟੀ ਨੂੰ ਪੂਰਨ ਭਰੋਸਾ ਦਿੰਦੇ ਹਨ ਕਿ ਉਹ ਉਨਾਂ ਦੇ ਵਿਸ਼ਵਾਸ 'ਤੇ ਖਰ੍ਹਾ ਉੱਤਰਨਗੇ ਅਤੇ ਲੋਕਹਿੱਤ ਕਾਰਜਾਂ ਨੂੰ ਯਕੀਨੀ ਬਣਾਉਣਗੇ।

ਨਵ-ਨਿਯੁਕਤ ਸੀਨੀਅਰ ਵਾਈਸ ਚੇਅਰਮੈਨ ਕੇ.ਜੇ ਸਿੰਘ ਨੇ ਅੱਗੇ ਕਿਹਾ ਕਿ ਸਾਰਿਆਂ ਦੇ ਸਾਥ ਨਾਲ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ ਅਤੇ ਵਰਕਰਾਂ ਨਾਲ ਤਾਲਮੇਲ ਕਰਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

ਉਨਾਂ ਕਿਹਾ ਕਿ ਵਲੰਟੀਅਰ ਪਾਰਟੀ ਦੀ ਰੀੜ ਦੀ ਹੱਡੀ ਹਨ ਅਤੇ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰ ਦਾ ਪਾਰਟੀ ਵਲੋਂ ਪੂਰਾ ਮਾਣ ਸਤਿਕਾਰ ਕੀਤਾ ਜਾਂਦਾ ਹੈ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਲਾਈਨ ਵਿੱਚ ਖੜੇ ਆਖੀਰਲੇ ਵਲੰਟੀਅਰ ਨੂੰ ਮਾਣ-ਸਤਿਕਾਰ ਦਿੱਤਾ ਹੈ।

# ਹੁਸ਼ਿਆਰਪੁਰ ਜ਼ਿਲ੍ਹੇ ਚ ਐਸ.ਆਈ.ਆਰ-2026 ਦਾ 100 ਫੀਸਦੀ ਕੰਮ ਮੁਕੰਮਲ: ਆਸ਼ਿਕਾ ਜੈਨ

**ਹੁਸ਼ਿਆਰਪੁਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਦਾ 100 ਫੀਸਦੀ ਕੰਮ ਮੁਕੰਮਲ ਕਰ ਲਿਆ ਗਿਆ ਹੈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਐਸ.ਆਈ.ਆਰ.-2026 ਤਹਿਤ ਜ਼ਿਲ੍ਹੇ ਦੇ ਸਾਰੇ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵੋਟਰਾਂ ਦਾ ਨਾਮ ਡਰਾਫਟ ਵੋਟਰ ਸੂਚੀ ਵਿੱਚ ਅਨਮੈਪਡ ਵੋਟਰ ਵਜੋਂ ਦਰਜ ਹੋਇਆ ਹੈ ਜਾਂ ਜਿਨ੍ਹਾਂ ਵੋਟਰਾਂ ਦਾ ਰਿਕਾਰਡ ਸਾਲ 2003 ਦੀ ਵੋਟਰ ਸੂਚੀ ਨਾਲ ਮੇਲ ਨਹੀਂ ਖਾਂਦਾ, ਅਜਿਹੇ ਵੋਟਰਾਂ ਨੂੰ ਸਬੰਧਤ ਚੋਣ ਰਜਿਸਟ੍ਰੇਸ਼ਨ ਅਫ਼ਸਰ/ ਸਹਾਇਕ ਚੋਣ ਰਜਿਸਟ੍ਰੇਸ਼ਨ ਅਫ਼ਸਰ ਵੱਲੋਂ ਬੀ.ਐਲ.ਓ. ਰਾਹੀਂ ਨੋਟਿਸ ਜਾਰੀ ਕੀਤੇ ਜਾ ਰਹੇ ਹਨ।

ਉਨ੍ਹਾਂ ਨੋਟਿਸ ਪ੍ਰਾਪਤ ਕਰਨ ਵਾਲੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਨੋਟਿਸ ਵਿੱਚ ਦਰਜ ਮਿਤੀ, ਸਮਾਂ ਅਤੇ ਨਿਰਧਾਰਤ ਸਥਾਨ 'ਤੇ ਨਿੱਜੀ ਤੌਰ 'ਤੇ ਹਾਜ਼ਰ ਹੋ ਕੇ ਆਪਣੇ ਲੋੜੀਂਦੇ ਦਸਤਾਵੇਜ਼ ਸਬੰਧਤ ਚੋਣ ਰਜਿਸਟ੍ਰੇਸ਼ਨ ਅਫ਼ਸਰ/ਸਹਾਇਕ ਚੋਣ ਰਜਿਸਟ੍ਰੇਸ਼ਨ ਅਫ਼ਸਰ ਦੇ ਸਾਹਮਣੇ ਪੇਸ਼ ਕਰਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜੇਕਰ ਕੋਈ ਵੋਟਰ ਖੁਦ ਸੁਣਵਾਈ ਲਈ ਹਾਜ਼ਰ ਹੋਣ ਦੇ ਸਮਰੱਥ ਨਹੀਂ ਹੈ ਤਾਂ ਉਹ ਅਧਿਕਾਰਤ ਪੱਤਰ ਰਾਹੀਂ ਆਪਣੇ ਪ੍ਰਤੀਨਿਧੀ ਨੂੰ ਨਿਯੁਕਤ ਕਰ ਸਕਦਾ ਹੈ।



ਅਧਿਕਾਰਤ ਵਿਅਕਤੀ ਨੋਟਿਸ ਵਿੱਚ ਦਰਜ ਸਮੇਂ ਅਤੇ ਸਥਾਨ 'ਤੇ ਵੋਟਰ ਦੀ ਤਰਫੋਂ ਲੋੜੀਂਦੇ ਦਸਤਾਵੇਜ਼ ਪੇਸ਼ ਕਰ ਸਕਦਾ ਹੈ। ਅਧਿਕਾਰਤ ਪੱਤਰ ਸਬੰਧਤ ਬੀ.ਐਲ.ਓ. ਜਾਂ ਚੋਣ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਤੋਂ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਾਲ-ਨਾਲ ਅਨਮੈਪਡ ਵੋਟਰਾਂ ਅਤੇ ਤਰਕਪੂਰਨ ਅੰਤਰਾਂ ਨਾਲ ਸਬੰਧਤ ਨੋਟਿਸਾਂ ਦਾ ਨਿਪਟਾਰਾ 13 ਅਗਸਤ 2026 ਤੋਂ 8 ਅਕਤੂਬਰ 2026 ਤੱਕ ਸਬੰਧਤ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਕੀਤਾ ਜਾਵੇਗਾ। ਇਸ ਤੋਂ ਬਾਅਦ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਅੰਤਿਮ ਵੋਟਰ ਸੂਚੀ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

# ਵਿਧਾਇਕ ਜਿੰਪਾ ਨੇ ਪਿੰਡ ਨਾਰੂ ਨੰਗਲ ਖਾਸ 'ਚ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਖੇਡ ਮੈਦਾਨ ਦਾ ਕੀਤਾ ਉਦਘਾਟਨ


**ਹੁਸ਼ਿਆਰਪੁਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਨਾਰੂ ਨੰਗਲ ਖਾਸ ਵਿੱਚ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਮੈਦਾਨ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਖੇਡ ਮੈਦਾਨਾਂ ਦਾ ਨਿਰਮਾਣ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਬਿਹਤਰ ਮੰਚ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਅਨੁਸ਼ਾਸਨ, ਟੀਮ ਭਾਵਨਾ ਅਤੇ ਸਕਾਰਾਤਮਕ ਸੋਚ ਵਿਕਸਿਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਪਿੰਡ ਪੱਧਰ ਤੱਕ ਆਧੁਨਿਕ ਖੇਡ ਸਹੂਲਤਾਂ ਪਹੁੰਚਾਉਣਾ ਹੈ, ਤਾਂ ਜੋ ਪੇਂਡੂ ਖੇਤਰਾਂ ਦੇ ਖਿਡਾਰੀ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ, ਸੂਬਾ ਅਤੇ ਕੌਮੀ ਪੱਧਰ ਤੱਕ ਪਹੁੰਚ ਸਕਣ। ਉਨ੍ਹਾਂ ਪਿੰਡ ਵਾਸੀਆਂ ਨੂੰ ਨਵੇਂ ਖੇਡ ਮੈਦਾਨ ਲਈ ਵਧਾਈ ਦਿੰਦਿਆਂ ਕਿਹਾ ਕਿ ਇਸ ਦਾ ਵੱਧ ਤੋਂ ਵੱਧ ਉਪਯੋਗ ਕੀਤਾ ਜਾਣਾ ਚਾਹੀਦਾ ਹੈ ਅਤੇ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਵਿਕਾਸ ਦੇ ਨਾਲ-ਨਾਲ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਵੀ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ।

# ਹਰਿਆਣਾ ਵਿੱਚ ਇਨਫਲੂਐਂਜ਼ਾ ਦੀ ਸਥਿਤੀ ਕੰਟਰੋਲ ਵਿੱਚ, ਸਿਹਤ ਵਿਭਾਗ ਨੇ ਨਿਗਰਾਨੀ ਵਧਾਈ : ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਰਾਜ ਵਿੱਚ ਮੌਸਮੀ ਇਨਫਲੂਐਂਜ਼ਾ (ਫਲੂ) ਦੀ ਸਥਿਤੀ ਨੂੰ ਪੂਰੀ ਤਰ੍ਹਾਂ ਕੰਟਰੋਲ ਵਿੱਚ ਦੱਸਦਿਆਂ ਨਾਗਰਿਕਾਂ ਨੂੰ ਇਸ ਤੋਂ ਨਾ ਘਬਰਾਉਣ ਦੀ ਅਪੀਲ ਕੀਤੀ ਹੈ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਰਾਜ ਭਰ ਵਿੱਚ ਸਖ਼ਤ ਨਿਗਰਾਨੀ ਰੱਖ ਰਿਹਾ ਹੈ ਅਤੇ ਸਾਰੇ ਸਰਕਾਰੀ ਤੇ ਨਿੱਜੀ ਹਸਪਤਾਲਾਂ ਨੂੰ ਸਮੇਂ ਸਿਰ ਜਾਂਚ ਅਤੇ ਇਲਾਜ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ।

ਡਾ. ਮਿਸ਼ਰਾ ਨੇ ਲੋਕਾਂ ਨੂੰ ਆਮ ਮੌਸਮੀ ਫਲੂ ਅਤੇ 'ਸੁਆਇਨ ਫਲੂ' (HANA) ਦੇ ਵਿਚਕਾਰ ਦਾ ਅੰਤਰ ਸਮਝਾਉਂਦਿਆਂ ਸਪੱਸ਼ਟ ਕੀਤਾ ਕਿ HANA ਹੁਣ ਮੌਸਮੀ ਇਨਫਲੂਐਂਜ਼ਾ ਦਾ ਹੀ ਇੱਕ ਹਿੱਸਾ ਹੈ, ਜਿਸ ਨੂੰ ਨਿਯਮਤ ਸਿਹਤ ਨਿਗਰਾਨੀ ਪ੍ਰਣਾਲੀ ਤਹਿਤ ਟਰੈਕ ਅਤੇ ਇਲਾਜ ਕੀਤਾ ਜਾਂਦਾ ਹੈ। ਸਾਲ 2009 ਦੌਰਾਨ ਇਸ ਵਾਇਰਸ ਦੇ ਮੂਲ ਸਰੋਤ ਕਾਰਨ ਇਸ ਨੂੰ 'ਸੁਆਇਨ ਫਲੂ' ਕਿਹਾ ਗਿਆ ਸੀ, ਪਰ ਹੁਣ ਇਹ ਇਨਸਾਨਾਂ ਵਿੱਚ ਫੈਲਣ ਵਾਲੇ ਆਮ ਵਾਇਰਸ ਦਾ ਹੀ ਰੂਪ ਲੈ ਚੁੱਕਾ ਹੈ, ਇਸ ਲਈ ਇਸ ਨਾਮ ਤੋਂ ਡਰਨ ਦੀ ਲੋੜ ਨਹੀਂ ਹੈ।

# ਗਲਾਸਗੋ ਕਾਮਨਵੈਲਥ ਗੇਮਾਂ ਵਿੱਚ ਛਾਇਆ ਹਰਿਆਣਾ, ਦੇਸ਼ ਦੇ 13 ਸੋਨ ਤ.ਗਮਿਆਂ ਵਿੱਚੋਂ 7 ਹਨ ਹਰਿਆਣਾ ਦੀਆਂ ਧੀਆਂ ਅਤੇ ਪੁੱਤਰਾਂ ਦੇ ਨਾਂ : ਗੌਰਵ ਗੌਤਮ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**




ਹਰਿਆਣਾ ਦੇ ਖ਼ੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਗਲਾਸਗੋ (ਸਕਾਟਲੈਂਡ) ਵਿੱਚ ਸੰਪੰਨ ਹੋਈਆਂ 23ਵੀ ਕਾਮਨਵੈਲਥ ਗੇਮਾਂ ਵਿੱਚ ਭਾਰਤ ਦੇ ਖਿਡਾਰੀਆਂ ਨੇ ਕੁੱਲ 13 ਸੋਨ ਤ.ਗਮੇ ਜਿੱਤੇ, ਜਿਨ੍ਹਾਂ ਵਿੱਚੋਂ 7 ਸੋਨ ਤ.ਗਮੇ ਇੱਕੱਲੇ ਹਰਿਆਣਾ ਦੀ ਮਿੱਟੀ ਦੇ ਲਾਲਾਂ ਅਤੇ ਧੀਆਂ ਨੇ ਹਾਸਲ ਕੀਤੇ ਹਨ। ਸਾਡੇ ਖਿਡਾਰੀਆਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਰਾਸ਼ਟਰ ਝੰਡੇ ਤਿਰੰਗੇ ਪ੍ਰਤੀ ਅਟੁੱਟ ਨਿਸ਼ਠਾ ਨਾਲ ਪੂਰੀ ਦੁਨੀਆ ਵਿੱਚ ਭਾਰਤ ਅਤੇ ਹਰਿਆਣਾ ਦੀ ਧਾਕ ਜਮਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਧੀਆਂ ਵੱਲੋਂ ਜਿੱਤੇ ਗਏ ਇਨ੍ਹਾਂ ਤ.ਗਮਿਆਂ ਨੇ ਦੁਨੀਆ ਭਰ ਵਿੱਚ ਤਿਰੰਗੇ ਦਾ ਮਾਣ ਵਧਾਇਆ ਹੈ ਅਤੇ ਇਹ ਖਿਡਾਰੀ ਪੂਰੇ ਦੇਸ਼ ਤੇ ਸੂਬੇ ਲਈ ਰੋਲ ਮਾਡਲ ਹਨ।

ਮੰਤਰੀ ਪੰਚਕੂਲਾ ਸਥਿਤ ਇੰਦਰਧਨੁਸ਼ ਆਡੀਟੋਰੀਅਮ ਵਿੱਚ ਕਾਮਨਵੈਲਥ ਗੇਮਜ਼ 2026 ਦੇ ਤ.ਗਮਾ ਜੇਤੂ ਤੇ ਭਾਗੀਦਾਰ ਖਿਡਾਰੀਆਂ ਦੇ ਰਾਜ ਪੱਧਰੀ ਸਨਮਾਨ ਸਮਾਰੋਹ ਵਿੱਚ ਸੰਬੋਧਨ ਕਰ ਰਹੇ ਸਨ।

**'ਮਿਸ਼ਨ ਓਲੰਪਿਕ 2036: ਵਿਜੈ ਭਵ' ਦੀ ਸ਼ੁਰੂਆਤ**

ਖ਼ੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ 'ਮਿਸ਼ਨ ਓਲੰਪਿਕ 2036: ਵਿਜੈ ਭਵ' ਦੀਆਂ ਤਿਆਰੀਆਂ ਹੁਣੇ ਤੋਂ ਸ਼ੁਰੂ ਕਰ ਦਿੱਤੀਆਂ ਹਨ। ਖਿਡਾਰੀਆਂ ਨੂੰ ਗਲੋਬਲ ਮੰਚ 'ਤੇ ਸਰਵੋਤਮ ਸਾਧਨ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਸੂਬੇ ਦਾ ਖ਼ੇਡ ਬਜਟ ਵਧਾ ਕੇ 850 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਸਾਡੇ ਚੈਂਪੀਅਨ ਖਿਡਾਰੀ ਨਾ ਸਿਰਫ਼ ਆਉਣ ਵਾਲੇ ਓਲੰਪਿਕ ਵਿੱਚ ਰਿਕਾਰਡ ਤ.ਗਮੇ ਜਿੱਤਣਗੇ, ਸਗੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ 2047' ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

**ਖ਼ੇਡ ਢਾਂਚੇ ਦਾ ਮਜ਼ਬੂਤੀਕਰਨ ਅਤੇ ਇੰਸ਼ੋਰੈਂਸ ਕਵਰ**

ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਖ਼ੇਡ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਕਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਕੇਂਦਰ ਸਰਕਾਰ ਦੇ ਇਤਿਹਾਸਕ 36,000 ਕਰੋੜ ਰੁਪਏ ਦੇ ਖ਼ੇਡ ਬਜਟ ਦੀ ਤਰਜ਼ 'ਤੇ ਹਰਿਆਣਾ ਵਿੱਚ ਵੀ ਆਉਣ ਵਾਲੇ ਇੱਕ ਸਾਲ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ। ਰਾਜ ਦੇ ਹਰ ਇੱਕ ਜ਼ਿਲ੍ਹੇ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਸਿੰਥੈਟਿਕ ਟਰੈਕ ਦਾ ਨਿਰਮਾਣ ਹੋਵੇਗਾ। ਖਿਡਾਰੀਆਂ ਦੀ ਤਕਨੀਕ ਵਿੱਚ ਸੁਧਾਰ ਅਤੇ ਆਧੁਨਿਕ ਸਿਖਲਾਈ ਲਈ ਵਿਸ਼ਵ ਪੱਧਰੀ ਵਿਦੇਸ਼ੀ ਕੋਚਾਂ ਦਾ ਪ੍ਰਬੰਧ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਖਿਡਾਰੀਆਂ ਦੇ ਕਰੀਅਰ ਵਿੱਚ ਇੰਜਰੀ ਦੇ ਜੋਖ਼ਮ ਨੂੰ ਧਿਆਨ ਵਿੱਚ ਰੱਖਦਿਆਂ ਹਰਿਆਣਾ ਸਰਕਾਰ ਨੇ ਹਰੇਕ ਖਿਡਾਰੀ ਨੂੰ 20 ਲੱਖ ਰੁਪਏ ਦਾ ਮੁਫ਼ਤ ਇੰਸ਼ੋਰੈਂਸ ਕਵਰ ਦੇਣ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਅਭਿਆਸ ਜਾਰੀ ਰੱਖ ਸਕਣ।

ਉਨ੍ਹਾਂ ਕਿਹਾ ਕਿ ਅਰਜੁਨ ਐਵਾਰਡੀਜ਼ ਅਤੇ ਓਲੰਪਿਕ ਤ.ਗਮਾ ਜੇਤੂਆਂ ਨੂੰ ਨਵੀਆਂ ਖ਼ੇਡ ਪ੍ਰਤਿਭਾਵਾਂ ਨੂੰ ਤਰਾਸ਼ਣ ਲਈ ਉਤਸ਼ਾਹਿਤ ਕਰਨ ਵਾਸਤੇ ਸਰਕਾਰ ਘੱਟ ਵਿਆਜ ਦਰ 'ਤੇ 5 ਕਰੋੜ ਰੁਪਏ ਤੱਕ ਦਾ ਕਰਜ਼ਾ ਮੁਹੱਈਆ ਕਰਵਾਏਗੀ।

ਮੰਤਰੀ ਨੇ ਰਾਜ ਦੇ ਜ਼ਮੀਨੀ ਖ਼ੇਡ ਮਾਡਲ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ 8 ਸਾਲ ਦੀ ਉਮਰ ਤੋਂ ਬੱਚੇ ਖ਼ੇਡ ਨਰਸਰੀਆਂ ਵਿੱਚ ਸਿਖਲਾਈ ਸ਼ੁਰੂ ਕਰਦੇ ਹਨ, 18 ਸਾਲ ਤੱਕ ਰੈਜ਼ੀਡੈਂਟ ਨਰਸਰੀਆਂ ਦਾ ਹਿੱਸਾ ਬਣਦੇ ਹਨ, ਅਤੇ ਫਿਰ 'ਟੌਪਸ' ਤੇ 'ਖੇਲੋ ਇੰਡੀਆ' ਰਾਹੀਂ ਗਲੋਬਲ ਮੰਚਾਂ ਤੱਕ ਪਹੁੰਚ ਕੇ ਦੇਸ਼ ਦਾ ਮੱਥਾ ਉੱਚਾ ਕਰਦੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਸਰਵਸ਼੍ਰੇਸ਼ਠ ਖ਼ੇਡ ਨੀਤੀ, ਮਿੱਟੀ ਦੇ ਸ਼ੌਰ ਅਤੇ ਖਿਡਾਰੀਆਂ ਦੇ ਜਜ਼ਬੇ ਦੇ ਬਲ 'ਤੇ ਅੱਜ ਕਾਮਨਵੈਲਥ, ਏਸ਼ੀਅਨ ਅਤੇ ਓਲੰਪਿਕ ਖੇਡਾਂ ਵਿੱਚ ਭਾਰਤ ਦਾ ਡੰਕਾ ਵੱਜ ਰਿਹਾ ਹੈ।

# ਵਿਸ਼ੇਸ਼ ਸਦਭਾਵਨਾ ਯਾਤਰਾ ਦਾ ਆਯੋਜਨ ਸ਼ੁਰੂ; 3 ਸਤੰਬਰ ਨੂੰ ਪੁੱਜੇਗੀ ਯਾਤਰਾ ਹਜੂਰ ਸਾਹਿਬ

**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਧੋ ਦਾਸ ਬੈਰਾਗੀ (ਬਾਬਾ ਬੰਦਾ ਸਿੰਘ ਬਹਾਦਰ )ਵਿਚਕਾਰ 3 ਸਤੰਬਰ 1708 ਨੂੰ ਹੋਏ ਇਤਿਹਾਸਿਕ ਮਿਲਾਪ ਦੇ 318 ਵੇਂ ਦਿਹਾੜੇ ਦੇ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਇੱਕ ਵਿਸ਼ੇਸ਼ ਸਦਭਾਵਨਾ ਯਾਤਰਾ ਦਾ ਆਯੋਜਨ ਕੀਤਾ ਗਿਆ ਹੈ ਜੋ ਕਿ 30 ਅਗਸਤ ਨੂੰ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ (ਜਿਲਾ ਲੁਧਿਆਣਾ) ਤੋਂ ਸੰਤਾਂ ਮਹਾਂਪੁਰਸ਼ਾਂ ਵੱਲੋਂ ਰਵਾਨਾ ਕੀਤੀ ਜਾਏਗੀ ਅਤੇ ਇਸ ਮਗਰੋਂ ਪਟਿਆਲੇ ਜਿਲੇ ਵਿੱਚ ਦੀ ਹੁੰਦੇ ਹੋਏ ਇਹ ਯਾਤਰਾ 3 ਸਤੰਬਰ ਨੂੰ ਸ੍ਰੀ ਹਜੂਰ ਸਾਹਿਬ ਵਿਖੇ ਪੁੱਜੇਗੀ ਜਿੱਥੇ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਬੰਦਾ ਘਾਟ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੰਤਰਰਾਸ਼ਟਰੀ ਮਾਮਲਿਆਂ ਦੇ ਮਾਹਿਰ, ਇਤਿਹਾਸਕਾਰ, ਵਿਸ਼ਵ ਚਿੰਤਕ ਅਖਬਾਰਾਂ ਅਤੇ ਰੰਗਮੰਚੀ ਕਲਾਕਾਰਾਂ ਅਤੇ ਸਾਹਿਤਕਾਰਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਡਾਕਟਰ ਸਵਰਾਜ ਸਿੰਘ ਨੇ ਇਸ ਯਾਤਰਾ ਸਬੰਧੀ ਜਿਕਰ ਕਰਦੇ ਹੋਏ ਕਿਹਾ ਕਿ ਉਹ ਖੁਦ ਵੀ ਇਸ ਯਾਤਰਾ ਦੀ ਅਗਵਾਈ ਕਰਨਗੇ ਅਤੇ ਇਹ ਯਾਤਰਾ ਹਜੂਰ ਸਾਹਿਬ ਨੂੰ ਜਾਂਦੇ ਹੋਏ ਰਸਤੇ ਵਿੱਚ ਪੈਂਦੇ ਇਤਿਹਾਸਿਕ ਸਥਾਨਾਂ ਤੇ ਵੱਖ ਵੱਖ ਪੜਾਵਾਂ ਵਿੱਚ ਰੁਕੇਗੀ ਅਤੇ ਇਸ ਮਗਰੋਂ ਇਹ ਯਾਤਰਾ 7 ਸਤੰਬਰ ਨੂੰ ਲੁਧਿਆਣੇ ਵਿਖੇ ਵਾਪਸ ਪੁੱਜੇਗੀ।

ਉਹਨਾਂ ਕਿਹਾ ਕਿ ਸੰਸਾਰ ਦੇ ਇਤਿਹਾਸ ਵਿੱਚ ਇਹ ਇੱਕ ਬਹੁਤ ਹੀ ਮਹੱਤਵਪੂਰਨ ਘਟਨਾ ਹੈ ਜਿੱਥੇ ਗੋਦਾਵਰੀ ਨਦੀ ਦੇ ਕੰਢੇ ਨਾਂਦੇੜ (ਹਜੂਰ ਸਾਹਿਬ) ਵਿਚ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਮਿਲਾਪ ਸੰਸਾਰ ਦਾ ਪਹਿਲਾ ਸਫਲ ਕਿਸਾਨੀ ਇਨਕਲਾਬ ਦਾ ਆਧਾਰ ਬਣਿਆ। ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਰਾਜ ਦੇ ਸੰਕਲਪ ਦੇ ਅਧਾਰਿਤ ਪਹਿਲਾ ਖਾਲਸਾ ਰਾਜ ਸਥਾਪਿਤ ਹੋਇਆ। ਇਹ ਰਾਜ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਤੇ ਜਿਸ ਨੂੰ ਜਾਮਾ ਪਹਿਨਾਇਆ ਅਤੇ ਬਾਬਾ ਬੰਦਾ ਸਿੰਘ ਬਹਾਦਰ ਨੇ ਇਸ ਦੇ ਸਮਾਜਿਕ ਤੇ ਰਾਜਨੀਤਿਕ ਵਿਵਸਥਾ ਨੂੰ ਲਾਗੂ ਕਰਦੇ ਹੋਏ ਸਥਾਪਿਤ ਕੀਤਾ। ਇਸ ਰਾਜ ਦੇ ਸਿਧਾਂਤ ਸਾਰਿਆਂ ਦੀ ਚਿੰਤਾ (ਯੂਨੀਵਰਸਲ ਕਨਸਰਨ) ਅਤੇ ਸਰਬਤ ਦਾ ਭਲਾ (ਯੂਨੀਵਰਸਲ ਵੈਲਫੇਅਰ) ਸਨ।

# 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਮਨਾਇਆ ਜਾਵੇਗਾ 'ਕਾਲਾ ਅਧਿਆਪਕ ਦਿਵਸ': ਏਡਿਡ ਸਕੂਲ ਯੂਨੀਅਨ

**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਨੂੰ ਪਿਛਲੇ ਲਗਭਗ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਰਕੇ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਨੂੰ ਪੈਨਸ਼ਨ ਦੇ ਪੀ.ਪੀ.ਓ. ਜਾਰੀ ਨਾ ਕੀਤੇ ਜਾਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਡੂੰਘਾ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਤਨਖ਼ਾਹਾਂ ਅਤੇ ਪੈਨਸ਼ਨ ਸਬੰਧੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਇਸ ਗੰਭੀਰ ਮਸਲੇ ਦਾ ਕੋਈ ਢੁੱਕਵਾਂ ਅਤੇ ਸਥਾਈ ਹੱਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਲਗਾਤਾਰ ਅੱਠ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਭਾਰੀ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚਿਆਂ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰੀ ਲੋੜਾਂ ਨੂੰ ਪੂਰਾ ਕਰਨਾ ਉਨ੍ਹਾਂ ਲਈ ਬਹੁਤ ਮੁਸ਼ਕਲ ਬਣਦਾ ਜਾ ਰਿਹਾ ਹੈ। ਦੂਜੇ ਪਾਸੇ ਸੇਵਾ ਮੁਕਤ ਅਧਿਆਪਕ ਅਤੇ ਕਰਮਚਾਰੀ ਆਪਣੇ ਪੈਨਸ਼ਨਰੀ ਲਾਭਾਂ ਅਤੇ ਪੈਨਸ਼ਨ ਦੇ ਪੀ.ਪੀ.ਓ. ਜਾਰੀ ਕਰਵਾਉਣ ਲਈ ਵੱਖ-ਵੱਖ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਹਨ।

ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਅਧਿਆਪਕ ਅਤੇ ਕਰਮਚਾਰੀ ਸਮਾਜ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹਾਂ ਤੋਂ ਵਾਂਝਾ ਰੱਖਣਾ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਹੈ। ਸਰਕਾਰ ਨੂੰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਬਕਾਇਆ ਤਨਖ਼ਾਹਾਂ ਜਾਰੀ ਕਰਨੀਆਂ ਚਾਹੀਦੀਆਂ ਹਨ।

ਯੂਨੀਅਨ ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ, ਹੋਰ ਕਰਮਚਾਰੀਆਂ ਦੇ ਨਾਲ਼ ਨਾਲ਼ ਬਜ਼ੁਰਗ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਵੀ ਜਾਰੀ ਨਹੀਂ ਕਰ ਰਹੀ ਹੈ ਜਦੋਂਕਿ ਇਸੇ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਐਫਿਡੇਵਿਟ ਦੇ ਕੇ ਇਹ ਵਚਨ ਦਿੱਤਾ ਗਿਆ ਸੀ ਕਿ ਪੰਜਾਬ ਦੇ ਸਾਰੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕਾਂ ਅਤੇ ਪੈਨਸ਼ਨਰਾਂ ਨੂੰ ਸਰਕਾਰੀ ਸਕੂਲਾਂ ਦੇ ਸਮੂਹ ਕਰਮਚਾਰੀਆਂ ਵਾਂਗ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਦੀ ਅਦਾਇਗੀ ਕੀਤੀ ਜਾਵੇਗੀ। ਇਹ ਬਕਾਏ ਦੇਣਾ ਸ਼ੁਰੂ ਕਰਨ ਦੀ ਤਰੀਕ ਬੀਤੀਆਂ ਪੰਜ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਇੰਜ ਸੁੱਤੀ ਪਈ ਹੈ ਜਿਵੇਂ ਇਸ ਲਈ ਹਾਈ ਕੋਰਟ ਦੇ ਫ਼ੈਸਲਿਆਂ ਦੀ ਕੋਈ ਵੈਲਿਊ ਹੀ ਨਾ ਹੋਵੇ। ਸਰਕਾਰ ਅਤੇ ਅਫ਼ਸਰਸ਼ਾਹੀ ਦਾ ਤਾਂ ਇਹ ਹਾਲ ਹੈ ਕਿ 2022 ਦੇ ਇਲੈਕਸ਼ਨ ਮੈਨੀਫੈਸਟੋ 'ਚ ਏਡਿਡ ਸਕੂਲਾਂ ਦੇ ਕਰਮਚਾਰੀਆਂ ਨੂੰ ਸਰਕਾਰੀ ਸਕੂਲਾਂ ਦੇ ਬਰਾਬਰ ਸਾਰੀਆਂ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਇਹ ਕੀਤਾ ਗਿਆ ਵਾਅਦਾ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ। ਹਾਲ ਤਾਂ ਇਸ ਹੱਦ ਤੱਕ ਮਾੜਾ ਹੈ ਕਿ ਯੂਨੀਅਨ ਨੇਤਾਵਾਂ ਨਾਲ ਮੀਟਿੰਗ ਵਿੱਚ ਵਿੱਤ ਮੰਤਰੀ ਦੁਆਰਾ ਦਿੱਤੇ ਗਏ ਹੁਕਮ ਅਤੇ ਸਾਂਝੇ ਤੌਰ ਤੇ ਲਿੱਤੇ ਗਏ ਫੈਸਲੇ ਵੀ ਅਜ ਤੱਕ ਲਾਗੂ ਨਹੀਂ ਕੀਤੇ ਗਏ।

ਸੂਬਾ ਕਾਰਕਾਰਨੀ ਮੈਂਬਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਸੂਬਾ ਕਮੇਟੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਨੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਰੋਸ ਪ੍ਰਗਟ ਕਰਦਿਆਂ 'ਕਾਲਾ ਅਧਿਆਪਕ ਦਿਵਸ' ਮਨਾਇਆ ਜਾਵੇਗਾ। ਇਸ ਦੌਰਾਨ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਦੀਆਂ ਅੱਠ ਅੱਠ ਮਹੀਨਿਆਂ ਤੋਂ ਨਾਜਾਇਜ਼ ਤੌਰ ਤੇ ਰੋਕੀਆਂ ਗਈਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਸਮੂਹ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਤੁਰੰਤ ਜਾਰੀ ਕੀਤਾ ਜਾਵੇ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਪੈਨਸ਼ਨ ਪੀ.ਪੀ.ਓ. ਸਮੇਤ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਦੋਵਾਂ ਆਗੂਆਂ ਨੇ ਪਟਿਆਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ 5 ਸਤੰਬਰ ਨੂੰ ਹੋਣ ਵਾਲੇ ਸੂਬਾ ਪੱਧਰੀ ਰੋਸ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ, ਤਾਂ ਜੋ ਸਰਕਾਰ ਤੱਕ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਮਜ਼ਬੂਤੀ ਨਾਲ ਪਹੁੰਚਾਇਆ ਜਾ ਸਕੇ।

# ਮਾਲਵਾ ਮੇਲ ਨੇ ਜਿੱਤਿਆ ਪੰਜਾਬ ਕੁਈਨਜ਼ ਕੱਪ, ਫ਼ਾਈਨਲ ਵਿੱਚ ਪੁਆਧ ਐਕਸਪ੍ਰੈਸ ਨੂੰ 3 ਵਿਕਟਾਂ ਨਾਲ ਹਰਾਇਆ




**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਮਹਿਲਾ ਕ੍ਰਿਕਟ ਨੂੰ ਹੁਲਾਰਾ ਦੇਣ ਲਈ ਕਰਵਾਏ ਪੰਜਾਬ ਕੁਈਨਜ਼ ਟਵੰਟੀ-20 ਕੱਪ ਦਾ ਇੱਥੋਂ ਦੇ ਧਰੁਵ ਪਾਂਡਵ ਕ੍ਰਿਕਟ ਸਟੇਡੀਅਮ ਵਿਖੇ ਸ਼ਾਨਦਾਰ ਸਮਾਪਨ ਹੋਇਆ। ਚਾਰ ਟੀਮਾਂ ਦੇ ਇਸ ਟੂਰਨਾਮੈਂਟ ਨੂੰ ਮਾਲਵਾ ਨੇ ਜਿੱਤਿਆ। ਫ਼ਾਈਨਲ ਵਿੱਚ ਮਾਲਵਾ ਮੇਲ ਨੇ ਪੁਆਧ ਐਕਸਪ੍ਰੈਸ ਨੂੰ ਤਿੰਨ ਵਿਕਟਾਂ ਨਾਲ ਹਰਾ ਕੇ ਕੱਪ ਜਿੱਤਿਆ। ਟੂਰਨਾਮੈਂਟ ਵਿੱਚ ਦੋ ਹੋਰ ਟੀਮਾਂ ਮਾਝਾ ਬ੍ਰਿਗੇਡ ਤੇ ਦੋਆਬਾ ਟਾਈਟਨਜ਼ ਨੇ ਵੀ ਹਿੱਸਾ ਲਿਆ।

ਅੱਜ ਖੇਡੇ ਗਏ ਫਾਈਨਲ ਮੈਚ ਉਪਰੰਤ ਆਪ ਦੇ ਜਨਰਲ ਸਕੱਤਰ ਅਤੇ ਸਟੇਟ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂੰ ਨੇ ਜੇਤੂ ਖਿਡਾਰਨਾਂ ਨੂੰ ਇਨਾਮਾਂ ਦੀ ਵੰਡ ਕੀਤੀ। ਜੇਤੂ ਟੀਮ ਮਾਲਵਾ ਮੇਲ ਨੂੰ ਕੱਪ ਅਤੇ ਦੋ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟੀਮ ਪੁਆਧ ਐਕਸਪ੍ਰੈਸ ਨੂੰ ਇੱਕ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟਰਾਫੀ ਦਿੱਤੀ।

ਫ਼ਾਈਨਲ ਮੈਚ ਵਿੱਚ ਪੁਆਧ ਐਕਸਪ੍ਰੈਸ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 19.2 ਓਵਰਾਂ ਵਿੱਚ 88 ਦੇ ਸਕੋਰ ਉੱਤੇ ਆਲ ਆਊਟ ਹੋ ਗਈ। ਪੁਆਧ ਟੀਮ ਵੱਲੋਂ ਅੰਕਿਤਾ ਪਾਠਕ ਨੇ 22 ਦੌੜਾਂ ਬਣਾਈਆਂ। ਮਾਲਵਾ ਮੇਲ ਵੱਲੋਂ ਅਲੀਸ਼ਾ ਮਹਿਤਾ ਨੇ ਚਾਰ ਵਿਕਟਾਂ ਲਈਆ। ਮਾਲਵਾ ਮੇਲ ਨੇ 18 ਓਵਰਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ ਉਤੇ 90 ਸਕੋਰ ਬਣਾ ਕੇ ਟੀਚਾ ਪੂਰਾ ਕਰ ਲਿਆ। ਮਾਲਵਾ ਵੱਲੋਂ ਅਵਨੀਤ ਕੌਰ ਸੰਧੂ ਨੇ 34 ਤੇ ਹਰਸਿਮਰਤ ਕੌਰ ਨੇ 28 ਦੌੜਾਂ ਬਣਾਈਆਂ।

ਸਮਾਪਤੀ ਸਮਾਰੋਹ ਮੌਕੇ ਵਿਅਕਤੀਗਤ ਇਨਾਮਾਂ ਦੀ ਵੀ ਵੰਡ ਕੀਤੀ ਗਈ। ਕਨਿਕਾ ਆਹੂਜਾ ਨੇ ਸੱਤ ਮੈਚਾਂ ਵਿੱਚ 287 ਦੌੜਾਂ ਬਣਾਈਆਂ ਅਤੇ ਸਰਵੋਤਮ ਬੱਲੇਬਾਜ਼ ਦਾ ਖਿਤਾਬ ਜਿੱਤਿਆ। ਮੰਨਤ ਕਸ਼ਯਪ ਨੇ ਸੱਤ ਮੈਚਾਂ ਵਿੱਚ 14 ਵਿਕਟਾਂ ਹਾਸਲ ਕੀਤੀਆਂ ਅਤੇ ਸਰਵੋਤਮ ਗੇਂਦਬਾਜ਼ ਦਾ ਖਿਤਾਬ ਜਿੱਤਿਆ। ਅਲਿਸ਼ਾ ਮਹਿਤਾ ਨੂੰ ਪਲੇਅਰ ਆਫ਼ ਦਾ ਫ਼ਾਈਨਲ ਮੈਚ ਐਵਾਰਡ ਦਿੱਤਾ ਗਿਆ।

ਜੇਤੂ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਸ. ਬਲਤੇਜ ਸਿੰਘ ਪੰਨੂੰ ਨੇ ਕਿਹਾ ਕਿ ਅੱਜ ਕੁੜੀਆਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ। ਖੇਡਾਂ ਵਿੱਚ ਕੁੜੀਆਂ ਨੂੰ ਅੱਗੇ ਵਧਣ ਲਈ ਪੰਜਾਬ ਸਰਕਾਰ ਵੱਲੋਂ ਹੋਰ ਮੌਕੇ ਦਿੱਤੇ ਜਾ ਰਹੇ ਹਨ। ਸ. ਪੰਨੂੰ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਇਸ ਟੂਰਨਾਮੈਂਟ ਦੇ ਪ੍ਰਬੰਧਨ ਲਈ ਵਧਾਈ ਦਿੱਤੀ।

ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨਾਲ ਜੁੜੇ ਸਾਬਕਾ ਭਾਰਤੀ ਕ੍ਰਿਕਟਰ ਗੁਰਕੀਰਤ ਸਿੰਘ ਮਾਨ, ਬਰਿੰਦਰ ਸਿੰਘ ਸਰਾਂ ਤੇ ਭੁਪਿੰਦਰ ਸਿੰਘ ਜੂਨੀਅਰ ਵੀ ਹਾਜ਼ਰ ਸਨ।

# ਸੁਖਦੀਪ ਸਿੰਘ ਸੋਨੀ ਸਰਪੰਚ ਦੇ ਮਾਤਾ ਗੁਰਦੇਵ ਕੌਰ ਨਮਿਤ ਅੰਤਿਮ ਅਰਦਾਸ ਅੱਜ

**ਮਾਛੀਵਾੜਾ ਸਾਹਿਬ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਤੋਂ ਉੱਘੇ ਖੇਡ ਪ੍ਰਮੋਟਰ, ਸਮਾਜ ਸੇਵੀ ਯੂਥ ਕਾਂਗਰਸੀ ਆਗੂ ਸੁਖਦੀਪ ਸਿੰਘ ਸੋਨੀ ਸਰਪੰਚ (ਐਸ.ਐਸ.ਪ੍ਰੋਪਰਟੀ ਹੱਬ ਵਾਲੇ )ਅਤੇ ਸੂਬੇਦਾਰ ਸੁਰਿੰਦਰ ਸਿੰਘ ਦੇ ਮਾਤਾ ਗੁਰਦੇਵ ਕੌਰ(ਪਤਨੀ ਸਵ.ਮਸਤ ਰਾਮ ਫੌਜੀ ਬਲਾਕ ਸੰਮਤੀ ਮੈਂਬਰ) ਜੋ ਕੁਝ ਦਿਨ ਬਿਮਾਰ ਰਹਿਣ ਪਿੱਛੋਂ ਸਦੀਵੀ ਵਿਛੋੜਾ ਦੇ ਗਏ ਸਨ , ਉਨ੍ਹਾਂ ਨਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਅੱਜ ਗੁਰਦੁਆਰਾ ਸ਼੍ਰੀ ਚਰਨ ਕੰਵਲ ਸਾਹਿਬ ਦੇ ਦੀਵਾਨ ਹਾਲ ਵਿੱਚ ਦੁਪਹਿਰ 12 ਵਜੇ ਤੋਂ 1:30 ਵਜੇ ਦੌਰਾਨ ਹੋਵੇਗਾ। ਮਾਤਾ ਗੁਰਦੇਵ ਕੌਰ ਜੋ ਨਿਮਰ,ਸਾਊ ਤੇ ਸੰਸਕਾਰੀ ਜੀਵਨ ਬਤੀਤ ਕਰਦਿਆਂ ਆਪਣੇ ਬੱਚਿਆਂ ਨੂੰ ਵੀ ਉੱਚ ਸਿੱਖਿਅਤ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਂਦੇ ਰਹੇ ,ਤੇ ਬੱਚਿਆਂ ਨੂੰ ਜ਼ਿੰਦਗੀ ਵਿੱਚ ਆਪਣੇ ਪੈਰਾਂ ਤੇ ਕਰਨ ਵਿੱਚ ਵੀ ਉਹਨਾਂ ਦਾ ਵੱਡਾ ਯੋਗਦਾਨ ਰਿਹਾ ਹੈ।

ਉਹਨਾਂ ਆਪਣੀ ਜ਼ਿੰਦਗੀ ਵਿੱਚ ਸਾਦਾ ਭੋਜਨ ਅਤੇ ਸਾਦਾ ਜੀਵਨ ਨੂੰ ਤਰਜੀਹ ਦਿੰਦਿਆਂ ਬੱਚਿਆਂ ਨੂੰ ਵੀ ਇਸ ਤਰ੍ਹਾਂ ਦਾ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ।

# ਦੁੱਧ ਦੇ ਨਾਮ 'ਤੇ ਜ਼ਹਿਰ ! ਨਾਭਾ 'ਚ ਨਕਲੀ ਦੁੱਧ ਤੇ ਮਿਲਾਵਟੀ ਪਨੀਰ ਦੀ ਵਿਕਰੀ ਨੇ ਲੋਕਾਂ ਦੀ ਵਧਾਈ ਚਿੰਤਾ

**ਨਾਭਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਦੁੱਧ ਦੀਆਂ ਡੇਅਰੀਆਂ 'ਤੇ ਕਥਿਤ ਤੌਰ 'ਤੇ ਮਿਲਾਵਟੀ ਅਤੇ ਨਕਲੀ ਦੁੱਧ ਦੀ ਵਿਕਰੀ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ। ਦੁੱਧ ਵਰਗੀ ਰੋਜ਼ਾਨਾ ਵਰਤੋਂ ਵਾਲੀ ਜ਼ਰੂਰੀ ਖੁਰਾਕ ਵਿੱਚ ਮਿਲਾਵਟ ਕਰਕੇ ਕੁਝ ਲੋਕ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਹਨ।

ਲੋਕਾਂ ਦਾ ਕਹਿਣਾ ਹੈ ਕਿ ਕਈ ਡੇਅਰੀਆਂ 'ਤੇ ਦੁੱਧ ਦੀ ਗੁਣਵੱਤਾ ਨੂੰ ਲੈ ਕੇ ਸਵਾਲ ਖੜ੍ਹੇ ਹੋ ਰਹੇ ਹਨ। ਦੁੱਧ ਦੀ ਪੂਰੀ ਕੀਮਤ ਵਸੂਲਣ ਦੇ ਬਾਵਜੂਦ ਜੇਕਰ ਖਪਤਕਾਰਾਂ ਨੂੰ ਸ਼ੁੱਧ ਦੁੱਧ ਦੀ ਥਾਂ ਮਿਲਾਵਟੀ ਜਾਂ ਨਕਲੀ ਦੁੱਧ ਦਿੱਤਾ ਜਾ ਰਿਹਾ ਹੈ ਤਾਂ ਇਹ ਬੇਹੱਦ ਗੰਭੀਰ ਮਾਮਲਾ ਹੈ। ਖ਼ਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ 'ਤੇ ਇਸ ਦਾ ਮਾੜਾ ਪ੍ਰਭਾਵ ਪੈ ਸਕਦਾ ਹੈ।

ਤਿਉਹਾਰੀ ਸੀਜ਼ਨ ਦੌਰਾਨ , ਨਾਭਾ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਕੀਤੀ ਗਈ ਛਾਪੇਮਾਰੀ ਨੇ ਵੀ ਦੁੱਧ ਤੋਂ ਬਣੀਆਂ ਵਸਤਾਂ ਵਿੱਚ ਮਿਲਾਵਟ ਦੇ ਮਾਮਲੇ ਨੂੰ ਗੰਭੀਰ ਬਣਾ ਦਿੱਤਾ ਹੈ। ਛਾਪੇਮਾਰੀ ਦੌਰਾਨ ਸੈਂਕੜੇ ਕਿਲੋ ਸ਼ੱਕੀ ਮਿਲਾਵਟੀ ਪਨੀਰ ਜ਼ਬਤ ਕੀਤਾ ਗਿਆ, ਜਿਸ ਦੀ ਜਾਂਚ ਦੌਰਾਨ ਕਥਿਤ ਤੌਰ 'ਤੇ ਅਸਲੀ ਦੁੱਧ ਦੀ ਚਰਬੀ ਦੀ ਬਜਾਏ ਬਾਹਰੀ/ਵਿਦੇਸ਼ੀ ਚਰਬੀ (ਫੈਟ) ਦੀ ਵਰਤੋਂ ਹੋਣ ਦੀ ਗੱਲ ਸਾਹਮਣੇ ਆਈ।

ਇਸ ਤੋਂ ਬਾਅਦ ਲੋਕਾਂ ਨੇ ਸਿਹਤ ਵਿਭਾਗ ਅਤੇ ਸਬੰਧਤ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਨਾਭਾ ਦੀਆਂ ਡੇਅਰੀਆਂ ਅਤੇ ਦੁੱਧ-ਪਨੀਰ ਵੇਚਣ ਵਾਲੀਆਂ ਦੁਕਾਨਾਂ ਦੀ ਲਗਾਤਾਰ ਜਾਂਚ ਕੀਤੀ ਜਾਵੇ। ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤਾਂ ਦੇ ਸੈਂਪਲ ਭਰ ਕੇ ਉਨ੍ਹਾਂ ਦੀ ਲੈਬਾਰਟਰੀ ਜਾਂਚ ਕਰਵਾਈ ਜਾਵੇ ਅਤੇ ਜੇਕਰ ਕਿਸੇ ਥਾਂ ਮਿਲਾਵਟ ਦੀ ਪੁਸ਼ਟੀ ਹੁੰਦੀ ਹੈ ਤਾਂ ਸਬੰਧਤ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਲੋਕਾਂ ਦਾ ਕਹਿਣਾ ਹੈ ਕਿ ਤਿਉਹਾਰਾਂ ਦੇ ਦਿਨਾਂ ਵਿੱਚ ਹੀ ਨਹੀਂ, ਸਗੋਂ ਸਾਰਾ ਸਾਲ ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤਾਂ ਦੀ ਗੁਣਵੱਤਾ ਦੀ ਜਾਂਚ ਹੋਣੀ ਚਾਹੀਦੀ ਹੈ। ਲੋਕਾਂ ਦੀ ਮੰਗ ਹੈ ਕਿ ਮਿਲਾਵਟਖੋਰਾਂ 'ਤੇ ਨਕੇਲ ਕੱਸੀ ਜਾਵੇ ਅਤੇ ਲੋਕਾਂ ਨੂੰ ਸ਼ੁੱਧ ਦੁੱਧ ਤੇ ਦੁੱਧ ਤੋਂ ਬਣੀਆਂ ਵਸਤਾਂ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ।

# ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਵੱਲੋਂ ਕੌਮੀ ਖੇਡ ਦਿਵਸ ਮਨਾਇਆ



**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਦੇ ਤਾਲਮੇਲ ਨਾਲ,ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਜਸਪਾਲ ਸਿੰਘ ਮੰਡੋਰ ਅਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਸਹਿਯੋਗ ਨਾਲ ਪੋਲੋ ਗਰਾਊਂਡ ਪਟਿਆਲਾ ਵਿਖੇ ਮੇਜਰ ਧਿਆਨ ਚੰਦ ਜੀ ਨੂੰ ਯਾਦ ਕਰਦਿਆਂ ਕੌਮੀ ਖੇਡ ਦਿਵਸ ਮਨਾਇਆ ਤੇ ਖਿਡਾਰੀਆਂ ਨੂੰ ਲੱਡੂ ਵੀ ਵੰਡੇ ਗਏ।ਇਸ ਮੌਕੇ ਤੇ ਪ੍ਰਿੰਸੀਪਲ ਰਾਜ ਕੁਮਾਰ, ਅਮਨਿੰਦਰ ਸਿੰਘ ਬਾਬਾ ਜੋਨ ਸਕੱਤਰ ਪਟਿ-1,ਬਲਵਿੰਦਰ ਸਿੰਘ ਜੱਸਲ ਜੋਨ ਸਕੱਤਰ ਪਟਿ-2,ਸ਼ਸ਼ੀ ਮਾਨ ਜੋਨ ਸਕੱਤਰ ਪਟਿ-3,ਡਾ ਰਜਿੰਦਰ ਸਿੰਘ ਸੈਣੀ ਜੋਨ ਸਕੱਤਰ ਰਾਜਪੁਰਾ,ਗੁਰਪ੍ਰੀਤ ਸਿੰਘ ਟਿਵਾਣਾ ਜੋਨ ਸਕੱਤਰ ਭਾਦਸੋਂ, ਰਾਜ ਕੁਮਾਰ,ਬਲਕਾਰ ਸਿੰਘ ਹਰਜੀਤ ਸਿੰਘ,ਸੰਗੀਤ ਪਾਲ ਸਿੰਘ ਭੁੱਲਰ,ਮੱਖਣ ਸਿੰਘ, ਰਾਕੇਸ਼ ਕੁਮਾਰ, ਗੁਰਮੁਖ ਸਿੰਘ, ਮਨਜਿੰਦਰ ਸਿੰਘ,ਡਾਟਾ ਐਂਟਰੀ ਆਪਰੇਟਰ ਗੁਰਪ੍ਰੀਤ ਸਿੰਘ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਪੀ.ਏ.ਯੂ.-ਕੇ.ਵੀ.ਕੇ., ਸੰਗਰੂਰ ਵੱਲੋਂ ਪਿੰਡ ਖੇਤਲਾ ਵਿਖੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਪੰਜ-ਰੋਜ਼ਾ ਸਿਖਲਾਈ

**ਸੁਨਾਮ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.), ਸੰਗਰੂਰ ਵੱਲੋਂ ਪਿੰਡ ਖੇਤਲਾ, ਬਲਾਕ ਸੁਨਾਮ, ਜ਼ਿਲ੍ਹਾ ਸੰਗਰੂਰ ਦੇ ਕਿਸਾਨਾਂ ਲਈ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਬਾਰੇ ਪੰਜ-ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਸ ਸਿਖਲਾਈ ਪ੍ਰੋਗਰਾਮ ਵਿੱਚ ਪਿੰਡ ਦੇ ਕੁੱਲ 25 ਕਿਸਾਨਾਂ ਨੇ ਭਾਗ ਲਿਆ।

ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕੇ.ਵੀ.ਕੇ., ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਪ੍ਰਬੰਧਨ ਕਰਨ ਵਾਲੀਆਂ ਤਕਨੀਕਾਂ ਅਪਨਾਉਣ ਲਈ ਪ੍ਰੇਰਿਤ ਕੀਤਾ ਅਤੇ ਵਾਤਾਵਰਨ ਦੀ ਸੰਭਾਲ ਅਤੇ ਜ਼ਮੀਨ ਦੀ ਸਿਹਤ ਦੇ ਮੱਦੇਨਜ਼ਰ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਨੂੰ ਤਿਆਗਣ ਦੀ ਅਪੀਲ ਕੀਤੀ। ਉਨ੍ਹਾਂ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਉਣ ਦੇ ਫਾਇਦਿਆਂ ਬਾਰੇ ਚਾਨਣਾ ਪਾਇਆ।

# ਸੜਕ ਹਾਦਸਿਆਂ ਨੂੰ ਰੋਕਣ ਲਈ ਸੰਗਰੂਰ ਟਰੈਫਿਕ ਪੁਲਿਸ ਵੱਲੋਂ ਬਰਨਾਲਾ ਰੋਡ 'ਤੇ ਓਵਰ-ਸਪੀਡ ਵਾਹਨਾਂ ਦੇ ਕੱਟੇ ਚਲਾਨ

**ਸੰਗਰੂਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਸੜਕ ਹਾਦਸਿਆਂ ਨੂੰ ਰੋਕਣ, ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਆਮ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਸੰਗਰੂਰ ਟਰੈਫਿਕ ਪੁਲਿਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ। ਟਰੈਫਿਕ ਇੰਚਾਰਜ ਐਸ.ਆਈ. ਪਵਨ ਕੁਮਾਰ ਦੀ ਅਗਵਾਈ ਹੇਠ ਬਰਨਾਲਾ ਰੋਡ 'ਤੇ ਸਥਿਤ ਕੁਨਰਾਂ ਪੁਆਇੰਟ ਵਿਖੇ ਵਿਸ਼ੇਸ਼ ਨਾਕੇਬੰਦੀ ਕਰਕੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ।

ਇਸ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਪੁਲਿਸ ਟੀਮ ਵੱਲੋਂ ਖ਼ਾਸ ਤੌਰ 'ਤੇ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣ ਵਾਲੇ ਚਾਲਕਾਂ 'ਤੇ ਨਜ਼ਰ ਰੱਖੀ ਗਈ। ਜਾਂਚ ਦੌਰਾਨ ਨਿਰਧਾਰਤ ਗਤੀ ਸੀਮਾ ਤੋਂ ਵੱਧ ਰਫ਼ਤਾਰ ਨਾਲ ਵਾਹਨ ਚਲਾਉਣ ਵਾਲੇ ਕਰੀਬ 30 ਵਾਹਨ ਚਾਲਕਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ। ਟਰੈਫਿਕ ਪੁਲਿਸ ਵੱਲੋਂ ਵਾਹਨ ਚਾਲਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਸੜਕ 'ਤੇ ਵਾਹਨ ਚਲਾਉਂਦੇ ਸਮੇਂ ਲਾਪਰਵਾਹੀ ਤੋਂ ਬਚਣ ਲਈ ਵੀ ਜਾਗਰੂਕ ਕੀਤਾ ਗਿਆ।

ਟਰੈਫਿਕ ਪੁਲਿਸ ਅਨੁਸਾਰ ਤੇਜ਼ ਰਫ਼ਤਾਰ ਸੜਕ ਹਾਦਸਿਆਂ ਦਾ ਇੱਕ ਪ੍ਰਮੁੱਖ ਕਾਰਨ ਹੈ। ਓਵਰ-ਸਪੀਡਿੰਗ ਕਾਰਨ ਵਾਹਨ 'ਤੇ ਕੰਟਰੋਲ ਘਟਣ ਦੇ ਨਾਲ-ਨਾਲ ਹਾਦਸੇ ਦੀ ਸਥਿਤੀ ਵਿੱਚ ਜਾਨੀ ਨੁਕਸਾਨ ਦਾ ਖ਼ਤਰਾ ਵੀ ਕਾਫ਼ੀ ਵੱਧ ਜਾਂਦਾ ਹੈ।

ਇਸ ਲਈ ਵਾਹਨ ਚਾਲਕਾਂ ਨੂੰ ਆਪਣੀ ਮੰਜ਼ਿਲ 'ਤੇ ਜਲਦੀ ਪਹੁੰਚਣ ਨਾਲੋਂ ਆਪਣੀ ਅਤੇ ਸੜਕ 'ਤੇ ਚੱਲ ਰਹੇ ਹੋਰ ਲੋਕਾਂ ਦੀ ਸੁਰੱਖਿਆ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਇਸ ਮੌਕੇ ਟਰੈਫਿਕ ਇੰਚਾਰਜ ਪਵਨ ਕੁਮਾਰ ਨੇ ਕਿਹਾ ਕਿ ਟਰੈਫਿਕ ਨਿਯਮ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਲਈ ਬਣਾਏ ਗਏ ਹਨ ਅਤੇ ਇਨ੍ਹਾਂ ਦੀ ਪਾਲਣਾ ਕਰਨਾ ਹਰ ਵਾਹਨ ਚਾਲਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣਾ ਨਾ ਸਿਰਫ਼ ਚਾਲਕ ਲਈ, ਸਗੋਂ ਹੋਰ ਲੋਕਾਂ ਲਈ ਵੀ ਗੰਭੀਰ ਖ਼ਤਰਾ ਪੈਦਾ ਕਰ ਸਕਦਾ ਹੈ।

# ਮਾਲੇਰਕੋਟਲਾ ਵਿੱਚ 7 ਸਤੰਬਰ ਤੋਂ ਸ਼ੁਰੂ ਹੋਣਗੀਆਂ ਬਲਾਕ ਪੱਧਰੀ ਖੇਡਾਂ, 20 ਸਤੰਬਰ ਤੋਂ ਹੋਣਗੇ ਜ਼ਿਲ੍ਹਾ ਪੱਧਰੀ ਮੁਕਾਬਲੇ

**ਮਲੇਰਕੋਟਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਮਾਲੇਰਕੋਟਲਾ ਵਿੱਚ 7 ਸਤੰਬਰ 2026 ਤੋਂ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾਣਗੇ। ਖੇਡ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਅਗਵਾਈ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਰਚੁਅਲ ਮੀਟਿੰਗ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 15 ਸਤੰਬਰ ਤੱਕ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ ਅਤੇ ਫੁੱਟਬਾਲ ਦੇ ਮੁਕਾਬਲੇ ਹੋਣਗੇ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ। ਇਨ੍ਹਾਂ ਮੁਕਾਬਲਿਆਂ ਦੌਰਾਨ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ, ਫੁੱਟਬਾਲ, ਬਾਕਸਿੰਗ, ਜਿਮਨਾਸਟਿਕ, ਟੈਨਿਸ, ਟੇਬਲ ਟੈਨਿਸ, ਬੈਡਮਿੰਟਨ, ਜੂਡੋ ਅਤੇ ਰੈਸਲਿੰਗ ਸਮੇਤ ਕੁੱਲ 28 ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ

ਉਨ੍ਹਾਂ ਦੱਸਿਆ ਕਿ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਭਾਗ ਲੈ ਸਕਦੇ ਹਨ। ਖਿਡਾਰੀਆਂ ਵੱਲੋਂ ਵਿਭਾਗ ਦੇ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ ਅਤੇ ਖੇਡਾਂ ਦੌਰਾਨ ਮੌਕੇ 'ਤੇ ਵੀ ਰਜਿਸਟ੍ਰੇਸ਼ਨ ਦੀ ਸਹੂਲਤ ਉਪਲਬਧ ਹੋਵੇਗੀ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਦੇਣ ਅਤੇ ਖੇਡਾਂ ਰਾਹੀਂ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ, ਖਿਡਾਰੀਆਂ, ਖੇਡ ਸੰਸਥਾਵਾਂ ਅਤੇ ਕੋਚਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਖਿਡਾਰੀਆਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ। ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਖੇਡ ਮੁਕਾਬਲਿਆਂ ਦੌਰਾਨ ਖਿਡਾਰੀਆਂ ਅਤੇ ਦਰਸ਼ਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਆਵਾਜਾਈ, ਸੁਰੱਖਿਆ ਅਤੇ ਅਨੁਸ਼ਾਸਨ ਸਬੰਧੀ ਢੁਕਵੇਂ ਪ੍ਰਬੰਧ ਕੀਤੇ ਜਾਣਗੇ, ਤਾਂ ਜੋ ਖਿਡਾਰੀ ਬਿਨਾਂ ਕਿਸੇ ਚਿੰਤਾ ਦੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣ।

ਡਿਪਟੀ ਕਮਿਸ਼ਨਰ ਨੇ ਆਸ ਪ੍ਰਗਟਾਈ ਕਿ ਜ਼ਿਲ੍ਹਾ ਮਾਲੇਰਕੋਟਲਾ ਦੇ ਖਿਡਾਰੀ 'ਖੇਡਾਂ ਵਤਨ ਪੰਜਾਬ ਦੀਆਂ-2026' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨਗੇ।

ਇਸ ਵਰਚੂਅਲ ਮੀਟਿੰਗ ਚ, ਐਕਸ਼ੀਅਨ ਪੀ.ਐਸ..ਪੀ.ਸੀ.ਐਲ. ਇੰਜ ਹਰਵਿੰਦਰ ਸਿੰਘ, ਕਾਰਜ ਸਾਧਕ ਅਫਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਂ, ਸੀ.ਡੀ.ਪੀ.ਓ ਪਵਨ ਕੁਮਾਰ, ਜ਼ਿਲਾ ਖੇਡ ਅਫਸਰ ਕੁਲਦੀਪ ਚੁੱਘ ਤੋਂ ਇਲਾਵਾ ਵੱਖ ਵੱਖ ਸਬੰਧਤ ਵਿਭਾਗਾ ਦੇ ਅਧਿਕਾਰੀ ਵੀ ਮੌਜੂਦ ਸਨ।

# ਨਾਭਾ ਬਲਾਕ ਦੇ ਪਿੰਡ ਕਮੇਲੀ ਅਤੇ ਬਿਸ਼ਨਗੜ੍ਹ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਨਾਭਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਕਮੇਲੀ ਅਤੇ ਬਿਸ਼ਨਗੜ੍ਹ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਝਾੜ ਸਾਹਿਬ ਕਾਲਜ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੀ ਗਈ ਸਮੂਹਿਕ ਅਰਦਾਸ

**ਮਾਛੀਵਾੜਾ ਸਾਹਿਬ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਣਯੋਗ ਪ੍ਰਧਾਨ ਐਡਵੋਕੇਟ ਸ.ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਸਮੂਹ ਇਤਿਹਾਸਕ ਗੁਰਦੁਆਰਾ ਸਾਹਿਬਾਨ ਅਤੇ ਵਿੱਦਿਅਕ ਸੰਸਥਾਵਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਸਮੂਹਿਕ ਅਰਦਾਸ ਕਰਨ ਲਈ ਅੱਜ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ। ਇਸ ਤਹਿਤ ਸਮੂਹ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ ਅਤੇ ਵਿੱਦਿਅਕ ਅਦਾਰਿਆਂ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਕੇ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਲਈ ਗੁਰੂ ਸਾਹਿਬ ਦੇ ਸਨਮੁੱਖ ਅਰਦਾਸ ਬੇਨਤੀ ਕੀਤੀ ਗਈ । ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਵੀ ਵਿਸ਼ਵ ਭਰ ਦੀ ਸੰਗਤ ਨੂੰ ਅਪੀਲ ਕੀਤੀ ਗਈ ਕਿ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸਮੂਹ ਸਿੱਖ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਅਰਦਾਸ ਕਰਨ ।

ਇਸੇ ਭਾਵਨਾ ਨੂੰ ਮੁੱਖ ਰੱਖਦੇ ਹੋਏ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੀਆਂ ਵਿਦਿਆਰਥਣਾਂ ਅਤੇ ਸਮੂਹ ਸਟਾਫ਼ ਵੱਲੋਂ ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਸੰਗਤੀ ਰੂਪ ਵਿੱਚ ਮਿਲ ਕੇ ਲੰਮੇਂ ਸਮੇਂ ਤੋਂ ਜੇਲਾਂ ਵਿੱਚ ਬੰਦ ਅਤੇ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਨ ਉਪਰੰਤ ਅਰਦਾਸ ਕੀਤੀ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਕਿਹਾ ਕਿ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਕੀਤੇ ਸਿੱਖਾਂ ਨੂੰ ਸਰਕਾਰਾਂ ਵੱਲੋਂ ਰਿਹਾਅ ਨਾ ਕਰਕੇ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਇਸ ਮਸਲੇ ਨੂੰ ਸਿਆਸੀ ਨਜ਼ਰੀਏ ਦੀ ਬਜਾਇ ਕੌਮੀ ਭਾਵਨਾਵਾਂ ਅਨੁਸਾਰ ਦੇਖਦਿਆਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਲਈ ਸੁਹਿਰਦ ਯਤਨ ਕਰਨੇ ਚਾਹੀਦੇ ਹਨ। ਵਰਨਣਯੋਗ ਹੈ ਕਿ ਬੰਦੀ ਸਿੰਘ ਸਜਾਵਾਂ ਭੁਗਤਣ ਦੇ ਬਾਵਜੂਦ ਵੀ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਹਨ। ਉਨ੍ਹਾਂ ਦੀ ਰਿਹਾਈ ਦਾ ਮਾਮਲਾ ਮਨੁੱਖੀ ਅਧਿਕਾਰਾਂ ਅਤੇ ਨਿਆਂ ਨਾਲ ਜੁੜਿਆ ਹੋਇਆ ਹੈ। ਸਮੁੱਚੀ ਸਿੱਖ ਕੌਮ ਕਾਫੀ ਲੰਮੇਂ ਸਮੇਂ ਤੋਂ ਇਨ੍ਹਾਂ ਸਿੱਖਾਂ ਦੀ ਰਿਹਾਈ ਦੀ ਮੰਗ ਕਰ ਰਹੀ ਹੈ ਪਰ ਇਸ ਮਸਲੇ ਨੂੰ ਲੈ ਕੇ ਸਰਕਾਰਾਂ ਦੀ ਸੋਚ ਅਤੇ ਯਤਨ ਹਮੇਸ਼ਾਂ ਨਾਕਾਰਾਤਮਕ ਹੀ ਰਹੇ ਹਨ। ਸਿੱਖ ਹਰ ਮੁਸ਼ਕਿਲ ਦੀ ਘੜੀ ਵਿੱਚ ਸ਼ਬਦ ਗੁਰੂ ਦਾ ਆਸਰਾ ਤੱਕਦਾ ਹੈ ਅਤੇ ਅਰਦਾਸ ਬੇਨਤੀ ਨੂੰ ਪ੍ਰਮੁੱਖਤਾ ਦਿੰਦਾ ਹੈ। ਇਸ ਲਈ ਅੱਜ ਵੀ ਬੰਦੀ ਸਿੰਘਾਂ ਦੇ ਮਾਮਲੇ ਨੂੰ ਲੈ ਕੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਕਾਲਜ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਬੇਨਤੀ ਕੀਤੀ ਗਈ ਤਾਂ ਜੋ ਬੰਦੀ ਸਿੰਘ ਆਪਣੇ ਪਰਿਵਾਰਾਂ ਵਿੱਚ ਮੁੜ ਵਾਪਸ ਆ ਸਕਣ। ਕਾਲਜ ਦੀ ਲੋਕਲ ਮੈਨੇਜਿੰਗ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਨੇ ਇਸ ਉਪਰਾਲੇ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਸਾਰਥਕ ਯਤਨ ਦੱਸਿਆ। ਇਸ ਮੌਕੇ ਗੁਰਦੁਆਰਾ ਸ੍ਰੀ ਝਾੜ ਸਾਹਿਬ ਦੇ ਇੰਚਾਰਜ ਗੁਰਜੀਤ ਸਿੰਘ, ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਮੁਲਾਜ਼ਮ ਹਾਜ਼ਰ ਸਨ।

# ਮਿਸ਼ਨ ਕਲੀਨ ਪੰਜਾਬ' ਤਹਿਤ ਮਾਲੇਰਕੋਟਲਾ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ

**ਮਲੇਰਕੋਟਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਕੂੜਾ-ਮੁਕਤ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਅੱਜ ਮਾਲੇਰਕੋਟਲਾ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਹ ਵਿਸ਼ੇਸ਼ ਸਫ਼ਾਈ ਮੁਹਿੰਮ 31 ਅਗਸਤ ਤੋਂ 8 ਸਤੰਬਰ ਤੱਕ ਜਾਰੀ ਰਹੇਗੀ। ਇਸ ਮੌਕੇ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਖੁਦ ਸਫ਼ਾਈ ਮੁਹਿੰਮ ਵਿੱਚ ਸ਼ਾਮਲ ਹੋ ਕੇ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਹੋਣ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ, ਐਸ.ਐਸ.ਪੀ. ਗੁਰਮੀਤ ਸਿੰਘ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ, ਕੌਂਸਲਰਾਂ, ਸਾਬਕਾ ਕੌਂਸਲਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਬਣਾਉਣ ਲਈ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਮਿਸ਼ਨ ਕਲੀਨ ਪੰਜਾਬ' ਸਿਰਫ਼ ਸਫ਼ਾਈ ਮੁਹਿੰਮ ਨਹੀਂ, ਸਗੋਂ ਲੋਕਾਂ ਵਿੱਚ ਸਵੱਛਤਾ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ 31 ਅਗਸਤ ਤੋਂ 8 ਸਤੰਬਰ ਤੱਕ ਚੱਲਣ ਵਾਲੀ ਇਹ ਮੁਹਿੰਮ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਵੱਛਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਕਿਸੇ ਵੀ ਸ਼ਹਿਰ ਦੀ ਖੂਬਸੂਰਤੀ ਸਿਰਫ ਵਿਕਾਸ ਕਾਰਜਾਂ, ਸੜਕਾਂ ਅਤੇ ਇਮਾਰਤਾਂ ਨਾਲ ਨਹੀਂ, ਬਲਕਿ ਸਾਫ਼-ਸੁਥਰੇ ਵਾਤਾਵਰਨ ਨਾਲ ਵੀ ਮਾਪੀ ਜਾਂਦੀ ਹੈ। ਇਸ ਲਈ ਹਰ ਨਾਗਰਿਕ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

ਵਿਧਾਇਕ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਦੁਕਾਨਾਂ ਅਤੇ ਕਾਰੋਬਾਰੀ ਅਦਾਰਿਆਂ ਦੇ ਨਾਲ-ਨਾਲ ਆਲੇ-ਦੁਆਲੇ ਦੇ ਖੇਤਰਾਂ ਨੂੰ ਵੀ ਸਾਫ਼ ਰੱਖਣ। ਕੂੜਾ ਸੜਕਾਂ, ਗਲੀਆਂ ਜਾਂ ਜਨਤਕ ਥਾਵਾਂ 'ਤੇ ਸੁੱਟਣ ਦੀ ਬਜਾਏ ਨਿਰਧਾਰਤ ਸਥਾਨਾਂ 'ਤੇ ਪਾਇਆ ਜਾਵੇ ਅਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਿਆ ਜਾਵੇ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 31 ਅਗਸਤ ਤੋਂ 8 ਸਤੰਬਰ ਤੱਕ ਵਿਸ਼ੇਸ਼ ਸਫ਼ਾਈ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਸਬੰਧਤ ਵਿਭਾਗਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬਾਜ਼ਾਰਾਂ, ਮੁੱਖ ਸੜਕਾਂ, ਗਲੀਆਂ ਅਤੇ ਜਨਤਕ ਥਾਵਾਂ ਦੀ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਵੀ ਇਸ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਦੀ ਅਪੀਲ ਕੀਤੀ।

ਐਸ.ਐਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਸਾਫ਼-ਸੁਥਰਾ ਅਤੇ ਸੁੰਦਰ ਮਾਲੇਰਕੋਟਲਾ ਬਣਾਉਣ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਲੋਕਾਂ ਨੂੰ ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ ਅਤੇ ਸਫ਼ਾਈ ਕਰਮਚਾਰੀਆਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਕੌਂਸਲਰਾਂ, ਸਾਬਕਾ ਕੌਂਸਲਰਾਂ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸ਼ਹਿਰ ਵਾਸੀਆਂ ਨੇ ਸਫ਼ਾਈ ਮੁਹਿੰਮ ਵਿੱਚ ਸਰਗਰਮ ਸ਼ਮੂਲੀਅਤ ਕੀਤੀ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਸਰਕਾਰ ਦੀ ਪਹਿਲਕਦਮੀ ਅਤੇ ਲੋਕਾਂ ਦੀ ਸਾਂਝੀ ਭਾਗੀਦਾਰੀ ਨਾਲ ਮਾਲੇਰਕੋਟਲਾ ਨੂੰ ਹੋਰ ਸਾਫ਼, ਸੁੰਦਰ ਅਤੇ ਸੁਚੱਜਾ ਸ਼ਹਿਰ ਬਣਾਇਆ ਜਾ ਸਕਦਾ ਹੈ।

ਇਸ ਮੌਕੇ ਕਾਰਜ ਸਾਧਕ ਅਫਸਰ ਨਗਰ ਕੌਂਸਲ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਚੇਅਰਮੈਨ ਬਲਾਕ ਸੰਮਤੀ ਸੰਤੋਖ ਸਿੰਘ, ਪ੍ਰਧਾਨ ਨਗਰ ਕੌਂਸਲ ਅਖਤਰੀ ਖਾਤੂਨ, ਏ.ਕੇ.ਵਾਈ. ਮੁਨਿਸ ਰਹਿਮਾਨ, ਬਲਾਕ ਪ੍ਰਧਾਨ ਅਸਲਮ ਭੱਟੀ, ਚਰਨਜੀਤ ਸਿੰਘ ਚੀਮਾਂ, ਐਮ.ਸੀ.ਮੁਨਸੀ ਫਾਰੂਕ, ਕੌਂਸਲਰ ਅਕਬਰ, ਹਾਜੀ ਨੂਰਦੀਨ, ਮੁਹੰਮਦ ਹਨੀਫ, ਅਜਹਰ ਮੁਨੀਮ, ਅਸ਼ਰਫ ਮੋਟਾ, ਮੁਹੰਮਦ ਜਮੀਲ ਦਾਰਾ, ਅਲੀ ਰਜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਮੌਜੂਦ ਸਨ ।

# ਕਿਸਾਨਾਂ ਨੂੰ ਮਾਰਨ ਵਾਲੀ ਭਾਜਪਾ ਨਾਲ ਹੱਥ ਮਿਲਾਉਣ ਲਈ ਅਕਾਲੀ ਦਲ ਉਤਸੁਕ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ ਪੰਜਾਬ ਆਪਣੇ ਹੱਕਾਂ ਲਈ ਲੜ ਰਹੇ 750 ਕਿਸਾਨਾਂ ਨੂੰ ਮਾਰਨ ਲਈ ਭਾਜਪਾ ਨੂੰ ਕਦੇ ਮੁਆਫ਼ ਨਹੀਂ ਕਰੇਗਾ ➢ ਅਕਾਲੀਆਂ ਅਤੇ ਕਾਂਗਰਸ ਦਾ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ, ਉਹ ਸਿਰਫ਼ ਸੱਤਾ ਦੀ ਭੁੱਖ ਨਾਲ ਪ੍ਰੇਰਿਤ ਹਨ ➢ ਪਹਿਲਾਂ, 'ਚੋਰਾਂ ਦੀ ਸਰਕਾਰ' ਹੁੰਦੀ ਸੀ ਜਿੱਥੇ ਕੋਈ ਕੰਮ ਨਹੀਂ ਹੁੰਦਾ ਸੀ; ਅੱਜ, 'ਇਮਾਨਦਾਰ ਸਰਕਾਰ' ਹੈ ਅਤੇ ਸਾਰਾ ਕੰਮ ਹੋ ਰਿਹਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

**ਕਰਤਾਰਪੁਰ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਭਾਜਪਾ ਨਾਲ ਹੱਥ ਮਿਲਾਉਣ ਦੀ ਉਤਸੁਕਤਾ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪੰਜਾਬ ਦੇ ਲੋਕ ਕਿਸਾਨ ਸੰਘਰਸ਼ ਦੌਰਾਨ 750 ਕਿਸਾਨਾਂ ਦੀਆਂ ਮੌਤਾਂ ਲਈ ਭਗਵਾ ਪਾਰਟੀ ਨੂੰ ਕਦੇ ਵੀ ਮੁਆਫ ਨਹੀਂ ਕਰਨਗੇ। ਕਰਤਾਰਪੁਰ ਦੇ ਪਿੰਡ ਕਾਹਲਵਾਂ ਵਿਖੇ ਲੋਕ ਮਿਲਣੀ ਦੌਰਾਨ, ਉਨ੍ਹਾਂ ਕਿਹਾ ਕਿ ਅਕਾਲੀਆਂ ਅਤੇ ਕਾਂਗਰਸ ਦਾ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ ਅਤੇ ਉਹ ਸਿਰਫ਼ ਸੱਤਾ ਦੀ ਭੁੱਖ ਨਾਲ ਪ੍ਰੇਰਿਤ ਹਨ, ਜਦੋਂ ਕਿ ਉਨ੍ਹਾਂ ਦੀ ਸਰਕਾਰ ਨੇ ਕਿਹਾ ਕਿ ਇਮਾਨਦਾਰ ਅਤੇ ਲੋਕ-ਕੇਂਦ੍ਰਿਤ ਪ੍ਰਸ਼ਾਸਨ ਰਾਹੀਂ ਲੋਕਾਂ ਨੂੰ ਠੋਸ ਲਾਭ ਪਹੁੰਚਾਏ ਹਨ। 90% ਘਰਾਂ ਲਈ ਜ਼ੀਰੋ ਬਿਜਲੀ ਬਿੱਲ, ਕਿਸਾਨਾਂ ਲਈ ਦਿਨ ਵੇਲੇ ਨਹਿਰੀ ਪਾਣੀ ਅਤੇ ਰਿਸ਼ਵਤ ਜਾਂ ਸਿਫਾਰਸ਼ਾਂ ਤੋਂ ਬਿਨਾਂ ਦਿੱਤੀਆਂ ਗਈਆਂ 70,840 ਸਰਕਾਰੀ ਨੌਕਰੀਆਂ ਵੱਲ ਇਸ਼ਾਰਾ ਕਰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਪਹਿਲਾਂ ਵਾਲੀ ਚੋਰਾਂ ਦੀ ਸਰਕਾਰ ਅਤੇ ਮੌਜੂਦਾ ਇਮਾਨਦਾਰ ਸਰਕਾਰ ਵਿੱਚ ਅੰਤਰ ਸਪਸ਼ਟ ਤੌਰ 'ਤੇ ਦੇਖ ਸਕਦੇ ਹਨ। ਉਨ੍ਹਾਂ ਨੇ ਸੂਬੇ ਭਰ ਵਿੱਚ ਨਸ਼ੇ ਫੈਲਾਉਣ ਵਾਲੇ ਅਕਾਲੀਆਂ 'ਤੇ ਵੀ ਵਰ੍ਹਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਸ਼ਿਆਂ ਦੇ ਖ਼ਤਰੇ ਨੂੰ ਕਾਬੂ ਵਿੱਚ ਲਿਆ ਰਹੀ ਹੈ।

ਲੋਕ ਮਿਲਣੀ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ✓ 'ਤੇ ਕਿਹਾ: ਅੱਜ, ਕਰਤਾਰਪੁਰ ਦੇ ਪਿੰਡ ਕਾਹਲਵਾਂ ਵਿਖੇ ਲੋਕਾਂ ਦੇ ਭਾਰੀ ਇਕੱਠ ਅਤੇ ਅਥਾਹ ਪਿਆਰ ਨੂੰ ਦੇਖ ਕੇ ਮੇਰਾ ਦਿਲ ਖੁਸ਼ੀ ਨਾਲ ਭਰ ਗਿਆ। ਤੁਹਾਡਾ ਉਤਸ਼ਾਹ ਮੈਨੂੰ ਹੋਰ ਵੀ ਤਾਕਤ ਦਿੰਦਾ ਹੈ। ਸਾਡੀ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਲੋਕ-ਕੇਂਦ੍ਰਿਤ ਫੈਸਲੇ ਲੈਣੇ ਸ਼ੁਰੂ ਕਰ ਦਿੱਤੇ ਸਨ। 90% ਘਰਾਂ ਲਈ ਬਿਜਲੀ ਦੇ ਬਿੱਲ ਹੁਣ ਜ਼ੀਰੋ ਹਨ, ਕਿਸਾਨਾਂ ਨੂੰ ਦਿਨ ਵੇਲੇ ਨਹਿਰੀ ਪਾਣੀ ਮਿਲ ਰਿਹਾ ਹੈ, ਅਤੇ 70,840 ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਦੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।

ਲੋਕ ਮਿਲਣੀ ਦੌਰਾਨ ਇੱਕ ਵੱਡੀ ਭੀੜ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਜਿੱਥੇ ਵੀ ਜਾਂਦਾ ਹਾਂ, ਲੋਕ ਮੈਨੂੰ ਬਹੁਤ ਪਿਆਰ ਦਿੰਦੇ ਹਨ, ਜਦੋਂ ਕਿ ਉਹ ਕਾਂਗਰਸ ਅਤੇ ਅਕਾਲੀਆਂ ਨਾਲ ਹੱਥ ਮਿਲਾਉਣ ਤੋਂ ਵੀ ਝਿਜਕਦੇ ਹਨ। ਮੈਂ ਰਾਜਨੀਤੀ ਵਿੱਚ ਪੈਸਾ ਕਮਾਉਣ ਲਈ ਨਹੀਂ ਆਇਆ; ਮੈਂ ਲੋਕਾਂ ਦੀ ਸੇਵਾ ਕਰਨ ਆਇਆ ਹਾਂ। ਮੈਂ ਆਪਣੀ ਪ੍ਰਸਿੱਧੀ ਪੰਜਾਬ ਅਤੇ ਇਸਦੇ ਲੋਕਾਂ ਦੀ ਸੇਵਾ ਲਈ ਛੱਡ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਆਈਆਂ ਸਰਕਾਰਾਂ ਨੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਦਿੱਤਾ ਹੈ, ਜੋ ਕਿ ਇੱਕ ਕਾਰਨ ਸੀ ਜਿਸਨੇ ਉਨ੍ਹਾਂ ਨੂੰ ਰਾਜਨੀਤੀ ਵਿੱਚ ਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2022 ਵਿੱਚ 'ਆਪ' ਨੂੰ ਇਤਿਹਾਸਕ ਫਤਵਾ ਦਿੱਤਾ, ਪ੍ਰਕਾਸ਼ ਸਿੰਘ ਬਾਦਲ, ਚਰਨਜੀਤ ਸਿੰਘ ਚੰਨੀ, ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਸਮੇਤ ਕਈ ਰਾਜਨੀਤਿਕ ਦਿੱਗਜਾਂ ਨੂੰ ਉਨ੍ਹਾਂ ਦੇ ਰਵਾਇਤੀ ਗੜ੍ਹਾਂ ਤੋਂ ਵੀ ਹਰਾਇਆ। ਪੰਜਾਬ ਦੇ ਲੋਕਾਂ ਨੇ ਆਪਣੀ ਸ਼ਕਤੀ ਦੀ ਵਰਤੋਂ ਉਨ੍ਹਾਂ ਲੋਕਾਂ ਨੂੰ ਹਰਾਉਣ ਲਈ ਕੀਤੀ ਜਿਨ੍ਹਾਂ ਨੇ ਉਨ੍ਹਾਂ ਦੇ ਹਿੱਤਾਂ ਦੇ ਵਿਰੁੱਧ ਕੰਮ ਕੀਤਾ ਅਤੇ ਉਨ੍ਹਾਂ ਨੂੰ ਰਾਜਨੀਤਿਕ ਗੁਮਨਾਮੀ ਵਿੱਚ ਭੇਜ ਦਿੱਤਾ। ਇਸ ਤੋਂ ਬਾਅਦ, ਇੱਕ ਇਮਾਨਦਾਰ ਸਰਕਾਰ ਨੇ ਸੂਬੇ ਵਿੱਚ ਸੱਤਾ ਸੰਭਾਲੀ। ਇਨ੍ਹਾਂ ਰਵਾਇਤੀ ਰਾਜਨੀਤਿਕ ਪਾਰਟੀਆਂ ਦਾ ਸਿਰਫ਼ ਇੱਕ ਹੀ ਏਜੰਡਾ ਹੈ, ਪੰਜਾਬ ਨੂੰ ਬਦਨਾਮ ਕਰਨਾ। ਉਹ ਸਿਰਫ਼ ਲੋਕਾਂ ਨੂੰ ਲੁੱਟਣ ਲਈ ਸੱਤਾ ਚਾਹੁੰਦੇ ਹਨ, ਉਨ੍ਹਾਂ ਅੱਗੇ ਕਿਹਾ। ਉਨ੍ਹਾਂ ਕਿਹਾ ਕਿ ਰਵਾਇਤੀ ਸਿਆਸੀ ਆਗੂ ਇਸ ਤੱਥ ਨੂੰ ਹਜ਼ਮ ਨਹੀਂ ਕਰ ਪਾ ਰਹੇ ਕਿ ਇੱਕ ਆਮ ਪਰਿਵਾਰ ਦਾ ਵਿਅਕਤੀ ਰਾਜ ਚਲਾ ਰਿਹਾ ਹੈ ਅਤੇ ਇਸਦੇ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਿਹਾ ਹੈ। ਉਹ ਮੇਰੇ ਤੋਂ ਈਰਖਾ ਕਰਦੇ ਹਨ ਕਿਉਂਕਿ ਮੈਂ ਇੱਕ ਆਮ ਪਰਿਵਾਰ ਤੋਂ ਆਇਆ ਹਾਂ ਅਤੇ ਲੋਕਾਂ ਦੀ ਭਲਾਈ ਲਈ ਦਿਨ ਰਾਤ ਕੰਮ ਕਰ ਰਿਹਾ ਹਾਂ। ਇਨ੍ਹਾਂ ਆਗੂਆਂ ਦਾ ਹਮੇਸ਼ਾ ਮੰਨਣਾ ਸੀ ਕਿ ਉਨ੍ਹਾਂ ਨੂੰ ਪੰਜਾਬ ਉੱਤੇ ਰਾਜ ਕਰਨ ਦਾ ਬ੍ਰਹਮ ਅਧਿਕਾਰ ਹੈ। ਉਹ ਇਹ ਹਜ਼ਮ ਨਹੀਂ ਕਰ ਪਾ ਰਹੇ ਕਿ ਇੱਕ ਆਮ ਆਦਮੀ ਰਾਜ ਨੂੰ ਕੁਸ਼ਲਤਾ ਨਾਲ ਚਲਾ ਰਿਹਾ ਹੈ। ਉਨ੍ਹਾਂ ਨੇ ਲੰਬੇ ਸਮੇਂ ਤੱਕ ਲੋਕਾਂ ਨੂੰ ਮੂਰਖ ਬਣਾਇਆ, ਪਰ ਹੁਣ ਲੋਕ ਉਨ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਪ੍ਰਭਾਵਿਤ ਨਹੀਂ ਹੋ ਰਹੇ ਹਨ, ਉਸਨੇ ਅੱਗੇ ਕਿਹਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਆਗੂਆਂ ਨੂੰ ਰੱਦ ਕਰ ਦਿੱਤਾ ਹੈ ਜੋ ਆਪਣੇ ਸੱਤਾ ਕਾਲ ਦੌਰਾਨ ਮਹਿਲ-ਮਹਿਲ ਘਰਾਂ ਵਿੱਚ ਰਹਿੰਦੇ ਸਨ ਅਤੇ ਆਮ ਲੋਕਾਂ ਤੋਂ ਦੂਰ ਰਹੇ। ਉਨ੍ਹਾਂ ਕਿਹਾ, ਜਿਨ੍ਹਾਂ ਲੋਕਾਂ ਨੇ ਦਾਅਵਾ ਕੀਤਾ ਸੀ ਕਿ ਉਹ 25 ਸਾਲ ਪੰਜਾਬ 'ਤੇ ਰਾਜ ਕਰਨਗੇ, ਉਨ੍ਹਾਂ ਨੂੰ ਲੋਕਾਂ ਨੇ ਰਾਜਨੀਤਿਕ ਤੌਰ 'ਤੇ ਗੁਮਨਾਮੀ ਵਿੱਚ ਭੇਜ ਦਿੱਤਾ ਹੈ। ਅੱਜ ਉਨ੍ਹਾਂ ਨੂੰ ਕਮੇਟੀ ਬਣਾਉਣ ਲਈ ਪੰਜ ਲੋਕ ਵੀ ਨਹੀਂ ਮਿਲ ਰਹੇ। ਪੰਜਾਬ ਦੇ ਸਿਆਣੇ ਅਤੇ ਬਹਾਦਰ ਲੋਕਾਂ ਨੇ ਇਨ੍ਹਾਂ ਸ਼ੱਕੀ ਅਤੇ ਹੰਕਾਰੀ ਆਗੂਆਂ ਨੂੰ ਉਨ੍ਹਾਂ ਦੇ ਮਾੜੇ ਕੰਮਾਂ ਲਈ ਢੁਕਵਾਂ ਸਬਕ ਸਿਖਾਇਆ ਹੈ।

ਅਕਾਲੀ ਦਲ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਪਣੇ ਲੰਬੇ ਕੁਸ਼ਾਸਨ ਦੌਰਾਨ, ਅਕਾਲੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਪਾਪ ਕੀਤਾ, ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਬਚਾਇਆ ਅਤੇ ਮਾਸੂਮ ਲੋਕਾਂ 'ਤੇ ਗੋਲੀਬਾਰੀ ਦੀ ਇਜਾਜ਼ਤ ਦਿੱਤੀ। ਉਨ੍ਹਾਂ ਨੇ ਪੰਜਾਬ ਨੂੰ ਬੇਰਹਿਮੀ ਨਾਲ ਲੁੱਟਿਆ, ਪੰਜਾਬੀਆਂ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਅਤੇ ਸੂਬੇ ਵਿੱਚ ਕਈ ਮਾਫੀਆ ਨੂੰ ਸਰਪ੍ਰਸਤੀ ਦਿੱਤੀ। ਅਕਾਲੀ ਦਲ ਨੂੰ ਹਰ ਵੋਟ ਬੇਅਦਬੀ ਦੇ ਹੱਕ ਵਿੱਚ ਫਤਵਾ ਹੋਵੇਗਾ। ਅਕਾਲੀ ਲੀਡਰਸ਼ਿਪ ਨੂੰ ਪੰਜਾਬ ਨੂੰ ਹੋਏ ਨੁਕਸਾਨ ਲਈ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਨੇ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ, ਅਤੇ ਆਪਣੇ ਕੁਸ਼ਾਸਨ ਦੇ ਲੰਬੇ ਦੌਰ ਦੌਰਾਨ ਨਸ਼ੇ ਵਧੇ-ਫੁੱਲੇ। ਉਨ੍ਹਾਂ ਕਿਹਾ, ਆਪਣੀ ਸੱਤਾ ਦੀ ਲਾਲਸਾ ਨੂੰ ਪੂਰਾ ਕਰਨ ਲਈ, ਅਕਾਲੀ ਦਲ ਹੁਣ ਭਾਜਪਾ ਨਾਲ ਗੱਠਜੋੜ ਦੀ ਭੀਖ ਮੰਗ ਰਿਹਾ ਹੈ, ਜਿਸਦੇ ਹੱਥ 700 ਤੋਂ ਵੱਧ ਕਿਸਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ ਜਿਨ੍ਹਾਂ ਨੇ ਕਿਸਾਨ ਵਿਰੋਧੀ ਕਾਨੂੰਨਾਂ ਦਾ ਵਿਰੋਧ ਕਰਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ ਸੀ। ਇਸ ਅਕਾਲੀ-ਭਾਜਪਾ ਗੱਠਜੋੜ ਦੀ ਕੋਈ ਵਿਚਾਰਧਾਰਾ ਜਾਂ ਲੋਕ ਭਲਾਈ ਲਈ ਕੋਈ ਚਿੰਤਾ ਨਹੀਂ ਹੈ। ਇਸਦਾ ਇੱਕੋ ਇੱਕ ਉਦੇਸ਼ ਪੰਜਾਬ ਵਿੱਚ ਸੱਤਾ ਹਥਿਆਉਣਾ ਹੈ।



# ਤੈਰਾਕੀ ਟੂਰਨਾਮੈਂਟ 2026 ਸਫ਼ਲਤਾਪੂਰਵਕ ਸੰਪੰਨ; ਲਗਭਗ 400 ਨੌਜਵਾਨ ਤੈਰਾਕਾਂ ਨੇ ਹਿੱਸਾ ਲਿਆ




**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਤਿੰਨ ਦਿਨਾਂ ਦੇ ਤੈਰਾਕੀ ਟੂਰਨਾਮੈਂਟ 2026 ਦਾ ਸਫ਼ਲਤਾਪੂਰਵਕ ਸਮਾਪਨ ਕੀਤਾ। ਇਸ ਟੂਰਨਾਮੈਂਟ ਨੇ ਚੰਡੀਗੜ੍ਹ ਦੇ ਲਗਭਗ 400 ਨੌਜਵਾਨ ਤੈਰਾਕਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਮੁੱਲਵਾਨ ਪ੍ਰਤੀਯੋਗੀ ਅਨੁਭਵ ਪ੍ਰਾਪਤ ਕਰਨ ਦਾ ਅਵਸਰ ਪ੍ਰਦਾਨ ਕੀਤਾ। ਇਹ ਟੂਰਨਾਮੈਂਟ 25 ਤੋਂ 27 ਅਗਸਤ, 2026 ਤੱਕ ਆਲ ਵੈਦਰ ਸਵਿਮਿੰਗ ਪੂਲ, ਸੈਕਟਰ-23, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ ਸੀ।

ਪ੍ਰਤੀਭਾਗੀਆਂ ਦੇ ਦਰਮਿਆਨ ਅਨੁਸ਼ਾਸਨ, ਖੇਡ ਭਾਵਨਾ ਅਤੇ ਤੰਦਰੁਸਤ ਮੁਕਾਬਲੇ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਤੈਰਾਕਾਂ ਨੇ ਅੰਡਰ-11, ਅੰਡਰ-14, ਅੰਡਰ-17, ਅੰਡਰ-19 ਅਤੇ ਵਿਸ਼ੇਸ਼ ਬੱਚੇ (ਸਪੈਸ਼ਲ ਚਿਲਡਰਨ) ਵਰਗਾਂ ਵਿੱਚ ਮੁਕਾਬਲਾ ਕੀਤਾ।

ਟੂਰਨਾਮੈਂਟ ਦੇ ਰਸਮੀ ਸਮਾਪਨ ਦਾ ਐਲਾਨ ਡਾ. ਅਤੁਲ ਢਾਕਨੇ, ਐਡੀਸ਼ਨਲ ਡਾਇਰੈਕਟਰ ਸਪੋਰਟਸ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਜੇਤੂਆਂ ਨੂੰ ਨਕਦ ਪੁਰਸਕਾਰ ਵੀ ਵੰਡੇ। ਵਿਭਿੰਨ ਮੁਕਾਬਲਿਆਂ ਦੇ ਜੇਤੂਆਂ ਨੂੰ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਲਈ ?5,000, ?3,000 ਅਤੇ ?2,000 ਦਾ ਪੁਰਸਕਾਰ ਦਿੱਤਾ ਗਿਆ। ਖੇਡ ਵਿਭਾਗ ਨੇ ਟੂਰਨਾਮੈਂਟ ਦੇ ਸਫ਼ਲ ਆਯੋਜਨ ਲਈ ਸਾਰੇ ਜੇਤੂਆਂ, ਪ੍ਰਤੀਭਾਗੀਆਂ, ਕੋਚਾਂ ਅਤੇ ਅਧਿਕਾਰੀਆਂ ਨੂੰ ਵਧਾਈ ਦਿੱਤੀ ਅਤੇ ਨੌਜਵਾਨ ਤੈਰਾਕਾਂ ਦੁਆਰਾ ਦਿਖਾਏ ਗਏ ਉਤਸ਼ਾਹ ਅਤੇ ਪ੍ਰਤੀਬੱਧਤਾ ਦੀ ਸ਼ਲਾਘਾ ਕੀਤੀ।

ਇਸ ਅਵਸਰ 'ਤੇ ਡਾ. ਮਹਿੰਦਰ ਸਿੰਘ, ਜੁਆਇੰਟ ਡਾਇਰੈਕਟਰ ਸਪੋਰਟਸ, ਅਤੇ ਡਾ. ਭਗਵੰਤ ਸਿੰਘ, ਆਈਵਾਈਏ, ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਵੀ ਉਪਸਥਿਤ ਸਨ।

# ਗ੍ਰਹਿ ਸਕੱਤਰ ਨੇ ਪ੍ਰੋਜੈਕਟ ਸਾਇਟਾਂ 'ਤੇ ਪਾਰਦਰਸ਼ੀ ਡਿਸਪਲੇਅ ਬੋਰਡ ਲਗਾਉਣ ਦੇ ਨਿਰਦੇਸ਼ ਦਿੱਤੇ; ਆਈਸੀਸੀਸੀ ਨਿਗਰਾਨੀ ਅਤੇ ਨਾਗਰਿਕ-ਕੇਂਦ੍ਰਿਤ ਸੇਵਾਵਾਂ ਵਿੱਚ ਪਾਰਦਰਸ਼ਤਾ 'ਤੇ ਜ਼ੋਰ ਦਿੱਤਾ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗ੍ਰਹਿ ਸਕੱਤਰ-ਅਤੇ-ਸਕੱਤਰ, ਸਥਾਨਕ ਸਰਕਾਰ, ਯੂ.ਟੀ. ਚੰਡੀਗੜ੍ਹ, ਸ਼੍ਰੀ ਮਨਦੀਪ ਸਿੰਘ ਬਰਾੜ, ਆਈਏਐਸ ਨੇ ਅੱਜ ਨਗਰ ਨਿਗਮ ਚੰਡੀਗੜ੍ਹ ਨੂੰ ਪਾਰਦਰਸ਼ਤਾ, ਪ੍ਰੋਜੈਕਟਾਂ ਦੀ ਨਿਗਰਾਨੀ ਅਤੇ ਨਾਗਰਿਕ-ਕੇਂਦ੍ਰਿਤ ਸੇਵਾ ਪ੍ਰਦਾਨ ਕਰਨ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਕਈ ਮਹੱਤਵਪੂਰਨ ਨਿਰਦੇਸ਼ ਜਾਰੀ ਕੀਤੇ।

ਉਨ੍ਹਾਂ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਗਰ ਨਿਗਮ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਸਾਰੇ ਨਿਰਮਾਣ ਅਧੀਨ ਪ੍ਰੋਜੈਕਟਾਂ ਦੇ ਸਥਾਨਾਂ 'ਤੇ ਉਚਿਤ ਸੂਚਨਾ ਡਿਸਪਲੇਅ ਬੋਰਡ ਲਗਾਉਣ ਦੇ ਨਿਰਦੇਸ਼ ਦਿੱਤੇ। ਇਨ੍ਹਾਂ ਬੋਰਡਾਂ 'ਤੇ ਕਾਰਜ ਦਾ ਨਾਮ, ਐਗਜ਼ੀਕਿਊਟਿੰਗ ਏਜੰਸੀ/ਠੇਕੇਦਾਰ, ਕਾਰਜ ਅਲਾਟਮੈਂਟ ਅਤੇ ਸ਼ੁਰੂ ਹੋਣ ਦੀ ਮਿਤੀ, ਨਿਰਧਾਰਿਤ ਅਤੇ ਵਾਸਤਵਿਕ/ਸੰਸ਼ੋਧਿਤ ਮੁਕੰਮਲ ਹੋਣ ਦੀ ਮਿਤੀ, ਅਨੁਮਾਨਿਤ ਲਾਗਤ, ਵਰਤਮਾਨ ਭੌਤਿਕ ਤੇ ਵਿੱਤੀ ਪ੍ਰਗਤੀ ਅਤੇ ਪ੍ਰਮੁੱਖ ਸਮੱਸਿਆਵਾਂ ਜਾਂ ਰੁਕਾਵਟਾਂ ਦਾ ਸਪਸ਼ਟ ਉਲੇਖ ਕੀਤਾ ਜਾਵੇਗਾ।

ਗ੍ਰਹਿ ਸਕੱਤਰ ਨੇ ਇਹ ਵੀ ਨਿਰਦੇਸ਼ ਦਿੱਤਾ ਕਿ ਨਗਰ ਨਿਗਮ ਅਤੇ ਆਮ ਪ੍ਰਸ਼ਾਸਨ ਦੇ ਅਧਿਕਾਰੀ ਸਬੰਧਿਤ ਸੈਕਟਰ ਕਮੇਟੀਆਂ ਦੇ ਨਾਲ ਹਰ ਮਹੀਨੇ ਸੰਯੁਕਤ ਨਿਰੀਖਣ ਕਰਨ। ਪੂਰੇ ਸ਼ਹਿਰ ਨੂੰ 18 ਜ਼ੋਨਾਂ ਵਿੱਚ ਵੰਡਿਆ ਗਿਆ ਹੈ ਅਤੇ ਹਰੇਕ ਜ਼ੋਨ ਦਾ ਨਿਰੀਖਣ ਇੱਕ ਸੀਨੀਅਰ ਅਧਿਕਾਰੀ ਦੀ ਨਿਗਰਾਨੀ ਵਿੱਚ ਕੀਤਾ ਜਾਵੇਗਾ।

ਨਿਰੀਖਣ ਦੇ ਦੌਰਾਨ ਕਚਰਾ ਉਠਾਉਣ ਅਤੇ ਸਾਫ਼-ਸਫ਼ਾਈ, ਸੜਕਾਂ ਦੀ ਸਫ਼ਾਈ, ਕਾਰਪੇਟਿੰਗ ਅਤੇ ਟੋਇਆਂ ਦੀ ਮੁਰੰਮਤ, ਸਟ੍ਰੀਟ ਲਾਇਟਾਂ ਦੀ ਕਾਰਜਸ਼ੀਲ ਸਥਿਤੀ, ਪਾਣੀ ਦੀ ਲੀਕੇਜ, ਪਾਰਕਿੰਗ ਸਬੰਧੀ ਸਮੱਸਿਆਵਾਂ, ਅਵੈਧ ਵੈਂਡਿੰਗ, ਅਣਅਧਿਕਾਰਿਤ ਅਤੇ ਅਵੈਧ ਕਬਜ਼ੇ, ਪਾਰਕਾਂ ਦੀ ਸਵੱਛਤਾ, ਅਤੇ ਜਨਤਕ ਪਖਾਨਿਆਂ ਦੀ ਸਾਫ਼-ਸਫ਼ਾਈ ਅਤੇ ਰੱਖ-ਰਖਾਅ ਦੀ ਜਾਂਚ ਕੀਤੀ ਜਾਵੇਗੀ।ਨਿਰੀਖਣ ਦੇ ਦੌਰਾਨ ਨਜ਼ਰ ਆਈ ਕਿਸੇ ਵੀ ਕਮੀ ਨੂੰ ਜਲਦੀ ਦੂਰ ਕੀਤਾ ਜਾਵੇਗਾ ਅਤੇ ਇਸ ਦੀ ਨਿਗਰਾਨੀ ਕਮਿਸ਼ਨਰ ਅਤੇ ਸਪੈਸ਼ਲ ਕਮਿਸ਼ਨਰ ਦੇ ਪੱਧਰ 'ਤੇ ਕੀਤੀ ਜਾਵੇਗੀ।

ਤਕਨੀਕ ਅਧਾਰਿਤ ਸੇਵਾ ਪ੍ਰਦਾਨ ਕਰਨ ਦੀ ਸਮੀਖਿਆ ਕਰਦੇ ਹੋਏ ਗ੍ਰਹਿ ਸਕੱਤਰ ਨੇ ਨਿਰਦੇਸ਼ ਦਿੱਤਾ ਕਿ ਇੰਟੀਗ੍ਰੇਟਡ ਕਮਾਂਡ ਐਂਡ ਕੰਟਰੋਲ ਸੈਂਟਰ (ਆਈਸੀਸੀਸੀ) ਨਾਲ ਜੁੜੀਆਂ ਨਾਗਰਿਕ-ਕੇਂਦ੍ਰਿਤ ਅਤੇ ਮਾਲੀਆ ਪੈਦਾ ਕਰਨ ਵਾਲੀਆਂ ਸੇਵਾਵਾਂ ਦੀ ਵਿਭਾਗ-ਵਾਰ ਸਮੀਖਿਆ ਕੀਤੀ ਜਾਵੇ। ਸਬੰਧਿਤ ਵਿਭਾਗਾਂ ਨੂੰ ਨਿਗਰਾਨੀ ਕੀਤੀਆਂ ਜਾ ਰਹੀਆਂ ਸੇਵਾਵਾਂ, ਉਨ੍ਹਾਂ ਦੀ ਮਾਲੀਆ ਸਮਰੱਥਾ, ਵਰਤਮਾਨ ਮਾਲੀਆ ਇਕੱਠਾ ਕਰਨ ਅਤੇ ਪ੍ਰਸਤਾਵਿਤ ਮਾਲੀਆ-ਸਿਰਜਣਾ ਮਾਡਲ ਦਾ ਵਿਵਰਣ ਪ੍ਰਸਤੁਤ ਕਰਨ ਲਈ ਕਿਹਾ ਗਿਆ ਹੈ। ਵਾਤਾਵਰਨ ਸਬੰਧੀ ਕਾਰਜਾਂ ਨੂੰ ਪ੍ਰਾਥਮਿਕਤਾ ਦਿੰਦੇ ਹੋਏ ਗ੍ਰਹਿ ਸਕੱਤਰ ਨੇ ਡੱਡੂਮਾਜਰਾ ਵਿਖੇ ਪੌਦੇ ਲਗਾਉਣ ਅਤੇ ਲੈਂਡਸਕੇਪਿੰਗ ਗਤੀਵਿਧੀਆਂ ਦੀ ਨੇੜਿਓਂ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ। ਅਧਿਕਾਰੀਆਂ ਨੂੰ ਮਸ਼ੀਨਰੀ ਦਾ ਅਧਿਕਤਮ ਉਪਯੋਗ ਸੁਨਿਸ਼ਚਿਤ ਕਰਨ, ਪੌਦੇ ਲਗਾਉਣ ਦੇ ਲਕਸ਼ਾਂ ਨੂੰ ਪ੍ਰਾਪਤ ਕਰਨ, ਪੌਦਿਆਂ ਦੇ ਬਚਾਅ ਅਤੇ ਉਚਿਤ ਰੱਖ-ਰਖਾਅ, ਨਿਯਮਿਤ ਫੀਲਡ ਨਿਰੀਖਣ ਅਤੇ ਵਿਵਸਥਿਤ ਦਸਤਾਵੇਜ਼ੀਕਰਣ ਸੁਨਿਸ਼ਚਿਤ ਕਰਨ ਲਈ ਕਿਹਾ ਗਿਆ।

# ਮਹਾਂ ਹੜਤਾਲ ਦਾ ਪੁਰਜੋਰ ਸਮਰਥਨ ਕਰਦਿਆਂ ਸਾਂਝੀ ਸੰਘਰਸ਼ ਕਮੇਟੀ ਨਗਰ ਨਿਗਮ ਨੇ ਧਰਨਾ ਲਗਾ ਕੇ ਕੀਤਾ ਰੋਸ ਪ੍ਰਦਸ਼ਨ



**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਸਰਕਾਰੀ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਮਹਾਂ ਹੜਤਾਲ ਦੀ ਕਾਲ ਦਾ ਪੁਰਜੋਰ ਸਮਰਥਨ ਕਰਦਿਆਂ ਸਾਂਝੀ ਸੰਘਰਸ਼ ਕਮੇਟੀ ਨਗਰ ਨਿਗਮ ਵੱਲੋਂ ਪ੍ਰਧਾਨ ਗੁਰਮੇਲ ਸਿੰਘ, ਚੇਅਰਮੈਨ ਸੀਤਾ ਰਾਮ, ਜਨਰਲ ਸਕੱਤਰ ਬਾਬੂ ਰਾਮ ਸੇਲਵਾਨ ਦੀ ਅਗਵਾਈ ਵਿੱਚ ਨਗਰ ਨਿਗਮ ਵਿਖੇ ਸਮੂਹਿਕ ਛੁੱਟੀ ਲੈ ਕੇ ਕਰਮਚਾਰੀਆਂ ਅਤੇ ਪੈਨਸ਼ਨਾਰਾਂ ਵਲੋਂ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਧਰਨੇ ਵਿੱਚ ਨਗਰ ਨਿਗਮ ਦੀ ਮਿਊਂਸਪਲ ਵਰਕਰਜ਼ ਯੂਨੀਅਨ, ਸਵੀਪਰ ਯੂਨੀਅਨ, ਡਰਾਇਵਰ ਯੂਨੀਅਨ, ਨਗਰ ਪਾਲਿਕਾ ਕਰਮਚਾਰੀ ਮਹਾਂ ਸੰਘ, ਟੈਕਨੀਕਲ ਸਰਵਿਸ ਯੂਨੀਅਨ ਅਤੇ ਸੇਵਾ ਮੁਕਤ ਕਰਮਚਾਰੀ ਯੂਨੀਅਨ, ਨਗਰ ਨਿਗਮ ਦੇ ਆਗੂਆਂ ਮੈਂਬਰਾਂ ਵਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਸਾਂਝੀ ਸੰਘਰਸ਼ ਕਮੇਟੀ ਦੇ ਆਗੂਆਂ ਗੁਰਮੇਲ ਸਿੰਘ, ਸੀਤਾ ਰਾਮ, ਬਾਬੂ ਰਾਮ ਸੇਲਵਾਨ, ਜੋਗਿੰਦਰ ਸਿੰਘ ਪੰਛੀ ਨੇ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਜਾਹਿਰ ਕਰਦਿਆਂ ਕਿਹਾ ਕਿ ਬਕਾਇਆ ਮਹਿੰਗਾਈ ਭੱਤਾ ਮੁਲਾਜਮ ਅਤੇ ਪੈਨਸ਼ਨਰ ਲੰਬਿਤ ਡੀ.ਏ ਦੀਆਂ ਕਿਸ਼ਤਾਂ ਅਤੇ ਇਸ ਦੇ ਏਰੀਅਰ, ਪੁਰਾਣੀ ਪੈਨਸ਼ਨ ਸਕੀਮ ਨੂੰ ਪੂਰੀ ਤਰ੍ਹਾਂ ਲਾਗੂ ਕਰਨਾ, ਕੱਚੇ ਕਰਮਚਾਰੀਆਂ ਨੂੰ ਪੱਕੇ ਕਰਨਾ ਆਦਿ ਲਟਕਦੀਆਂ ਮੰਗਾਂ ਨੂੰ ਹੱਲ ਕਰਨ ਦੀ ਬਜਾਏ ਟਾਲ ਮਟੋਲ ਕਰਨਾ, ਮੁਲਾਜਮ ਵਿਰੋਧੀ ਫੈਸਲੇ ਲੈਣੇ ਅਤੇ ਵਾਰ-ਵਾਰ ਮੁਲਾਜਮਾਂ ਨੂੰ ਮੀਟਿੰਗ ਲਈ ਸਮਾਂ ਦੇ ਕੇ ਮੁਕਰ ਜਾਣ ਤੇ ਮੁਲਾਜਮ ਵਰਗ ਵਿੱਚ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਉਹਨਾਂ ਕਿਹਾ ਕਿ 6ਵੇਂ ਪੇ ਕਮਿਸ਼ਨ ਦੀਆਂ ਤਰੁੱਟੀਆਂ ਅਤੇ 18 ਪ੍ਰਤੀਸ਼ਤ ਡੀ.ਏ. ਸੰਬੰਧੀ ਲੜਾਈ ਲੜੀ ਜਾ ਰਹੀ ਹੈ। ਸਰਕਾਰ ਨੇ 7ਵੇਂ ਪੇ ਕਮਿਸ਼ਨ ਦੀ ਕਮੇਟੀ ਦਾ ਗਠਨ ਨਹੀਂ ਕੀਤਾ ਪਰ ਨਵੇਂ ਭਰਤੀ ਕੀਤੇ ਜਾ ਰਹੇ ਮੁਲਾਜਮਾਂ ਨੂੰ ਸੱਤਵੇਂ ਪੇਂ ਕਮਿਸ਼ਨ ਦੀਆਂ ਟੈਂਪਰੇਰੀ ਸ਼ਰਤਾਂ ਤਹਿਤ ਭਰਤੀ ਕਰਕੇ ਮੁਲਾਜਮਾਂ ਦਾ ਸ਼ੋਸ਼ਣ ਅਤੇ ਧੋਖਾ ਕੀਤਾ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਗਈ ਕਿ ਸੱਤਵੇਂ ਪੇ ਕਮਿਸ਼ਨ ਦੀ ਕਮੇਟੀ ਦਾ ਤੁਰੰਤ ਗਠਨ ਕੀਤਾ ਜਾਵੇ। ਉਨ੍ਹਾਂ ਕਿਹਾ ਮੁਲਾਜਮਾਂ ਨੂੰ 6ਵੇਂ ਪੇ ਕਮਿਸ਼ਨ 2.59 ਪ੍ਰਤੀਸ਼ਤ ਅਤੇ 113—119 ਡੀ.ਏ. ਫਰਕ ਅਤੇ 18 ਪ੍ਰਤੀਸ਼ਤ ਡੀ.ਏ. ਬਾਰੇ ਪੰਜਾਬ ਦਾ ਮੁਲਾਜਮ ਵਰਗ ਕੋਰਟਾਂ ਵਿੱਚ ਧੱਕੇ ਖਾ ਰਿਹਾ ਹੈ। ਮੁਲਾਜਮ ਇਲੈਕਸ਼ਨ ਸਮੇਂ ਢੁਕਵਾ ਜਵਾਬ ਦੇਣਗੇ। ਇਸ ਮੌਕੇ ਜੋਗਿੰਦਰ ਸਿੰਘ ਪੰਛੀ, ਸੁਮੀਤ ਕੁਮਾਰ, ਮਹਿੰਦਰ ਸਿੰਘ ਬਡੂੰਗਰ, ਰਾਮ ਪਾਲ, ਪ੍ਰਦੀਪ ਪੁਰੀ, ਅਜੈਬ ਸਿੰਘ, ਸੰਜੇ ਕਲਿਆਣ, ਮੰਗਤ ਰਾਮ ਕਲਿਆਣ, ਸੰਕਰ, ਸਾਹਿਲ, ਰਮਿੰਦਰਪ੍ਰੀਤ ਸਿੰਘ, ਗੋਲਡੀ ਕਲਿਆਣ, ਜਸਕੀਰਤ ਕੌਰ, ਊਸ਼ਾ ਰਾਣੀ, ਮਨਪ੍ਰੀਤ ਕੋਰ, ਪ੍ਰੀਤੀ ਬਾਲਾ, ਤਰਵਿੰਦਰ ਸਿੰਘ ਜੋਹਰ, ਹਰਪਾਲ ਸਿੰਘ, ਲੱਕੀ, ਗੁਰਮੇਲ ਸਿੰਘ, ਆਦਿ ਹਾਜਰ ਸਨ।

# ਮਾਤਾ ਹਰਪਾਲ ਕੌਰ ਨੇ ਸਵ. ਨੇਹਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ

**ਧੂਰੀ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਜੀ ਮਾਤਾ ਹਰਪਾਲ ਕੌਰ ਨੇ ਅੱਜ ਸਵਰਗੀ ਨੇਹਾ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਇਸ ਦੁੱਖਦਾਈ ਘੜੀ ਵਿੱਚ ਉਨ੍ਹਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਨੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨੇਹਾ ਦੀ ਬੇਵਕਤੀ ਮੌਤ ਬਹੁਤ ਹੀ ਦੁਖਦਾਈ ਅਤੇ ਦਿਲ ਨੂੰ ਝੰਜੋੜ ਦੇਣ ਵਾਲੀ ਘਟਨਾ ਹੈ।

ਮਾਤਾ ਹਰਪਾਲ ਕੌਰ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਇਸ ਦੁੱਖ ਦੀ ਘੜੀ ਵਿੱਚ ਉਹ ਅਤੇ ਸਮੁੱਚੀ ਸਰਕਾਰ ਪਰਿਵਾਰ ਦੇ ਨਾਲ ਖੜ੍ਹੇ ਹਨ। ਉਨ੍ਹਾਂ ਨੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦਿਆਂ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਬਖ਼ਸ਼ਣ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ।

ਉਨ੍ਹਾਂ ਕਿਹਾ ਕਿ ਨੇਹਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ ਅਤੇ ਮਾਮਲੇ ਵਿੱਚ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਆਮ ਆਦਮੀ ਪਾਰਟੀ ਦੀ ਧੂਰੀ ਦੀ ਸਮੁੱਚੀ ਲੀਡਰਸ਼ਿਪ ਮੌਜੂਦ ਰਹੀ।

# ਜ਼ਿਲ੍ਹਾ ਪੱਧਰੀ ਲਾਅਨ ਟੈਨਿਸ ਮੁਕਾਬਲਿਆਂ ਵਿੱਚ ਜ਼ੋਨ ਪਟਿਆਲਾ-2 ਨੇ ਜਿੱਤੇ ਚਾਰ ਗੋਲਡ ਅਤੇ ਇੱਕ ਸਿਲਵਰ ਮੈਡਲ



**ਪਟਿਆਲਾ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਕੂਲ ਖੇਡਾਂ 2026-27 ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਸ਼੍ਰੀਮਤੀ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸਿੰਘ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ਼੍ਰੀ ਦਲਜੀਤ ਸਿੰਘ ਅਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਸ਼੍ਰੀ ਚਰਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰੀ ਲਾਅਨ ਟੈਨਿਸ ਟੂਰਨਾਮੈਂਟ ਰੋਲੈਕਸ ਟੈਨਿਸ ਫਾਊਂਡੇਸ਼ਨ, ਪਟਿਆਲਾ ਵਿਖੇ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਜ਼ੋਨਾਂ ਦੀਆਂ ਟੀਮਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਖੇਡ ਮੁਕਾਬਲੇ ਵਿੱਚ ਜ਼ੋਨ ਪਟਿਆਲਾ-2 ਦੀਆਂ ਟੀਮਾਂ ਨੇ ਲਾਅਨ ਟੈਨਿਸ ਕੋਚ ਸ਼੍ਰੀ ਗਗਨਦੀਪ ਸਿੰਘ ਦੀ ਅਗਵਾਈ ਹੇਠ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਸ਼ੇਸ਼ ਪ੍ਰਾਪਤੀਆਂ ਹਾਸਲ ਕੀਤੀਆਂ। ਲੜਕਿਆਂ ਦੇ ਵੱਖ-ਵੱਖ ਵਰਗਾਂ ਦੇ ਮੁਕਾਬਲਿਆਂ ਦੌਰਾਨ ਅੰਡਰ-14 ਅਤੇ ਅੰਡਰ-19 ਟੀਮਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਜਿੱਤ ਕੇ ਜ਼ੋਨ ਦਾ ਨਾਮ ਰੌਸ਼ਨ ਕੀਤਾ। ਲੜਕੀਆਂ ਦੇ ਵਰਗ ਵਿੱਚ ਵੀ ਜ਼ੋਨ ਪਟਿਆਲਾ-2 ਦਾ ਦਬਦਬਾ ਰਿਹਾ। ਅੰਡਰ-14 ਅਤੇ ਅੰਡਰ-19 ਵਰਗ ਦੀਆਂ ਲੜਕੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਲ ਕੀਤੇ, ਜਦਕਿ ਅੰਡਰ-17 ਵਰਗ ਦੀ ਟੀਮ ਨੇ ਸ਼ਾਨਦਾਰ ਟੱਕਰ ਦਿੰਦਿਆਂ ਸਿਲਵਰ ਮੈਡਲ ਆਪਣੇ ਨਾਮ ਕੀਤਾ। ਖਿਡਾਰੀਆਂ ਦੇ ਇਸ ਬਿਹਤਰੀਨ ਪ੍ਰਦਰਸ਼ਨ ਨੇ ਦਰਸ਼ਕਾਂ ਅਤੇ ਅਧਿਕਾਰੀਆਂ ਦਾ ਮਨ ਮੋਹ ਲਿਆ। ਕੋਚ ਸ਼੍ਰੀ ਗਗਨਦੀਪ ਸਿੰਘ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਦੱਸਿਆ ਕਿ ਵਿਦਿਆਰਥੀਆਂ ਨੇ ਇਸ ਟੂਰਨਾਮੈਂਟ ਲਈ ਦਿਨ-ਰਾਤ ਸਖ਼ਤ ਮਿਹਨਤ ਕੀਤੀ ਸੀ, ਜਿਸ ਸਦਕਾ ਹੀ ਟੀਮਾਂ ਵੱਡੀ ਗਿਣਤੀ ਵਿੱਚ ਤਗਮੇ ਜਿੱਤਣ ਵਿੱਚ ਸਫ਼ਲ ਰਹੀਆਂ ਹਨ।

# ਜੀਐੱਮਐੱਸਐੱਚ-16 ਨੇ ਲਗਭਗ 500 ਗ੍ਰਾਮ ਵਜ਼ਨ ਵਾਲੀ ਦੁਰਲੱਭ ਵਿਸ਼ਾਲ ਪਿਸ਼ਾਬ ਬਲੈਡਰ ਦੀ ਪੱਥਰੀ ਨੂੰ ਸਫ਼ਲਤਾਪੂਰਵਕ ਕੱਢਿਆ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ (ਜੀਐੱਮਐੱਸਐੱਚ), ਸੈਕਟਰ 16, ਚੰਡੀਗੜ੍ਹ ਵਿਖੇ ਲਗਭਗ 11 ਗ 8 ਸੈਂਟੀਮੀਟਰ ਅਤੇ ਲਗਭਗ 500 ਗ੍ਰਾਮ ਵਜ਼ਨ ਦੀ ਇੱਕ ਦੁਰਲੱਭ ਵਿਸ਼ਾਲ ਪਿਸ਼ਾਬ ਬਲੈਡਰ ਦੀ ਪੱਥਰੀ (ਬਲੈਡਰ ਸਟੋਨ) ਨੂੰ ਸਫ਼ਲਤਾਪੂਰਵਕ ਕੱਢਿਆ ਗਿਆ ਹੈ। ਇਹ ਉਪਲਬਧੀ ਕਿ ਜਟਿਲ ਅਤੇ ਅਸਾਧਾਰਣ ਯੂਰੋਲੋਜੀਕਲ ਸਥਿਤੀਆਂ ਦੇ ਇਲਾਜ ਵਿੱਚ ਹਸਪਤਾਲ ਦੀ ਸਮਰੱਥਾ ਨੂੰ ਦਰਸਾਉਂਦੀ ਹੈ।

ਦਰਦ, ਡਾਇਸੂਰੀਆ (ਪਿਸ਼ਾਬ ਵਿੱਚ ਜਲਣ ਤੇ ਦਰਦ) ਅਤੇ ਵਾਰ-ਵਾਰ ਪਿਸ਼ਾਬ ਨਾਲੀ ਦੇ ਸੰਕ੍ਰਮਣ (ਯੂਟੀਆਈ) ਦੀ ਸ਼ਿਕਾਇਤ ਨਾਲ ਆਏ 45 ਵਰ੍ਹਿਆਂ ਦੇ ਪੁਰਸ਼ ਮਰੀਜ਼ ਦੀ ਵਿਸਤ੍ਰਿਤ ਜਾਂਚ ਅਤੇ ਸਰਜਰੀ ਤੋਂ ਪਹਿਲਾਂ ਦੀ ਯੋਜਨਾ ਦੇ ਬਾਅਦ ਜੀਐੱਮਐੱਸਐੱਚ-16 ਦੀ ਸਰਜੀਕਲ ਟੀਮ ਦੁਆਰਾ ਇਸ ਵਿਸ਼ਾਲ ਪੱਥਰੀ ਨੂੰ ਸਫ਼ਲਤਾਪੂਰਵਕ ਕੱਢ ਦਿੱਤਾ ਗਿਆ। ਇਹ ਪ੍ਰਕਿਰਿਆ ਡਾਕਟਰ ਸਰਬਜੀਤ ਸਿੰਘ, ਡਾਕਟਰ ਗਗਨ ਅਤੇ ਡਾਕਟਰ ਬਨਮੀਤ ਦੀ ਅਗਵਾਈ ਵਾਲੀ ਟੀਮ ਦੁਆਰਾ ਜ਼ਰੂਰੀ ਪੈਰੀਅਪ੍ਰੇਟਿਵ ਦੇਖਭਾਲ਼ ਅਤੇ ਸਹਾਇਤਾ ਨਾਲ ਸੰਪੰਨ ਕੀਤੀ ਗਈ।

ਬਲੈਡਰ ਕੈਲਕੂਲੀ ਸਾਰੇ ਪਿਸ਼ਾਬ ਕੈਲਕੂਲੀ ਦਾ ਲਗਭਗ 5 ਪ੍ਰਤੀਸ਼ਤ ਹੁੰਦੀ ਹੈ। 4 ਸੈਂਟੀਮੀਟਰ ਤੋਂ ਵੱਧ ਜਾਂ 100 ਗ੍ਰਾਮ ਤੋਂ ਵੱਧ ਵਜ਼ਨ ਵਾਲੀ ਪਿਸ਼ਾਬ ਬਲੈਡਰ ਪੱਥਰੀ ਨੂੰ ਆਮ ਤੌਰ 'ਤੇ 'ਵਿਸ਼ਾਲ ਬਲੈਡਰ ਕੈਲਕੂਲਸ (ਪੱਥਰੀ)' ਕਿਹਾ ਜਾਂਦਾ ਹੈ। ਇਸ ਅਕਾਰ ਦੀਆਂ ਪੱਥਰੀਆਂ ਬਹੁਤ ਹੀ ਦੁਰਲੱਭ ਹੁੰਦੀਆਂ ਹਨ ਅਤੇ ਇਨ੍ਹਾਂ ਦੇ ਇਲਾਜ ਲਈ ਵਿਸ਼ੇਸ਼ ਯੂਰੋਲੋਜੀਕਲ ਮੁਹਾਰਤ ਅਤੇ ਵਿਆਪਕ ਪੈਰੀਅਪ੍ਰੇਟਿਵ ਦੇਖਭਾਲ਼ ਦੀ ਜ਼ਰੂਰਤ ਹੁੰਦੀ ਹੈ। ਡਾਇਰੈਕਟਰ ਹੈਲਥ ਸਰਵਿਸਿਜ਼, ਯੂ.ਟੀ. ਚੰਡੀਗੜ੍ਹ, ਡਾ. ਸੁਮਨ ਸਿੰਘ ਨੇ ਇਲਾਜ ਕਰਨ ਵਾਲੀ ਟੀਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਦੁਰਲੱਭ ਅਤੇ ਜਟਿਲ ਮਾਮਲੇ ਦਾ ਸਫ਼ਲ ਪ੍ਰਬੰਧਨ ਜਨ ਸਿਹਤ ਸੇਵਾ ਪ੍ਰਣਾਲੀ ਦੇ ਤਹਿਤ ਮੁਹਾਰਤ ਵਾਲੀ ਤੀਸਰੇ ਦਰਜੇ ਦੀ ਦੇਖਭਾਲ਼ (ਟਰਸ਼ਰੀ ਕੇਅਰ) ਸੇਵਾਵਾਂ ਪ੍ਰਦਾਨ ਕਰਨ ਲਈ ਜੀਐੱਮਐੱਸਐੱਚ-16 ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।

# ਖੇਲੋ ਇੰਡੀਆ ਸੰਵਾਦ - ਖੇਡ ਕੀ ਬਾਤ, ਪੀ.ਐੱਮ. ਕੇ ਸਾਥ ਪ੍ਰੋਗਰਾਮ ਦਾ ਸਫ਼ਲ ਆਯੋਜਨ

**ਚੰਡੀਗੜ੍ਹ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁਵਾ ਕਾਰਜ ਅਤੇ ਖੇਡ ਮੰਤਰਾਲੇ ਭਾਰਤ ਸਰਕਾਰ ਅਤੇ ਮੇਰਾ ਯੁਵਾ ਭਾਰਤ ਦੇ ਤਹਿਤ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਅਤੇ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ 'ਖੇਲੋ ਇੰਡੀਆ ਸੰਵਾਦ - ਖੇਡ ਕੀ ਬਾਤ, ਪੀ.ਐੱਮ. ਕੇ ਸਾਥ' ਪ੍ਰੋਗਰਾਮ ਦਾ ਆਯੋਜਨ ਕਰਨਾਲ ਦੇ ਦਿਆਲ ਸਿੰਘ ਕਾਲਜ ਅਤੇ ਸਰਕਾਰੀ ਕਾਲਜ ਵਿੱਚ ਕੀਤਾ ਗਿਆ।

ਪ੍ਰੋਗਰਾਮ ਵਿੱਚ ਲਗਭਗ 500 ਨੌਜਵਾਨਾਂ ਅਤੇ ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਯੁਵਾ ਸੰਵਾਦ ਅਤੇ ਸੰਬੋਧਨ ਨੂੰ ਦੇਖਿਆ ਅਤੇ ਸੁਣਿਆ।

ਇੱਕ ਸਰਕਾਰੀ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਨੇ ਆਪਣੇ ਸੰਬੋਧਨ ਰਾਹੀਂ ਦੇਸ਼ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਵੱਧ ਤੋਂ ਵੱਧ ਆਕਰਸ਼ਿਤ ਹੋਣ, ਖੇਡ ਭਾਵਨਾ ਨੂੰ ਜੀਵਨ ਦਾ ਹਿੱਸਾ ਬਣਾਉਣ ਅਤੇ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਸਿਹਤਮੰਦ, ਅਨੁਸ਼ਾਸਿਤ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਪ੍ਰੋਗਰਾਮ ਦੌਰਾਨ ਨੌਜਵਾਨਾਂ ਨੇ ਖੇਡ ਅਤੇ ਯੁਵਾ ਵਿਕਾਸ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਅਤੇ ਸੁਝਾਅ ਵੀ ਪੇਸ਼ ਕੀਤੇ। ਇਨ੍ਹਾਂ ਵਿੱਚ ਦੇਸ਼ ਦੇ ਖੇਡ ਵਾਤਾਵਰਣ ਨੂੰ ਬਿਹਤਰ ਬਣਾਉਣਾ, 2036 ਦੀਆਂ ਓਲੰਪਿਕ ਖੇਡਾਂ ਲਈ ਪ੍ਰਤਿਭਾਵਾਂ ਦਾ ਪਾਲਣ-ਪੋਸ਼ਣ ਅਤੇ ਵਿਕਾਸ, ਯੁਵਾ ਲੀਡਰਸ਼ਿਪ ਅਤੇ ਸ਼ਾਸਨ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਹੁਲਾਰਾ ਦੇਣਾ, ਵਿਕਸਤ ਭਾਰਤ ਦੇ ਨਿਰਮਾਣ ਲਈ ਨੌਜਵਾਨਾਂ ਦਾ ਸਸ਼ਕਤੀਕਰਨ, ਨਸ਼ਾ ਮੁਕਤ ਯੁਵਾ - ਵਿਕਸਤ ਭਾਰਤ ਸ਼ਾਮਲ ਹਨ। ਨੌਜਵਾਨਾਂ ਨੇ ਖੇਡ ਸਹੂਲਤਾਂ ਦੇ ਵਿਸਤਾਰ, ਪੇਂਡੂ ਅਤੇ ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾਵਾਂ ਦੀ ਪਛਾਣ, ਬਿਹਤਰ ਸਿਖਲਾਈ ਅਤੇ ਕੋਚਿੰਗ ਸਹੂਲਤਾਂ, ਖੇਡਾਂ ਵਿੱਚ ਨੌਜਵਾਨਾਂ ਦੀ ਵੱਧ ਭਾਗੀਦਾਰੀ ਅਤੇ ਨਸ਼ਿਆਂ ਵਿਰੁੱਧ ਯੁਵਾ ਲੀਡਰਸ਼ਿਪ ਨੂੰ ਲੈ ਕੇ ਅਹਿਮ ਸੁਝਾਅ ਪੇਸ਼ ਕੀਤੇ।

**ਖਿਡਾਰੀਆਂ ਨਾਲ ਨੌਜਵਾਨਾਂ ਦਾ ਸੰਵਾਦ**

ਪ੍ਰੋਗਰਾਮ ਨੂੰ ਹੋਰ ਪ੍ਰੇਰਨਾਦਾਇਕ ਬਣਾਉਣ ਲਈ ਯੁਵਾ ਭਾਗੀਦਾਰਾਂ ਦਾ ਸੰਵਾਦ ਦੋ ਉੱਭਰਦੀਆਂ ਖੇਡ ਪ੍ਰਤਿਭਾਵਾਂ - ਆਸ਼ੀ ਕਸ਼ਯਪ (ਲਾਅਨ ਟੈਨਿਸ) ਅਤੇ ਐਂਜਲ ਰਾਣਾ ਸਾਈਕਲਿੰਗ ਨਾਲ ਵੀ ਕਰਵਾਇਆ ਗਿਆ। ਦੋਵਾਂ ਖਿਡਾਰੀਆਂ ਨੇ ਆਪਣੇ ਖੇਡ ਤਜ਼ਰਬੇ, ਸੰਘਰਸ਼, ਅਨੁਸ਼ਾਸਨ, ਫਿਟਨੈਸ ਅਤੇ ਸਫ਼ਲਤਾ ਦੀ ਯਾਤਰਾ ਨੌਜਵਾਨਾਂ ਨਾਲ ਸਾਂਝੀ ਕੀਤੀ ਅਤੇ ਨੌਜਵਾਨਾਂ ਨੂੰ ਖੇਡਾਂ ਨੂੰ ਕਰੀਅਰ ਅਤੇ ਜੀਵਨ ਸ਼ੈਲੀ ਵਜੋਂ ਅਪਣਾਉਣ ਲਈ ਪ੍ਰੇਰਿਤ ਕੀਤਾ।

ਬੁਲਾਰੇ ਨੇ ਦੱਸਿਆ ਕਿ 'ਖੇਲੋ ਇੰਡੀਆ ਸੰਵਾਦ - ਖੇਡ ਕੀ ਬਾਤ, ਪੀ.ਐੱਮ. ਕੇ ਸਾਥ' ਨੌਜਵਾਨਾਂ ਨੂੰ ਦੇਸ਼ ਦੇ ਖੇਡ ਭਵਿੱਖ ਅਤੇ ਰਾਸ਼ਟਰ ਨਿਰਮਾਣ ਨਾਲ ਸਿੱਧੇ ਤੌਰ 'ਤੇ ਜੋੜਨ ਦਾ ਇੱਕ ਮਹੱਤਵਪੂਰਨ ਮੰਚ ਹੈ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦੇ ਪੰਜੇ ਵਿਸ਼ੇ ਨੌਜਵਾਨਾਂ ਦੇ ਭਵਿੱਖ ਨਾਲ ਸਿੱਧੇ ਜੁੜੇ ਹੋਏ ਹਨ ਅਤੇ ਨੌਜਵਾਨਾਂ ਵੱਲੋਂ ਪੇਸ਼ ਕੀਤੇ ਗਏ ਵਿਚਾਰ ਭਾਰਤ ਦੀ ਖੇਡ ਅਤੇ ਯੁਵਾ ਨੀਤੀ ਲਈ ਮਹੱਤਵਪੂਰਨ ਦਿਸ਼ਾ ਪ੍ਰਦਾਨ ਕਰ ਸਕਦੇ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ, ਨਸ਼ਿਆਂ ਤੋਂ ਦੂਰ ਰਹਿਣ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਭਾਗੀਦਾਰ ਬਣਨ ਦਾ ਸੱਦਾ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ ਭਾਗੀਦਾਰ ਨੌਜਵਾਨਾਂ ਨੇ ਖੇਡਾਂ ਨੂੰ ਜੀਵਨ ਦਾ ਹਿੱਸਾ ਬਣਾਉਣ, ਨਸ਼ਿਆਂ ਤੋਂ ਦੂਰ ਰਹਿਣ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਸਰਗਰਮ ਯੁਵਾ ਭਾਗੀਦਾਰੀ ਯਕੀਨੀ ਬਣਾਉਣ ਦਾ ਸੰਕਲਪ ਲਿਆ।

# ਸ੍ਰੀ ਗੁਰੂ ਰਵਿਦਾਸ ਜੀ ਨੇ ਛੇ ਸਦੀਆਂ ਪਹਿਲਾਂ ਜ਼ੁਲਮ ਅਤੇ ਜਾਤ ਆਧਾਰਿਤ ਵਿਤਕਰੇ ਵਿਰੁੱਧ ਬੁਲੰਦ ਕੀਤੀ ਆਵਾਜ਼: ਤਰੁਨਪ੍ਰੀਤ ਸਿੰਘ ਸੌਂਦ

**ਮੁਹਾਲੀ, 31 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਬਿਜਲੀ, ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਅੱਜ ਤੋਂ ਕਰੀਬ ਛੇ ਸਦੀਆਂ ਪਹਿਲਾਂ ਜ਼ੁਲਮ ਅਤੇ ਜਾਤ ਆਧਾਰਿਤ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ।



ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਸੀ ਜੀ ਸੀ ਯੂਨੀਵਰਸਿਟੀ, ਝੰਜੇੜੀ, ਮੋਹਾਲੀ ਵਿਖੇ ਕਰਵਾਏ ਗਏ 8ਵੇਂ ਰਾਜ ਪੱਧਰੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਮਨੁੱਖਤਾ ਦੇ ਅਧਿਆਤਮਿਕ ਅਤੇ ਸਮਾਜਿਕ ਉੱਥਾਨ ਵਿੱਚ ਵੱਡਾ ਯੋਗਦਾਨ ਪਾਇਆ ਅਤੇ ਕਿਰਤ ਦੀ ਮਹੱਤਤਾ ਤੇ ਸਖ਼ਤ ਮਿਹਨਤ ਦੇ ਸਿਧਾਂਤ ਨੂੰ ਪ੍ਰਮੁੱਖਤਾ ਦਿੱਤੀ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਉਸ ਸਮੇਂ ਦੱਬੇ-ਕੁਚਲੇ ਅਤੇ ਕਮਜ਼ੋਰ ਵਰਗਾਂ ਦੇ ਹੱਕ ਵਿੱਚ ਦਲੇਰੀ ਨਾਲ ਆਵਾਜ਼ ਉਠਾਈ, ਜਦੋਂ ਲੋਕਾਂ ਨਾਲ ਜਾਤ ਅਤੇ ਹੋਰ ਸਮਾਜਿਕ ਵਖਰੇਵਿਆਂ ਦੇ ਆਧਾਰ 'ਤੇ ਵਿਤਕਰਾ ਅਤੇ ਬੇਇਨਸਾਫ਼ੀ ਕੀਤੀ ਜਾਂਦੀ ਸੀ। ਗੁਰੂ ਸਾਹਿਬ ਨੇ ਸਮਾਨਤਾ, ਨਿਆਂ ਅਤੇ ਮਨੁੱਖੀ ਮਾਣ-ਸਨਮਾਨ ਦੇ ਸਰਬਵਿਆਪੀ ਸਿਧਾਂਤਾਂ ਦਾ ਪ੍ਰਚਾਰ ਕੀਤਾ ਅਤੇ ਵਿਤਕਰੇ ਤੋਂ ਮੁਕਤ ਸਮਾਜ ਦੀ ਕਲਪਨਾ ਕੀਤੀ।

ਵਿਦਿਆਰਥੀਆਂ ਨੂੰ ਇਨ੍ਹਾਂ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਅਪੀਲ ਕਰਦਿਆਂ ਸ. ਸੌਂਦ ਨੇ ਕਿਹਾ ਕਿ ਉਹ ਲਾਲਚ ਤੋਂ ਦੂਰ ਰਹਿਣ ਅਤੇ ਕੇਵਲ ਆਪਣੀਆਂ ਅਸਲ ਲੋੜਾਂ ਤੱਕ ਸੀਮਤ ਰਹਿ ਕੇ ਸੰਤੁਸ਼ਟੀ ਭਰਿਆ ਅਤੇ ਅਰਥਪੂਰਨ ਜੀਵਨ ਜਿਊਣ। ਉਨ੍ਹਾਂ ਵਿਦਿਆਰਥੀਆਂ ਨੂੰ ਚੰਗੀਆਂ ਕਿਤਾਬਾਂ ਪੜ੍ਹਨ ਦੀ ਆਦਤ ਪਾਉਣ ਲਈ ਵੀ ਪ੍ਰੇਰਿਤ ਕੀਤਾ ਤਾਂ ਜੋ ਉਹ ਅਧਿਆਤਮ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਡੂੰਘੀ ਸਮਝ ਹਾਸਲ ਕਰ ਸਕਣ।

ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦੀ ਹੈ ਕਿ ਉਸ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਅਤੇ ਹੁਣ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਉਨ੍ਹਾਂ ਕਿਹਾ ਕਿ 650ਵੇਂ ਪ੍ਰਕਾਸ਼ ਪੁਰਬ ਦੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਤਹਿਤ ਸੂਬੇ ਭਰ ਵਿੱਚ ਕੀਰਤਨ ਦਰਬਾਰ, ਯੂਨੀਵਰਸਿਟੀ ਅਤੇ ਰਾਜ ਪੱਧਰੀ ਸੈਮੀਨਾਰ, ਡਰੋਨ ਸ਼ੋਅ, ਸਕੂਲੀ ਮੁਕਾਬਲੇ, ਸ਼ੋਭਾ ਯਾਤਰਾਵਾਂ ਅਤੇ ਹੋਰ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।

ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਜ਼ਿਕਰ ਕਰਦਿਆਂ ਸ. ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਨਿਰਣਾਇਕ ਜੰਗ ਛੇੜੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਉਸਾਰੇ ਜਾ ਰਹੇ 3100 ਖੇਡ ਸਟੇਡੀਅਮਾਂ ਅਤੇ ਮੈਦਾਨਾਂ ਵਿੱਚੋਂ ਕਰੀਬ 1000 ਮੁਕੰਮਲ ਕੀਤੇ ਜਾ ਚੁੱਕੇ ਹਨ, ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜ ਕੇ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖਣਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਅਤੇ ਅਧਿਆਤਮਿਕ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਅਜਿਹੇ ਸੈਮੀਨਾਰ ਅਤੇ ਜਾਗਰੂਕਤਾ ਪ੍ਰੋਗਰਾਮ ਵੀ ਕਰਵਾਏ ਜਾ ਰਹੇ ਹਨ।

ਸ. ਸੌਂਦ ਨੇ ਅੱਗੇ ਜਾਣਕਾਰੀ ਦਿੱਤੀ ਕਿ ਜਲੰਧਰ ਦੇ ਡੇਰਾ ਬੱਲਾਂ ਨੇੜੇ 25 ਕਰੋੜ ਰੁਪਏ ਦੀ ਲਾਗਤ ਨਾਲ ਸੈਂਟਰ ਆਫ਼ ਐਕਸੀਲੈਂਸ ਦੀ ਤਰਜ਼ 'ਤੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦੀ ਉਸਾਰੀ ਕੀਤੀ ਜਾ ਰਹੀ ਹੈ, ਜਦਕਿ ਇਸ ਪ੍ਰਾਜੈਕਟ ਲਈ ਜ਼ਮੀਨ ਦੀ ਖਰੀਦ 'ਤੇ 11 ਕਰੋੜ ਰੁਪਏ ਖਰਚ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਦੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਲਈ ਸ਼ੁਰੂਆਤੀ ਤੌਰ 'ਤੇ 100 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ।

ਧਾਰਮਿਕ ਸੰਦੇਸ਼ ਦਿੰਦਿਆਂ ਆਲ ਇੰਡੀਆ ਆਦਿ ਧਰਮ ਮਿਸ਼ਨ, ਚਰਨਛੋਹ ਸੱਚਖੰਡ ਬੇਗਮਪੁਰਾ, ਸ੍ਰੀ ਖੁਰਾਲਗੜ੍ਹ ਸਾਹਿਬ ਦੇ ਕੌਮੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਜੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਕਿਰਤ, ਸਮਾਨਤਾ ਅਤੇ ਸਮਾਜਿਕ ਨਿਆਂ ਦਾ ਸ਼ਕਤੀਸ਼ਾਲੀ ਸੰਦੇਸ਼ ਦਿੱਤਾ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਕਮਜ਼ੋਰ ਵਰਗਾਂ ਦੇ ਜ਼ੁਲਮ ਦਾ ਵਿਰੋਧ ਕੀਤਾ ਅਤੇ ਸਮੁੱਚੀ ਮਨੁੱਖਤਾ ਵਿੱਚ ਬਰਾਬਰੀ ਦਾ ਉਪਦੇਸ਼ ਦਿੱਤਾ। ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਈ ਬੇਗਮਪੁਰਾ ਦੀ ਸੰਕਲਪਨਾ ਅਜਿਹੇ ਬਰਾਬਰੀ ਵਾਲੇ ਸਮਾਜ ਦਾ ਆਦਰਸ਼ ਪੇਸ਼ ਕਰਦੀ ਹੈ, ਜਿੱਥੇ ਹਰ ਵਿਅਕਤੀ ਜਾਤ ਅਤੇ ਰੰਗ ਦੇ ਵਿਤਕਰੇ ਤੋਂ ਮੁਕਤ ਹੋ ਕੇ ਮਾਣ-ਸਨਮਾਨ ਨਾਲ ਜੀਵਨ ਬਤੀਤ ਕਰ ਸਕੇ।

ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਟੀਚਿਆਂ ਪ੍ਰਤੀ ਕੇਂਦਰਿਤ ਰਹਿਣ ਅਤੇ ਬਿਨਾਂ ਕਿਸੇ ਭਟਕਾਅ ਦੇ ਪੂਰੀ ਲਗਨ ਨਾਲ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਮਿਹਨਤ ਕਰਨ ਦਾ ਸੱਦਾ ਦਿੱਤਾ। ਸੰਤ ਸਤਵਿੰਦਰ ਹੀਰਾ ਜੀ ਨੇ ਸ੍ਰੀ ਗੁਰੂ ਰਵਿਦਾਸ ਜੀ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਾਲ ਭਰ ਚੱਲਣ ਵਾਲੇ ਸਮਾਗਮ ਉਲੀਕਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਵੀ ਸ਼ਲਾਘਾ ਕੀਤੀ।

ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ. ਗੁਰਪ੍ਰੀਤ ਸਿੰਘ ਜੀ.ਪੀ. ਨੇ ਕਿਹਾ ਕਿ ਪੰਜਾਬ ਅਤੇ ਭਾਰਤ ਦੀ ਧਰਤੀ ਮਹਾਨ ਗੁਰੂ ਸਾਹਿਬਾਨ ਅਤੇ ਸੰਤਾਂ ਦੀ ਅਮੀਰ ਵਿਰਾਸਤ ਅਤੇ ਸਿੱਖਿਆਵਾਂ ਦੀ ਧਰੋਹਰ ਪ੍ਰਾਪਤ ਹੋਣ ਕਰਕੇ ਧੰਨ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਪ੍ਰਚਾਰੇ ਗਏ ਸਿਧਾਂਤ ਅੱਜ ਦੇ ਯੁੱਗ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਅਤੇ ਅਪਣਾਉਣਯੋਗ ਹਨ।

ਵਾਈਸ ਚਾਂਸਲਰ ਡਾ. ਵਿਨੈ ਗੋਇਲ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਤੇਜ਼ੀ ਨਾਲ ਹੋ ਰਹੇ ਡਿਜੀਟਲੀਕਰਨ ਦੇ ਮੌਜੂਦਾ ਦੌਰ ਵਿੱਚ ਮਨੁੱਖੀ ਕਦਰਾਂ-ਕੀਮਤਾਂ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਦੂਰਦ੍ਰਿਸ਼ਟੀ ਭਰੀ ਸੋਚ ਅਤੇ ਸਿੱਖਿਆਵਾਂ ਅੱਜ ਵੀ ਤਕਨੀਕੀ ਤਰੱਕੀ ਦੇ ਦੌਰ ਵਿੱਚ ਮਨੁੱਖਤਾ ਨੂੰ ਅਧਿਆਤਮਿਕ ਗਿਆਨ ਅਤੇ ਨੈਤਿਕ ਕਦਰਾਂ-ਕੀਮਤਾਂ ਵੱਲ ਸੇਧ ਦਿੰਦੀਆਂ ਹਨ।

ਉਨ੍ਹਾਂ ਵਿਦਿਆਰਥੀਆਂ ਨੂੰ ਮਹਾਨ ਸੰਤਾਂ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਬਾਰੇ ਵੱਧ ਤੋਂ ਵੱਧ ਪੜ੍ਹਨ ਅਤੇ ਜਾਣਨ ਰਾਹੀਂ ਅਧਿਆਤਮਿਕ ਸੰਸਾਰ ਨਾਲ ਜੁੜਨ ਦਾ ਸੱਦਾ ਦਿੱਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਖਰੜ ਸ. ਗੁਰਮੀਤ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਸਚਿਨ, ਪ੍ਰੋਫੈਸਰ ਅਤੇ ਮੋਡਰੇਟਰ ਡਾ. ਕ੍ਰਿਸ਼ਨਾ, ਉੱਚ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਮਨੀਸ਼ ਕੁਮਾਰ ਅਤੇ ਹੋਰ ਪਤਵੰਤੇ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਮੁਕਤਸਰ ਸਾਹਿਬ ਪੁਲਿਸ ਦੀ ਵੱਡੀ ਕਾਰਵਾਈ: ਗੋਲੀਬਾਰੀ ਕਰਨ ਵਾਲੇ ਮਾਮਲੇ ’ਚ ਅਹਿਮ ਖੁਲਾਸੇ, ਪਾਕਿਸਤਾਨੀ ਵਿਅਕਤੀ ਦੇ ਇਸ਼ਾਰੇ ’ਤੇ ਹੋਈ ਸੀ ਵਾਰਦਾਤ

ਕੌਮੀ ਪਤ੍ਰਿਕਾ

ਸ੍ਰੀ ਮੁਕਤਸਰ ਸਾਹਿਬ 31 ਅਗਸਤ। ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਭਿਮੰਨਿਊ ਰਾਣਾ ਆਈਪੀਐੱਸ ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲ੍ਹੇ ’ਚ ਅਪਰਾਧੀਆਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼?ਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਅਸ਼ੋਕ ਮੀਨਾ ਐਸਪੀ (ਡੀ) ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ, ਇੰਚਾਰਜ ਸੀਆਈਏ ਅਤੇ ਇੰਸਪੈਕਟਰ ਰਵਿੰਦਰ ਕੌਰ, ਮੁੱਖ ਅਫ਼ਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀਆਂ ਟੀਮਾਂ ਵੱਲੋਂ ਸਾਂਝੀ ਕਾਰਵਾਈ ਕਰਦਿਆਂ ਬਲਮਗੜ੍ਹ ਰੋਡ ’ਤੇ ਗੋਲੀਆਂ ਚਲਾਉਣ ਦੀ ਵਾਰਦਾਤ ਨੂੰ ਟਰੇਸ ਕਰਕੇ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ’ਚ ਸਫਲਤਾ ਹਾਸਲ ਕੀਤੀ ਗਈ ਹੈ। ਮਿਤੀ 23.08.2026 ਨੂੰ ਅਨਿਲ ਕੁਮਾਰ ਪੁੱਤਰ ਸ਼ਿਵ ਰਾਮ, ਵਾਸੀ ਬਲਮਗੜ੍ਹ ਰੋਡ, ਸ੍ਰੀ ਮੁਕਤਸਰ ਸਾਹਿਬ ’ਤੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਚਲਾਈਆਂ ਗਈਆਂ ਸਨ। ਇਸ ਸਬੰਧੀ ਮਜਰੂਬ ਦੇ ਬਿਆਨ ’ਤੇ



ਮੁਕੱਦਮਾ ਨੰਬਰ 262 ਮਿਤੀ 24.08.2026, ਅਧੀਨ ਧਾਰਾ 109, 190, 191(3) ਅਤੇ 25/27 ਅਸਲਾ ਐਕਟ, ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕੀਤਾ ਗਿਆ। ਮੁੱਦਈ ਵੱਲੋਂ ਦਿੱਤੇ ਬਿਆਨ ਅਨੁਸਾਰ ਉਹ ਆਪਣੇ ਮਾਤਾ-ਪਿਤਾ ਨਾਲ ਇੱਕ ਪਰਿਵਾਰਕ ਸਮਾਗਮ ਤੋਂ ਵਾਪਸ ਆ ਰਿਹਾ ਸੀ। ਜਦੋਂ ਉਹ ਆਪਣੇ ਰਿਸ਼ਤੇਦਾਰ ਦੇ ਘਰ ਦਾ ਗੇਟ ਖੜਕਾ ਰਿਹਾ ਸੀ ਤਾਂ ਦੋ ਮੋਟਰਸਾਈਕਲਾਂ ’ਤੇ ਸਵਾਰ ਅਣਪਛਾਤੇ ਵਿਅਕਤੀ ਉੱਥੇ ਆਏ। ਉਨ੍ਹਾਂ ਵਿੱਚੋਂ ਇੱਕ ਵਿਅਕਤੀ ਨੇ ਉਸਦੇ ਨੇੜੇ ਆ ਕੇ ਉਸ ਨਾਲ ਗੱਲ ਕੀਤੀ ਅਤੇ ਬਾਅਦ ’ਚ ਪਿਸਤੌਲ/ਰਿਵਾਲਵਰ ਕੱਢ ਕੇ ਉਸ ’ਤੇ ਫਾਇਰ ਕੀਤੇ। ਗੋਲੀਆਂ ਲੱਗਣ ਕਾਰਨ ਉਹ ਜ਼ਖ਼ਮੀ ਹੋ ਗਿਆ। ਵਾਰਦਾਤ ਤੋਂ ਬਾਅਦ ਸਾਰੇ ਵਿਅਕਤੀ ਮੋਟਰਸਾਈਕਲਾਂ ’ਤੇ ਸਵਾਰ ਹੋ ਕੇ ਮੌਕੇ ਤੋਂ ਫਰਾਰ ਹੋ ਗਏ। ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਿਸ ਦੀਆਂ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ। ਥਾਣਾ ਸਿਟੀ ਅਤੇ ਸੀਆਈਏ ਦੀਆਂ ਟੀਮਾਂ ਵੱਲੋਂ ਖੁਫੀਆ ਸੂਤਰਾਂ, ਤਕਨੀਕੀ ਸਾਧਨਾਂ ਅਤੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਵਾਰਦਾਤ ’ਚ ਸ਼ਾਮਲ ਮੁਲਜ਼ਮਾਂ ਨੂੰ ਟਰੇਸ ਕੀਤਾ ਗਿਆ। ਪੁਲਿਸ ਵੱਲੋਂ ਹੁਣ ਤੱਕ 4 ਮੁਲਜ਼ਮਾਂ ਗੁਰਪ੍ਰੀਤ ਸਿੰਘ ਪੁੱਤਰ ਪ੍ਰਿਤਪਾਲ ਸਿੰਘ, ਵਾਸੀ ਪਿੰਡ ਬੋਦੀਵਾਲਾ ਖੜਕ ਸਿੰਘ ਵਾਲਾ, ਹਾਲ ਅਬਾਦ ਗੰਥੀ ਸਿੰਘ, ਗੁਰਦੁਆਰਾ ਅਕਾਸਰ ਸਾਹਿਬ, ਪਿੰਡ ਭਾਗਸਰ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਸੰਦੀਪ ਸਿੰਘ ਪੁੱਤਰ ਗੁਰਦੀਪ ਸਿੰਘ ਉਰਫ਼ ਦੌਲਾ, ਵਾਸੀ ਸੰਮੇਵਾਲੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਅਰਪਨ ਸਿੰਘ ਪੁੱਤਰ ਗੋਰਖਾ ਸਿੰਘ, ਵਾਸੀ ਪਿੰਡ ਸੰਮੇਵਾਲੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਸਤਨਾਮ ਸਿੰਘ ਉਰਫ਼ ਸੱਤਾ ਪੁੱਤਰ ਬਲਜੀਤ ਸਿੰਘ, ਵਾਸੀ ਗੋਬਿੰਦ ਨਗਰੀ ਮੌੜ ਰੋਡ, ਸ੍ਰੀ ਮੁਕਤਸਰ ਸਾਹਿਬ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਗ੍ਰਿਫਤਾਰ ਮੁਲਜ਼ਮਾਂ ਦੀ ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਮੁੱਖ ਮੁਲਜ਼ਮ ਗੁਰਪ੍ਰੀਤ ਸਿੰਘ ਦੀ ਪਾਕਿਸਤਾਨ ’ਚ ਬੈਠੇ ਕਿਸੇ ਵਿਅਕਤੀ ਨਾਲ ਇੰਸਟਾਗ੍ਰਾਮ ਅਤੇ ਵਟਸਐਪ ਰਾਹੀਂ ਗੱਲਬਾਤ ਹੋਈ ਸੀ। ਮੁੱਢਲੀ ਪੁੱਛਗਿੱਛ ਅਨੁਸਾਰ ਉਕਤ ਵਿਅਕਤੀ ਵੱਲੋਂ ਗੁਰਪ੍ਰੀਤ ਸਿੰਘ ਨੂੰ ਪੈਸਿਆਂ ਦਾ ਲਾਲਚ ਦੇ ਕੇ ਦਹਿਸ਼ਤ ਫੈਲਾਉਣ ਦੇ ਮਕਸਦ ਨਾਲ ਗੈਰ-ਪੰਜਾਬੀ ਵਿਅਕਤੀ ’ਤੇ ਗੋਲੀਬਾਰੀ ਕਰਨ ਲਈ ਕਿਹਾ ਗਿਆ। ਇਸ ਤੋਂ ਬਾਅਦ ਗੁਰਪ੍ਰੀਤ ਸਿੰਘ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਕੱਚਾ ਬਲਮਗੜ੍ਹ ਰੋਡ ’ਤੇ ਅਨਿਲ ਕੁਮਾਰ ’ਤੇ ਗੋਲੀਆਂ ਚਲਾਉਣ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।

# ਕਾਂਗਰਸ ਦੀਆਂ ਲੋਕ ਸਭਾ ਸੀਟਾਂ ਨੂੰ ਲੈ ਕੇ ਅਕਾਲੀ ਦਲ ਦਾ ਅਹਿਮ ਬਿਆਨ

ਚੰਡੀਗੜ੍ਹ 31 ਅਗਸਤ। ਸ਼੍ਰੋਮਣੀ ਅਕਾਲੀ ਦਲ ਦਾ ਕਹਿਣਾ ਹੈ ਕਿ ਕਾਂਗਰਸ ਪਾਰਟੀ ਵੱਲੋਂ ਲੋਕ ਸਭਾ ਸੀਟਾਂ ਜਿਵੇਂ ਦੀਆਂ ਤਿਵੇਂ ਅਗਲੇ 25 ਸਾਲ ਤੱਕ ਬਰਕਰਾਰ ਰੱਖਣ ਦੀ ਤਜਵੀਜ਼ ਲੋਕਤੰਤਰੀ ਪ੍ਰਤੀਨਿਧਤਾ ਦੀ ਭਾਵਨਾ ਦੇ ਉਲਟ ਹੈ ਅਤੇ ਇਸ ਨਾਲ ਨੌਜਵਾਨ ਲੀਡਰਸ਼ਿਪ ਦੀ ਇਕ ਹੋਰ ਪੀੜੀ ਵਾਸਤੇ ਸੰਸਦੀ ਤੇ ਵਿਧਾਨ ਸਭਾ ਹਲਕਿਆਂ ਦੇ ਦਰਵਾਜ਼ੇ ਅਸਿੱਧੇ ਤੌਰ ’ਤੇ ਬੰਦ ਹੋ ਜਾਣਗੇ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਇਸ ਸਬੰਧੀ ਬੈਠਕ ਤੇ ਬਿਨਾਂ ਸੋਚੇ-ਸਮਝੇ ਦਿੱਤੇ ਸੁਝਾਅ ਦਾ ਗੰਭੀਰ ਨੋਟਿਸ ਲੈਂਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਪਹਿਲਾਂ ਹੀ 1971 ਵਿਚ ਜਦੋਂ ਦੇਸ਼ ਦੀ ਆਬਾਦੀ 54.8 ਕਰੋੜ ਰੁਪਏ ਸੀ ਤਾਂ ਉਸ ਵੇਲੇ ਤੋਂ ਪਿਛਲੇ 55 ਸਾਲਾਂ ਤੋਂ ਸੀਟਾਂ ਪਹਿਲਾਂ ਹੀ ਜਿਉਂ ਦੀਆਂ ਤਿਉਂ ਹਨ। ਆਬਾਦੀ ਵਾਲੇ ਕੇਂਦਰੀ ਤੇ ਉੱਤਰੀ ਭਾਰਤ ਹਲਕਿਆਂ ਨੂੰ ਲਾਭ ਮਿਲ ਸਕਦਾ ਹੈ, ਜਿਸ ਨਾਲ ਭਾਰਤ ਦਾ



ਉਨ੍ਹਾਂ ਕਿਹਾ ਕਿ ਅੱਜ ਦੇਸ਼ ਦੀ ਆਬਾਦੀ 140 ਕਰੋੜ ਰੁਪਏ ਦੇ ਕਰੀਬ ਹੈ। ਡਾ. ਚੀਮਾ ਨੇ ਕਿਹਾ ਕਿ 25 ਹੋਰ ਸਾਲਾਂ ਤੱਕ ਇਨ੍ਹਾਂ ਨੂੰ ਜਿਉਂ ਦਾ ਤਿਉਂ ਰੱਖਣ ਨਾਲ ਸੰਕਟ ਹੋਰ ਡੂੰਘਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਹਲਕਿਆਂ ਵਿਚ ਪ੍ਰਭਾਵਸ਼ਾਲੀ ਪ੍ਰਤੀਨਿਧਤਾ ਕਰਨੀ ਤਕਰੀਬਨ ਵਸੋਂ ਬਾਹਰ ਹੋਣ ਵਾਲੀ ਗੱਲ ਹੋ ਗਈ ਹੈ ਕਿਉਂਕਿ ਆਬਾਦੀ ਦਾ ਬਹੁਤ ਜ਼ਿਆਦਾ ਫ਼ਰਕ ਪੈ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਤੇ ਦੱਖਣੀ ਰਾਜਾਂ ਵਿਚ ਹਲਕਿਆਂ ਦੀ ਹੱਦਬੰਦੀ ਵੀ ਇਕ ਵੱਡਾ ਮਾਮਲਾ ਹੈ ਕਿਉਂਕਿ ਇਨ੍ਹਾਂ ਰਾਜਾਂ ਵਿਚ ਪਾਰਲੀਮਾਨੀ ਸੀਟਾਂ ਘਟਣ ਦਾ ਖਦਸ਼ਾ ਹੈ, ਜਦੋਂ ਕਿ ਵੱਧ ਸੰਘੀ ਸੰਤੁਲਨ ਵਿਗੜ ਸਕਦਾ ਹੈ। ਡਾ. ਚੀਮਾ ਨੇ ਕਿਹਾ ਕਿ ਅਜਿਹੇ ਹਾਲਾਤ ਵਿਚ ਸਮੱਸਿਆ ਦਾ ਹੱਲ ਸੀਟਾਂ ਨੂੰ ਜਿਉਂ ਦਾ ਤਿਉਂ ਰੱਖਣ ਵਿਚ ਜਾਂ ਆਬਾਦੀ ’ਤੇ ਸਫ਼ਲਤਾ ਪੂਰਵਕ ਕੰਟਰੋਲ ਕਰਨ ਵਾਲੇ ਰਾਜਾਂ ਨੂੰ ਸਜ਼ਾ ਦੇ ਕੇ ਕੱਢਣਾ ਨਹੀਂ ਹੈ, ਬਲਕਿ ਲੋਕ ਸਭਾ ਵਿਚ ਸਾਰੇ ਰਾਜਾਂ ਨੂੰ ਸੀਟਾਂ ਵਿਚ ਇਕ ਸਮਾਨ 50 ਫ਼ੀਸਦੀ ਵਾਧਾ ਮਿਲਣਾ ਚਾਹੀਦਾ ਹੈ ਅਤੇ ਇਸ ਵਾਸਤੇ ਸਾਰੇ ਰਾਜਾਂ ਵਿਚ ਸੀਟਾਂ ਦੇ 50 ਫ਼ੀਸਦੀ ਵਾਧੇ ਵਾਸਤੇ ਹੱਦਬੰਦੀ ਕਰਨੀ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਜਨਤਕ ਪ੍ਰਤੀਨਿਧਤਾ ਵਧੇਗੀ, ਆਬਾਦੀ ਵਿਚ ਵਾਧੇ ਦੇ ਹਿਸਾਬ ਨਾਲ ਪ੍ਰਤੀਨਿਧਤਾ ਹੋਵੇਗੀ

## ਤਾਂਤਰਿਕ ਨੇ ਮਹਿਲਾ ਨੂੰ ਕਾਲੇ ਇਲਮ ਨਾਲ ਠੀਕ ਕਰਨ ਦਾ ਆਖ਼ ਕੇ ਮਾਰੀ ਠੱਗੀ

ਲੁਧਿਆਣਾ 31 ਅਗਸਤ। ਤੰਤਰ-ਮੰਤਰ, ਰੂਹਾਨੀ ਇਲਾਜ ਤੇ ਕਾਲੇ ਇਲਮ ਜ਼ਰੀਏ ਬਿਮਾਰੀ ਠੀਕ ਕਰਨ ਦਾ ਝਾਂਸਾ ਦੇ ਕੇ ਇਕ ਵਿਅਕਤੀ ਤੋਂ ਲੱਖਾਂ ਰੁਪਏ ਦੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸ਼ਾਤਿਰ ਤਾਂਤਰਿਕ ਨੇ ਪੀੜਤ ਦੀ ਬਿਮਾਰ ਪਤਨੀ ਨੂੰ ਰੂਹਾਨੀ ਸ਼ਕਤੀਆਂ ਨਾਲ ਠੀਕ ਕਰਨ ਦਾ ਦਾਅਵਾ ਕਰਰ ਕੇ ਉਸ ਤੋਂ ਤਕਰੀਬਨ 4.22 ਲੱਖ ਰੁਪਏ ਦੀ ਮੋਟੀ ਠੱਗੀ ਮਾਰ ਲਈ। ਜਸਪ੍ਰੀਤ ਸਿੰਘ ਦੀ ਸ਼ਿਕਾਇਤ ਦੀ ਪੜਤਾਲ ਮਗਰੋਂ ਹੈਬੋਵਾਲ ਥਾਣੇ ਦੀ ਪੁਲਸ ਨੇ ਮੁਲਜ਼ਮ ਮੁਹੰਮਦ ਸਾਬਰ ਦੇ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਸ਼ਿਕਾਇਤਕਰਤਾ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦੀ ਪਤਨੀ ਦੀ ਤਬੀਅਤ ਖ਼ਰਾਬ ਰਹਿੰਦੀ ਸੀ।

# ਸਨਸਨੀਖੇਜ਼ : ਪਾਕਿਸਤਾਨ ਜਾਸੂਸੀ ਨੈੱਟਵਰਕ ਦਾ ਪਰਦਾਫਾਸ਼

ਲੁਧਿਆਣਾ 31 ਅਗਸਤ। ਲੁਧਿਆਣਾ ਪੁਲਸ ਨੇ ਪਾਕਿਸਤਾਨੀ ਖੁਫੀਆ ਏਜੰਸੀ ਦੁਆਰਾ ਪੰਜਾਬ ’ਚ ਰਾਸ਼ਟਰੀ ਸੁਰੱਖਿਆ ਨਾਲ ਸਮਝੌਤਾ ਕਰਨ ਦੀ ਇੱਕ ਹੋਰ ਖ਼ਤਰਨਾਕ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਪੁਲਸ ਨੇ ਸ਼ਹਿਰ ਦੇ ਵਿਅਸਤ ਅਤੇ ਸੰਵੇਦਨਸ਼ੀਲ ਫਿਰੋਜ਼ਪੁਰ ਰੋਡ ’ਤੇ ਇੱਕ ਦੁਕਾਨ ਦੇ ਬਾਹਰ ਹਾਈ-ਟੈਕ ਸੀਸੀਟੀਵੀ ਕੈਮਰੇ ਲਗਾਉਣ ਅਤੇ ਪਾਕਿਸਤਾਨ ਵਿਚ ਖੁਫੀਆ ਹੈਂਡਲਰਾਂ ਨੂੰ ਆਪਣੇ ਸੀਸੀਟੀਵੀ ਕੈਮਰਿਆਂ ਦੀ ਪੂਰੀ ਲਾਈਵ ਪਹੁੰਚ ਪ੍ਰਦਾਨ ਕਰਨ ਦੇ ਦੋਸ਼ ਵਿੱਚ ਇੱਕ ਦੋਸ਼ੀ ਨੂੰ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਗ੍ਰਿਫਤਾਰ ਦੋਸ਼ੀ ਦੀ ਪਛਾਣ ਰਛਪਾਲ ਸਿੰਘ ਵਜੋਂ ਹੋਈ ਹੈ। ਰਿਪੋਰਟਾਂ ਅਨੁਸਾਰ, ਸਬ-ਇੰਸਪੈਕਟਰ ਅਰਸ਼ਦੀਪ ਸਿੰਘ ਇੱਕ ਪੁਲਸ ਪਾਰਟੀ ਦੇ ਨਾਲ ਇਲਾਕੇ ਵਿੱਚ ਗਸ਼ਤ ਅਤੇ ਚੈਕਿੰਗ ਕਰ ਰਹੇ ਸਨ। ਇਸ ਦੌਰਾਨ, ਪੁਲਿਸ ਨੂੰ ਇੱਕ ਖਾਸ ਮੁਖ਼ਬਰ ਤੋਂ ਬਹੁਤ ਹੀ ਸੰਵੇਦਨਸ਼ੀਲ ਅਤੇ ਗੁਪਤ ਜਾਣਕਾਰੀ ਮਿਲੀ। ਜਾਣਕਾਰੀ ਵਿੱਚ ਕਿਹਾ ਗਿਆ ਹੈ ਕਿ ਦੋਸ਼ੀ ਰਛਪਾਲ ਸਿੰਘ ਨੇ ਮੈਡੀਵੇ (ਮੈਡੀਸਿਟੀ) ਹਸਪਤਾਲ ਦੇ ਬਿਲਕੁਲ ਸਾਹਮਣੇ, ਫਿਰੋਜ਼ਪੁਰ ਰੋਡ




(ਲੁਧਿਆਣਾ) ਦੇ ਪਲਾਟ ਨੰਬਰ 01, ਨਿਊ ਸੁੰਦਰ ਨਗਰ ਵਿਖੇ ਇੱਕ ਦੁਕਾਨ ਕਿਰਾਏ ’ਤੇ ਲਈ ਸੀ। ਦੁਕਾਨ ਦੇ ਬਾਹਰ ਕੈਮਰੇ ਲਗਾਏ ਗਏ ਸਨ, ਜੋ ਪਾਕਿਸਤਾਨ ਨੂੰ ਪੂਰਾ ਕੰਟਰੋਲ ਦਿੰਦੇ ਸਨ। ਜਾਸੂਸੀ ਟ੍ਰੋਲ ਨੂੰ ਜੋੜਨ ਤੋਂ ਪਤਾ ਲੱਗਾ ਕਿ ਦੋਸ਼ੀ ਰਛਪਾਲ ਸਿੰਘ ਨੇ ਦੁਕਾਨ ਦੇ ਬਾਹਰ ਖਾਸ ਤੌਰ ’ਤੇ ਕੈਮਰੇ ਲਗਾਏ ਸਨ, ਜਿਨ੍ਹਾਂ ਨੂੰ ਪਾਕਿਸਤਾਨੀ ਖੁਫੀਆ ਏਜੰਸੀਆਂ ਦੁਆਰਾ ਪੂਰੀ ਤਰ੍ਹਾਂ ਡਿਜੀਟਲੀ ਪਹੁੰਚ ਅਤੇ ਕੰਟਰੋਲ ਕੀਤਾ ਜਾ ਰਿਹਾ ਸੀ। ਇਨ੍ਹਾਂ ਕੈਮਰਿਆਂ ਰਾਹੀਂ, ਪਾਕਿਸਤਾਨੀ ਲੁਧਿਆਣਾ ਜ਼ਿਲ੍ਹੇ ਦੇ 24 ਘੰਟੇ ਵਿੱਚ ਸਾਰੀਆਂ ਗਤੀਵਿਧੀਆਂ, ਵੀਆਈਪੀ ਗਤੀਵਿਧੀਆਂ ਅਤੇ ਸੰਵੇਦਨਸ਼ੀਲ ਗਤੀਵਿਧੀਆਂ ’ਤੇ ਨਜ਼ਰ ਰੱਖ ਰਹੇ ਸਨ। ਜਾਂਚ ’ਚ ਇਹ ਵੀ ਖੁਲਾਸਾ ਹੋਇਆ ਕਿ ਇਸ ਲਾਈਵ ਨਿਗਰਾਨੀ ਨੈੱਟਵਰਕ ਦੀ ਵਰਤੋਂ ਸਮੇਂ-ਸਮੇਂ ’ਤੇ ਵੱਖ-ਵੱਖ ਫੋਨ ਨੰਬਰਾਂ ’ਤੇ ਧਮਕੀਆਂ ਦੇਣ ਅਤੇ ਲੁਧਿਆਣਾ ਵਿੱਚ ਇੱਕ ਵੱਡੀ ਦੇਸ਼ ਵਿਰੋਧੀ ਘਟਨਾ ਲਈ ਜ਼ਮੀਨ ਤਿਆਰ ਕਰਨ ਲਈ ਕੀਤੀ ਜਾ ਰਹੀ ਸੀ। ਇਸ ਇਨਪੁੱਟ ਦੇ ਆਧਾਰ ’ਤੇ, ਪਾਕਿਸਤਾਨੀ ਖੁਫੀਆ ਏਜੰਸੀਆਂ ਪੰਜਾਬ ਵਿੱਚ ਅਸ਼ਾਂਤੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੀਆਂ ਸਨ। ਮਾਮਲੇ ਦੀ ਗੰਭੀਰਤਾ ਅਤੇ ਰਾਸ਼ਟਰੀ ਸੁਰੱਖਿਆ ਲਈ ਇਸ ਦੇ ਪ੍ਰਭਾਵ ਨੂੰ ਦੇਖਦੇ ਹੋਏ, ਪੁਲਸ ਨੇ ਤੁਰੰਤ ਕਾਰਵਾਈ ਕੀਤੀ ਅਤੇ ਦੋਸ਼ੀ ਰਛਪਾਲ ਸਿੰਘ ਵਿਰੁੱਧ ਸਬੰਧਤ ਧਾਰਾਵਾਂ ਤਹਿਤ ਗੰਭੀਰ ਮਾਮਲਾ ਦਰਜ ਕੀਤਾ। ਜਾਂਚ ਦੌਰਾਨ, ਪੁਲਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਹੁਣ ਰਿਮਾਂਡ ਦੌਰਾਨ ਉਸ ਤੋਂ ਇਸ ਨੈੱਟਵਰਕ ਵਿੱਚ ਸ਼ਾਮਲ ਸ਼ਹਿਰ ਦੇ ਹੋਰ ਸਲੀਪਰ ਸੈੱਲਾਂ ਜਾਂ ਸਹਿਯੋਗੀਆਂ ਦੇ ਵੇਰਵੇ ਅਤੇ ਪਾਕਿਸਤਾਨ ਤੋਂ ਉਸਨੂੰ ਮਿਲ ਰਹੀ ਫੰਡਿੰਗ ਦੀ ਰਕਮ ਕੱਢਣ ਦੀ ਕੋਸ਼ਿਸ਼ ਕਰ ਰਹੀ ਹੈ।

# ਬਿਜਲੀ ਲੋਡ ਵਧਾਉਣ ਦੀ ਅਰਜ਼ੀ ਲਟਕਾਉਣ ’ਤੇ ਪੀ. ਐੱਸ. ਪੀ. ਸੀ. ਐੱਲ. ਦੀ ਕਾਰਗੁਜ਼ਾਰੀ ’ਤੇ ਸਵਾਲ

ਕੌਮੀ ਪਤ੍ਰਿਕਾ

ਮੋਗਾ 31 ਅਗਸਤ। ਇੰਦਰ ਸਿੰਘ ਗਿੱਲ ਨਗਰ, ਮੋਗਾ ਦੇ ਵਸਨੀਕ ਬਲਕਰਨ ਸਿੰਘ ਭੁੱਲਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ (ਪੀ. ਐੱਸ. ਪੀ. ਸੀ. ਐੱਲ.) ਦੇ ਸਬੰਧਤ ਅਧਿਕਾਰੀਆਂ ਦੀ ਕਥਿਤ ਲਾਪਰਵਾਹੀ ਅਤੇ ਗੈਰ-ਜ਼ਿੰਮੇਵਾਰਾਨਾ ਰਵੱਈਏ ਵਿਰੁੱਧ ਤਿੱਖਾ ਰੋਸ ਪ੍ਰਗਟ ਕੀਤਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਬਿਜਲੀ ਲੋਡ ਵਧਾਉਣ ਲਈ ਨਿਯਮਾਂ ਅਨੁਸਾਰ ਅਰਜ਼ੀ ਅਤੇ ਬਣਦੀ ਫੀਸ ਜਮ੍ਹਾਂ ਕਰਵਾਉਣ ਦੇ ਬਾਵਜੂਦ ਕਰੀਬ ਡੇਢ ਮਹੀਨਾ ਬੀਤ ਚੁੱਕਾ ਹੈ ਪਰ ਅਜੇ ਤੱਕ ਉਨ੍ਹਾਂ ਦੇ ਮਾਮਲੇ ਵਿਚ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਬਲਕਰਨ ਸਿੰਘ ਭੁੱਲਰ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਬਿਜਲੀ ਖਾਤਾ ਨੰਬਰ 4731114000 ਦਾ ਲੋਡ ਵਧਾਉਣ ਲਈ ਵਿਭਾਗ ਕੋਲ ਅਰਜ਼ੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਨਿਯਮਾਂ ਅਨੁਸਾਰ ਖਪਤਕਾਰ ਵੱਲੋਂ ਲੋੜੀਂਦੀ ਕਾਰਵਾਈ ਅਤੇ ਫੀਸ ਜਮ੍ਹਾ ਕਰਵਾਉਣ ਤੋਂ ਬਾਅਦ ਵਿਭਾਗ ਵੱਲੋਂ ਨਿਰਧਾਰਿਤ ਪ੍ਰਕਿਰਿਆ ਤਹਿਤ ਮਾਮਲੇ ਦਾ



ਨਿਪਟਾਰਾ ਕੀਤਾ ਜਾਣਾ ਚਾਹੀਦਾ ਹੈ ਪਰ ਉਨ੍ਹਾਂ ਦੇ ਮਾਮਲੇ ਵਿਚ ਅਰਜ਼ੀ ਨੂੰ ਬੇਵਜ੍ਹਾ ਲਟਕਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਬ-ਡਵੀਜ਼ਨ ਦੇ ਐੱਸ. ਡੀ. ਓ. ਅਤੇ ਸਬੰਧਤ ਅਧਿਕਾਰੀਆਂ ਨੂੰ ਕਈ ਵਾਰ ਇਸ ਮਾਮਲੇ ਬਾਰੇ ਜਾਣੂ ਕਰਵਾਇਆ ਗਿਆ, ਪਰ ਇਸ ਦੇ ਬਾਵਜੂਦ ਨਾ ਤਾਂ ਉਨ੍ਹਾਂ ਨੂੰ ਕੋਈ ਸੰਤੋਸ਼ਜਨਕ ਜਵਾਬ ਮਿਲਿਆ ਅਤੇ ਨਾ ਹੀ ਲੋਡ ਵਧਾਉਣ ਸਬੰਧੀ ਕਾਰਵਾਈ ਅੱਗੇ ਵਧੀ। ਇਸ ਕਾਰਨ ਉਨ੍ਹਾਂ ਨੂੰ ਕਥਿਤ ਤੌਰ ’ਤੇ ਵਾਰ-ਵਾਰ ਦਫ਼ਤਰਾਂ ਦੇ ਚੱਕਰ ਲਾਉਣੇ ਪੈ ਰਹੇ ਹਨ। ਬਲਕਰਨ ਸਿੰਘ ਭੁੱਲਰ ਨੇ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਖਪਤਕਾਰ ਆਪਣੀ ਬਣਦੀ ਫੀਸ ਅਤੇ ਦਸਤਾਵੇਜ਼ ਸਮੇਂ ਸਿਰ ਜਮ੍ਹਾ ਕਰਵਾ ਸਕਦਾ ਹੈ ਤਾਂ ਵਿਭਾਗ ਆਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਡੇਢ ਮਹੀਨਾ ਕਿਉਂ ਲਗਾ ਰਿਹਾ ਹੈ? ਉਨ੍ਹਾਂ ਤਿੱਖੇ ਲਹਿਜ਼ੇ ਵਿਚ ਕਿਹਾ, “ਕੀ ਬਿਨਾਂ ਰਿਸ਼ਵਤ ਦੇ ਇੱਥੇ ਕੋਈ ਕੰਮ ਨਹੀਂ ਹੋਵੇਗਾ?”ਹਾਲਾਂਕਿ ਉਨ੍ਹਾਂ ਵੱਲੋਂ ਲਾਏ ਗਏ ਇਸ ਦੋਸ਼ ਦੀ ਸੁਤੰਤਰ ਪੁਸ਼ਟੀ ਨਹੀਂ ਹੋਈ ਹੈ। ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਦਾ ਬਿਜਲੀ ਲੋਡ ਤੁਰੰਤ ਵਧਾਇਆ ਜਾਵੇ, ਅਰਜ਼ੀ ਲਟਕਾਉਣ ਦਾ ਲਿਖਤੀ ਕਾਰਨ ਦੱਸਿਆ ਜਾਵੇ ਅਤੇ ਜੇਕਰ ਕਿਸੇ ਅਧਿਕਾਰੀ ਦੀ ਲਾਪਰਵਾਹੀ ਸਾਹਮਣੇ ਆਉਂਦੀ ਹੈ ਤਾਂ ਉਸ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਕੀਤੀ ਜਾਵੇ। ਬਲਕਰਨ ਸਿੰਘ ਭੁੱਲਰ ਨੇ ਕਿਹਾ ਕਿ ਜੇਕਰ ਮਾਮਲੇ ਦਾ ਜਲਦ ਨਿਪਟਾਰਾ ਨਾ ਕੀਤਾ ਗਿਆ ਤਾਂ ਉਹ ਖਪਤਕਾਰ ਸ਼ਿਕਾਇਤ ਨਿਵਾਰਨ ਫੋਰਮ, ਬਿਜਲੀ ਲੋਕਪਾਲ ਅਤੇ ਹੋਰ ਸਬੰਧਤ ਸਰਕਾਰੀ ਮੰਚਾਂ ’ਤੇ ਸ਼ਿਕਾਇਤ ਦਰਜ ਕਰਵਾਉਣ ਦੇ ਨਾਲ-ਨਾਲ ਲੋੜ ਪੈਣ ’ਤੇ ਕਾਨੂੰਨੀ ਲੜਾਈ ਵੀ ਲੜਨਗੇ।

# ਤਨਖ਼ਾਹਾਂ ਨੂੰ ਲੈ ਕੇ ਪਿਆ ਵੱਡਾ ਰੌਲਾ ! ਚੰਡੀਗੜ੍ਹ ਸਿੱਖਿਆ ਵਿਭਾਗ ’ਚ ਡੈਪੂਟੇਸ਼ਨ ਦਾ ਮਾਮਲਾ ਕੈਗ ਤੱਕ ਪੁੱਜਾ

ਕੌਮੀ ਪਤ੍ਰਿਕਾ

ਚੰਡੀਗੜ੍ਹ 31 ਅਗਸਤ। ਚੰਡੀਗੜ੍ਹ ਸਿੱਖਿਆ ਵਿਭਾਗ ’ਚ ਪੰਜਾਬ ਤੇ ਹਰਿਆਣਾ ਤੋਂ ਡੈਪੂਟੇਸ਼ਨ ’ਤੇ ਆਏ ਅਧਿਆਪਕਾਂ ਤੇ ਪ੍ਰਿੰਸੀਪਲਾਂ ਨੂੰ ਐਕਸਟੈਂਸ਼ਨ ਮਿਲੇ ਬਿਨਾਂ ਵੀ ਤਨਖ਼ਾਹ ਜਾਰੀ ਕਰਨ ਦਾ ਮਾਮਲਾ ਤੂਲ ਫੜਦਾ ਜਾ ਰਿਹਾ ਹੈ। ਇਸ ਗੰਭੀਰ ਪ੍ਰਸ਼ਾਸਨਿਕ ਅਤੇ ਵਿੱਤੀ ਬੇਨਿਯਮੀ ਦੀ ਸ਼ਿਕਾਇਤ ਹੁਣ ਦੇਸ਼ ਦੇ ਕੰਪਟ੍ਰੋਲਰ ਐਂਡ ਆਡੀਟਰ ਜਨਰਲ (ਕੈਗ) ਕੋਲ ਪਹੁੰਚ ਗਈ ਹੈ। ਭਾਰਤੀ ਮਜ਼ਦੂਰ ਸੰਘ ਨਾਲ ਸਬੰਧਿਤ ਸ਼ਹਿਰ ਦੇ ਅਧਿਆਪਕਾਂ ਦੀ ਜੁਆਇੰਟ ਐਕਸ਼ਨ ਕਮੇਟੀ ਆਫ ਟੀਚਰਜ਼ ਚੰਡੀਗੜ੍ਹ ਨੇ ਕੈਗ ਨੂੰ ਪੱਤਰ ਲਿਖ ਕੇ ਚੰਡੀਗੜ੍ਹ ਸਿੱਖਿਆ ਵਿਭਾਗ, ਪਰਸੋਨਲ ਵਿਭਾਗ ਅਤੇ ਵਿੱਤ ਵਿਭਾਗ ਦੇ ਰਿਕਾਰਡਾਂ ਦਾ ਵਿਸ਼ੇਸ਼ ਆਡਿਟ ਅਤੇ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਇਸ ਸਮੇਂ ਪੰਜਾਬ ਅਤੇ ਹਰਿਆਣਾ ਦੇ ਲਗਭਗ 400 ਜਾਂ ਇਸ ਤੋਂ ਵੱਧ ਅਧਿਆਪਕ ਅਤੇ ਪ੍ਰਿੰਸੀਪਲ ਚੰਡੀਗੜ੍ਹ ਦੇ ਵੱਖ-ਵੱਖ ਸਰਕਾਰੀ ਸਕੂਲਾਂ ’ਚ ਡੈਪੂਟੇਸ਼ਨ ’ਤੇ ਤਾਇਨਾਤ ਹਨ। ਕਈ ਮਾਮਲਿਆਂ ’ਚ ਡੈਪੂਟੇਸ਼ਨ ਦੀ ਨਿਰਧਾਰਤ ਮਿਆਦ ਪੂਰੀ ਹੋ ਚੁੱਕੀ ਹੈ। ਐਕਸਟੈਂਸ਼ਨ



ਦੀ ਮਿਆਦ ਪੂਰੀ ਹੋਣ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਕੋਈ ਐਕਸਟੈਂਸ਼ਨ ਆਰਡਰ ਵੀ ਜਾਰੀ ਨਹੀਂ ਕੀਤਾ ਗਿਆ। ਇਸ ਦੇ ਬਾਵਜੂਦ ਕਈ ਅਧਿਆਪਕ ਅਤੇ ਪ੍ਰਿੰਸੀਪਲ 15 ਤੋਂ 20 ਸਾਲਾਂ ਤੋਂ ਡੈਪੂਟੇਸ਼ਨ ’ਤੇ ਆਪਣੀਆਂ ਸੇਵਾਵਾਂ ਦੇ ਰਹੇ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਹੁਕਮ ਨਾ ਹੋਣ ਦੇ ਬਾਵਜੂਦ ਪ੍ਰਸ਼ਾਸਨ ਦਾ ਵਿੱਤ ਵਿਭਾਗ ਲਗਾਤਾਰ ਸਰਕਾਰੀ ਖ਼ਜ਼ਾਨੇ ’ਚੋਂ ਇਨ੍ਹਾਂ ਨੂੰ ਤਨਖ਼ਾਹ ਅਤੇ ਹੋਰ ਵਿੱਤੀ ਲਾਭ ਜਾਰੀ ਕਰ ਰਿਹਾ ਹੈ। ਯੂਨੀਅਨ ਦੇ ਪ੍ਰਧਾਨ ਰਣਬੀਰ ਸਿੰਘ ਰਾਣਾ ਅਤੇ ਜਨਰਲ ਸਕੱਤਰ ਸ਼ਿਵ ਮੂਰਤ ਯਾਦਵ ਨੇ ਸ਼ਿਕਾਇਤ ’ਚ ਕਿਹਾ ਹੈ ਕਿ ਉਹ ਇਸ ਮਾਮਲੇ ਨੂੰ ਲੈ ਕੇ ਚੰਡੀਗੜ੍ਹ ਪ੍ਰਸ਼ਾਸਨ ਸਾਹਮਣੇ ਕਈ ਵਾਰ ਆਵਾਜ਼ ਉਠਾ ਚੁੱਕੇ ਹਨ ਤੇ ਵਿਜੀਲੈਂਸ ਤੇ ਪਰਸੋਨਲ ਵਿਭਾਗ ਤੋਂ ਜਾਂਚ ਦੀ ਮੰਗ ਵੀ ਕਰ ਚੁੱਕੇ ਹਨ ਪਰ ਕੋਈ ਕਾਰਵਾਈ ਨਹੀਂ ਹੋਈ। ਪੱਤਰ ’ਚ ਕੈਗ ਨੂੰ ਇਸ ਦੀ ਜਾਂਚ ਕਰਵਾਉਣ ਲਈ ਕਿਹਾ ਹੈ ਕਿ ਕਿਸ ਅਧਿਕਾਰ ਤਹਿਤ ਡੈਪੂਟੇਸ਼ਨ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਵੀ ਇਨ੍ਹਾਂ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਜਨਤਕ ਪੈਸੇ ’ਚੋਂ ਤਨਖ਼ਾਹ ਦਿੱਤੀ ਜਾ ਰਹੀ ਹੈ, ਕੀ ਵਿੱਤ ਵਿਭਾਗ ਨੇ ਫੰਡ ਜਾਰੀ ਕਰਨ ਤੋਂ ਪਹਿਲਾਂ ਡੈਪੂਟੇਸ਼ਨ ਅਤੇ ਐਕਸਟੈਂਸ਼ਨ ਆਰਡਰਾਂ ਦੀ ਜਾਂਚ ਕੀਤੀ ਸੀ, ਬਿਨਾਂ ਐਕਸਟੈਂਸ਼ਨ ਤੋਂ ਹੁਣ ਤੱਕ ਦਿੱਤੀ ਗਈ ਕੁੱਲ ਤਨਖ਼ਾਹ ਅਤੇ ਹੋਰ ਲਾਭਾਂ ਦੀ ਸਹੀ ਰਕਮ ਦਾ ਹਿਸਾਬ ਲਾਇਆ ਜਾਵੇ, ਬਿਨਾਂ ਮਨਜ਼ੂਰੀ ਤੋਂ ਸੇਵਾ ਜਾਰੀ ਰੱਖਣ ਤੇ ਵਿੱਤੀ ਬੇਨਿਯਮੀ ਲਈ ਜ਼ਿੰਮੇਵਾਰ ਸਬੰਧਿਤ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਦੋਸ਼ੀ ਪਾਏ ਜਾਣ ’ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਯੂਨੀਅਨ ਨੇ ਇਸ ਪੱਤਰ ਦੀਆਂ ਕਾਪੀਆਂ ਰਾਸ਼ਟਰਪਤੀ, ਕੇਂਦਰੀ ਗ੍ਰਹਿ ਮੰਤਰੀ, ਚੰਡੀਗੜ੍ਹ ਦੇ ਮੁੱਖ ਸਕੱਤਰ ਤੇ ਸਕੱਤਰ ਪਰਸੋਨਲ ਨੂੰ ਵੀ ਉੱਚਿਤ ਕਾਰਵਾਈ ਲਈ ਭੇਜੀਆਂ ਹਨ।

# ਪੰਜਾਬ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ ਚੋਣਾਂ ਤੋਂ ਪਹਿਲਾਂ 30 ਵਿਦਿਆਰਥੀਆਂ ਨੂੰ ਸੰਮਨ

ਚੰਡੀਗੜ੍ਹ 31 ਅਗਸਤ। ਪੰਜਾਬ ਯੂਨੀਵਰਸਿਟੀ ’ਚ ਵਿਦਿਆਰਥੀ ਯੂਨੀਅਨ ਚੋਣਾਂ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਚੰਡੀਗੜ੍ਹ ਪੁਲਸ ਨੇ ਹੁੱਲੜਬਾਜ਼ੀ ਕਰਨ ਵਾਲੇ ਤੇ ਸ਼ਰਾਰਤੀ ਵਿਦਿਆਰਥੀਆਂ ’ਤੇ ਸ਼ਿਕੰਜਾ ਕਸਣਾ ਸ਼ੁਰੂ ਕਰ ਦਿੱਤਾ ਹੈ। ਸੈਕਟਰ-11 ਥਾਣਾ ਪੁਲਸ ਨੇ ਚੋਣਾਂ ਦੌਰਾਨ ਮਾਹੌਲ



ਖ਼ਰਾਬ ਕਰਨ ਵਾਲੇ ਵੱਖ-ਵੱਖ ਵਿਦਿਆਰਥੀ ਯੂਨੀਅਨਾਂ ਨਾਲ ਜੁੜੇ 30 ਵਿਦਿਆਰਥੀਆਂ ਦੀ ਸੂਚੀ ਤਿਆਰ ਕਰਕੇ ਐੱਸ.ਡੀ.ਐੱਮ. ਸੈਂਟਰਲ ਨੂੰ ਭੇਜੀ ਹੈ। ਐੱਸ. ਡੀ. ਐੱਮ. ਸੈਂਟਰਲ ਨੇ ਸਾਰੇ 30 ਵਿਦਿਆਰਥੀਆਂ ਨੂੰ ਸੰਮਨ ਜਾਰੀ ਕਰਕੇ ਅਦਾਲਤ ’ਚ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਹੁਣ ਇਨ੍ਹਾਂ ਵਿਦਿਆਰਥੀਆਂ ਨੂੰ ਐੱਸ. ਡੀ. ਐੱਮ. ਦਫ਼ਤਰ ’ਚ ਪੇਸ਼ ਹੋ ਕੇ ਸ਼ਿਓਰਿਟੀ ਦੇਣੀ ਪਵੇਗੀ। ਪੁਲਸ ਅਧਿਕਾਰੀਆਂ ਦੇ ਨਿਰਦੇਸ਼ਾਂ ’ਤੇ ਸੈਕਟਰ-11 ਥਾਣਾ ਪੁਲਸ ਨੇ ਕੁੱਟਮਾਰ ਅਤੇ ਹੰਗਾਮਾ ਕਰਨ ਵਾਲੇ ਵਿਦਿਆਰਥੀਆਂ ਦੀ ਸੂਚੀ ਤਿਆਰ ਕੀਤੀ ਹੈ। ਪੁਲਸ ਨੇ 30 ਵਿਦਿਆਰਥੀਆਂ ਖ਼ਿਲਾਫ਼ ਪ੍ਰਿਵੈਂਟਿਵ ਐਕਟ ਤਹਿਤ ਕਾਰਵਾਈ ਕਰਦਿਆਂ ਸੂਚੀ ਐੱਸ.ਡੀ.ਐੱਮ. ਦਫ਼ਤਰ ਭੇਜੀ ਹੈ। ਹੁਣ ਸਾਰੇ ਵਿਦਿਆਰਥੀਆਂ ਨੂੰ ਐੱਸ.ਡੀ.ਐੱਮ. ਦੇ ਸਾਹਮਣੇ ਪੇਸ਼ ਹੋ ਕੇ ਇਹ ਸ਼ਿਓਰਿਟੀ ਦੇਣੀ ਹੋਵੇਗੀ ਕਿ ਉਹ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੁੱਟਮਾਰ, ਹੰਗਾਮੇ ਜਾਂ ਕਾਨੂੰਨ-ਵਿਵਸਥਾ ਖ਼ਰਾਬ ਕਰਨ ਵਾਲੀ ਗਤੀਵਿਧੀ ਵਿਚ ਸ਼ਾਮਲ ਨਹੀਂ ਹੋਣਗੇ। ਪੁਲਸ ਅਨੁਸਾਰ ਸ਼ਿਓਰਿਟੀ ਦੇਣ ਤੋਂ ਬਾਅਦ ਜੇਕਰ ਕੋਈ ਵਿਦਿਆਰਥੀ ਚੋਣਾਂ ਦੌਰਾਨ ਹੰਗਾਮਾ ਜਾਂ ਕੁੱਟਮਾਰ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਪੰਜਾਬ ਯੂਨੀਵਰਸਿਟੀ ਕੈਂਪਸ ਵਿਚ ਸੁਰੱਖਿਆ ਪ੍ਰਬੰਧਾਂ ਲਈ ਕਰੀਬ 150 ਪੁਲਸ ਜਵਾਨ ਤਾਇਨਾਤ ਕੀਤੇ ਗਏ ਹਨ। ਇਸ ਤੋਂ ਇਲਾਵਾ ਸੀ. ਆਰ. ਪੀ. ਐੱਫ. ਦੇ ਜਵਾਨ ਵੀ ਸੁਰੱਖਿਆ ਲਈ ਤਾਇਨਾਤ ਕੀਤੇ ਗਏ ਹਨ। ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕਰਨ ਤੋਂ ਬਾਅਦ ਹੀ ਉਨ੍ਹਾਂ ਨੂੰ ਕੈਂਪਸ ਅੰਦਰ ਦਾਖ਼ਲ ਹੋਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਪੰਜਾਬ ਯੂਨੀਵਰਸਿਟੀ ਵਿਚ ਵਿਦਿਆਰਥੀ ਯੂਨੀਅਨ ਦੀਆਂ ਚੋਣਾਂ 31 ਅਗਸਤ ਨੂੰ ਹੋਣੀਆਂ ਹਨ। ਚੋਣਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਪੁਲਸ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ।

## ਪੁਲਿਸ ਵਾਲਿਆਂ ਨਾਲ ਖੜ੍ਹ ਕੇ ਤਮਾਸ਼ਾ ਦੇਖ ਰਿਹਾ ਸੀ ਵਪਾਰੀ ਦੀ ਪਤਨੀ ਦਾ ਕਾਤਲ

ਪਠਾਨਕੋਟ 31 ਅਗਸਤ। ਪਠਾਨਕੋਟ ਦੇ ਰਾਮਲੀਲਾ ਗਰਾਊਂਡ ਨੇੜੇ ਬੀਤੀ ਦੇਰ ਰਾਤ ਵਪਾਰੀ ਦੀ ਪਤਨੀ ਦਾ ਕਤਲ ਕਰਨ ਅਤੇ ਉਸ ਦੇ ਘਰ ਲੁੱਟਣ ਵਾਲੇ ਦੋਸ਼ੀ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ। ਮੁਲਜ਼ਮ ਦੀ ਪਛਾਣ ਵਰੁਣ ਕੁਮਾਰ ਵਾਸੀ ਪਠਾਨਕੋਟ ਵਜੋਂ ਹੋਈ ਹੈ। ਮੁਲਜ਼ਮ ਉਸੇ ਇਲਾਕੇ ਦਾ ਰਹਿਣ ਵਾਲਾ ਹੈ। ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਬੀਤੀ ਰਾਤ ਇਸ ਕਤਲ ਦੀ ਘਟਨਾ ਦਾ ਪਤਾ ਚੱਲਦੇ ਹੀ ਪੁਲਸ ਟੀਮ ਮੌਕੇ ’ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ਦੌਰਾਨ ਪੁਲਿਸ ਨੂੰ ਪਤਾ ਲੱਗਾ ਕਿ ਮੁਲਜ਼ਮ ਘਰੋਂ ਗਹਿਣੇ ਅਤੇ ਸੀਸੀਟੀਵੀ ਕੈਮਰੇ ਦੀ ਡੀਵੀਆਰ ਲੈ ਗਏ ਹਨ। ਪੁਲਸ ਨੇ ਮੁੱਢਲੀ ਜਾਂਚ ਦੇ ਆਧਾਰ ’ਤੇ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਜਦੋਂ ਪੁਲਿਸ ਟੀਮ ਮੌਕੇ ਦੀ ਜਾਂਚ ਕਰ ਰਹੀ ਸੀ ਤਾਂ ਵਾਰਦਾਤ ਨੂੰ ਅੰਜਾਮ ਦੇਣ ਵਾਲਾ ਦੋਸ਼ੀ ਵੀ ਕੋਲ ਹੀ ਖੜ੍ਹਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਨੂੰ ਪੁਲੀਸ ਵੱਲੋਂ ਫੜ ਕੇ ਅਦਾਲਤ ’ਚ ਪੇਸ਼ ਕਰਕੇ ਉਸ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ। ਇਸ ਗੱਲ ਦਾ ਪਤਾ ਲਗਾਇਆ ਜਾਵੇਗਾ ਕਿ ਉਕਤ ਦੋਸ਼ੀ ਦੇ ਨਾਲ ਕੋਈ ਹੋਰ ਵਿਅਕਤੀ ਵੀ ਸੀ ਜਾਂ ਨਹੀਂ ਅਤੇ ਉਸ ਨੇ ਹੀ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਪਤਾ ਲੱਗਾ ਹੈ ਕਿ ਪਠਾਨਕੋਟ ਦੇ ਸਾਹਮਣੇ ਰਾਮਲੀਲਾ ਗਰਾਊਂਡ ਕੋਲ ਸੁਭਾਸ਼ ਚੰਦਰ ਦੀ ਪਤਨੀ ਆਸ਼ਾ ਨੂੰ ਕਿਸੇ ਵਿਅਕਤੀ ਨੇ ਜ਼ਖ਼ਮੀ ਕਰ ਦਿੱਤਾ ਹੈ। ਉਸ ਦਾ ਰਾਜ ਹਸਪਤਾਲ ’ਚ ਇਲਾਜ ਚੱਲ ਰਿਹਾ ਸੀ, ਜਿੱਥੇ ਉਸ ਦੀ ਮੌਤ ਹੋ ਗਈ। ਇਸ ਤੋਂ ਬਾਅਦ ਮੁਲਜ਼ਮਾਂ ਨੂੰ ਫੜਨ ਲਈ ਸੀਨੀਅਰ ਅਧਿਕਾਰੀਆਂ ਵੱਲੋਂ ਟੀਮਾਂ ਬਣਾਈਆਂ ਗਈਆਂ। ਪੁਲਿਸ ਟੀਮਾਂ ਨੇ ਮਨੁੱਖੀ ਸੂਹੀਆ ਅਤੇ ਤਕਨੀਕੀ ਸਰਗਰਮੀ ਦੀ ਮਦਦ ਨਾਲ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਿਸ ਟੀਮਾਂ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ’ਚੋਂ ਵਾਰਦਾਤ ’ਚ ਵਰਤਿਆ ਗਿਆ ਸਾਮਾਨ ਬਰਾਮਦ ਕਰ ਲਿਆ ਹੈ।

# ਲੋਕ ਮਿਲਣੀ ’ਚ ਮੰਤਰੀ ਤੇ ਸਰਪੰਚ ਹੋਏ ਆਹਮੋ ਸਾਹਮਣੇ, ਪਿੰਡ ਮੰਡੋੜ ’ਚ ਸਰਪੰਚ ਨੇ ਲਾਏ ਪੱਖਪਾਤ ਦੇ ਦੋਸ਼

ਕੌਮੀ ਪਤ੍ਰਿਕਾ

ਪਟਿਆਲਾ 31 ਅਗਸਤ। ਪਟਿਆਲਾ ਦਿਹਾਤੀ ਹਲਕੇ ਵਿਚ ਦੇ ਪਿੰਡ ਮੰਡੋੜ ਵਿਚ ਸਿਹਤ ਮੰਤਰੀ ਦੀ ਲੋਕ ਮਿਲਣੀ ਦੌਰਾਨ ਉਸ ਸਮੇਂ ਸਥਿਤੀ ਤਣਾਅਪੂਰਨ ਬਣ ਗਈ ਜਦੋਂ ਮੌਜੂਦਾ ਸਰਪੰਚ ਨੇ ਸਟੇਜ ’ਤੇ ਹੀ ਮੰਤਰੀ ਖ਼ਿਲਾਫ਼ ਭੜਾਸ ਕੱਢਣੀ ਸ਼ੁਰੂ ਕਰ ਦਿੱਤੀ। ਆਪਣੀ ਮੰਗਾਂ ਦੱਸਦਿਆਂ ਪਿੰਡ ਦੇ ਸਰਪੰਚ ਹਰਪ੍ਰੀਤ ਸਿੰਘ ਨੇ ਮੰਤਰੀ ’ਤੇ ਪੱਖਪਾਤੀ ਵਤੀਰੇ ਦੇ ਦੋਸ਼ ਲਗਾਏ ਤੇ ਮੰਤਰੀ ਡਾ. ਬਲਬੀਰ ਸਿੰਘ ਨੇ ਵੀ ਸਰਪੰਚ ਨੂੰ ਨਿਕੰਮਾ ਐਲਾਨ ਦਿੱਤਾ। ਮਾਹੌਲ ਐਨਾ ਭਖ ਗਿਆ ਕਿ ਮੌਕੇ ਤੇ ਮੌਜੂਦ ਪੁਲਿਸ ਨੂੰ ਸਰਪੰਚ ਹਰਪ੍ਰੀਤ ਸਿੰਘ ਤੇ ਉਸਦੇ ਸਮਰਥਕਾਂ ਨੂੰ ਖਿੱਚ ਕੇ ਪੰਡਾਲ ’ਚੋਂ ਬਾਹਰ ਕੱਢਣਾ ਪਿਆ। ਲੋਕ ਮਿਲਣੀ ਦੌਰਾਨ ਸਟੇਜ ’ਤੇ ਸਿਹਤ ਮੰਤਰੀ ਨਾਲ ਖੜ੍ਹੇ ਕੇ ਸਰਪੰਚ ਹਰਪ੍ਰੀਤ ਸਿੰਘ ਨੇ ਕਿਹਾ ‘ਤੁਸੀਂ ਵਿਧਾਇਕ ਹੋ, ਮੰਤਰੀ ਤੇ ਪਰਿਵਾਰ ਦੇ ਮੁਖੀ ਹੋਣ ਦੇ ਨਾਤੇ ਹਰ ਮੈਂਬਰ ਦੀ ਗੱਲ ਸੁਣਨਾ ਤੁਹਾਡਾ ਫਰਜ਼ ਬਣਦਾ ਹੈ। ਸਾਡੀਆਂ ਮੰਗਾਂ ਪੂਰੀਆਂ ਕਰਨ ਲਈ ਨਾ ਤੁਹਾਨੂੰ ਸਰਕਾਰ ਤੋਂ ਕੋਈ ਬਜਟ ਲਿਆਉਣ ਦੀ ਲੋੜ ਹੈ ਤੇ ਨਾ ਕਿਸੇ ਮਨਜ਼ੂਰੀ ਲੈਣ ਦੀ ਲੋੜ ਹੈ, ਸਿਰਫ ਤੇ ਸਿਰਫ ਨੇਕਰ ਤੁਹਾਡਾ ਵਤੀਰਾ ਸਾਂਝਾ ਹੋ ਤਾਂ ਸਾਰੀਆਂ ਮੰਗਾਂ ਚਾਹ ਪੀਂਦੇ ਪੀਂਦੇ ਵੀ ਪੂਰੀਆਂ ਕਰ ਸਕਦੇ ਹੋ। ਤੁਸੀਂ ਪੰਜਾਬ ਵਿਚ ਨਸ਼ਿਆਂ ਦੀ ਮੁਹਿੰਮ ਚਲਾਈ ਹੈ ਪਰ ਤੁਹਾਡੇ ਵਲੰਟੀਅਰਾਂ ਨੂੰ ਕਈ ਵਾਰ ਕਹਿ ਕੇ ਥੱਕ ਗਏ ਪਰ ਨਸ਼ਿਆਂ ਦੇ ਖ਼ਿਲਾਫ਼ ਮਤਾ ਹੀ ਨਹੀਂ ਪੈਣ ਦਿੱਤਾ। ਸਰਪੰਚ ਨੇ ਕਿਹਾ ਕਿ ‘ਇਸ ਪਿੰਡ ਜੇਕਰ ਕੋਈ ਨਸ਼ਾ ਵੇਚਦਾ ਹੈ, ਜਮਾਨਤ ਕਰਵਾਉਂਦਾ ਹੈ ਜਾਂ ਥਾਣੇ ਛਡਾਉਣ ਜਾਂਦਾ ਹੈ, ਉਸ ਦੇ ਬਾਰੇ ਮਤਾ ਅੱਜ ਹੀ ਪੈਣਾ ਚਾਹੀਦਾ ਹੈ।’ ਦੂਸਰੀ ਮੰਗ, ਤੁਹਾਡੇ ਵਲੰਟੀਅਰਾਂ ਨੇ ਤੁਹਾਨੂੰ ਗੁਮਰਾਹ ਕੀਤਾ, ਕਿ ਚਿੱਪ ਵਾਲਾ ਮੀਟਰ ਹੋਣ ਕਰਕੇ ਸਕੂਲ ਦਾ ਕੁਨੈਕਸ਼ਨ ਕੱਟਿਆ



ਗਿਆ, ਜਦੋਂਕਿ ਪੰਚਾਇਤ ਦਾ ਕਰੀਬ ਸਾਢੇ ਤਿੰਨ ਲੱਖ ਰੁਪਏ ਦਾ ਬਿੱਲ ਬਕਾਇਆ ਖੜ੍ਹਾ ਹੈ, ਜਿਸ ਵਿਚ ਡਿਸਪੈਂਸਰੀ ਦਾ ਬਿੱਲ ਵੀ ਸ਼ਾਮਲ ਹੈ। ਤੀਸਰੀ ਮੰਗ ਹੈ ਕਿ ਪੰਚਾਇਤ, ਅਨਾਜ ਮੰਡੀ ਲਈ ਜ਼ਮੀਨ ਦੇਣ ਲਈ ਤਿਆਰ ਹੈ ਪਰ ਆਮ ਆਦਮੀ ਪਾਰਟੀ ਦੇ ਵਲੰਟੀਅਰ ਗੁੰਮਰਾਹ ਕਰਕੇ ਇਸਨੂੰ ਸਿਰੇ ਨਹੀਂ ਚੜ੍ਹਣ ਦੇ ਰਹੇ। ਚੌਥੀ ਮੰਗ ਗਲੀਆਂ ਪੱਕੀਆਂ ਕਰਨ ਬਾਰੇ ਹੈ। ਸਰਪੰਚ ਦੇ ਸੰਬੋਧਨ ਤੋਂ ਬਾਅਦ ਸਿਹਤ ਮੰਤਰੀ ਨੇ ਕਿਹਾ ਕਿ ਇਸ ਪਿੰਡ ਨਾਲ ਪਰਾਣਾ ਰਿਸ਼ਤਾ ਹੈ। ਰਾਜਨੀਤੀ ’ਚ ਆਉਣ ਤੋਂ ਪਹਿਲਾਂ ਇੱਥੇ ਕੈਂਪਸ ਲਗਾਉਂਦੇ ਰਹੇ ਹਾਂ। ਮੰਤਰੀ ਨੇ ਕਿਹਾ ‘ਪਿੰਡ ਦਾ ਮੁਖੀ ਸਰਪੰਚ ਹੁੰਦੇ, ਜਿਹੜੇ ਬੰਦੇ ਨੂੰ ਪਿੰਡ ਨੇ ਸਰਪੰਚ ਬਣਾ ਲਿਆ, ਉਸਦੀ ਜ਼ਿੰਮੇਵਾਰੀ ਹੈ ਕਿ ਉਸਨੇ ਸਾਰਿਆਂ ਨੂੰ ਨਾਲ ਲੈ ਕੇ ਚੱਲਣਾ ਹੈ। ਮੰਤਰੀ ਨੇ ਦੱਸਿਆ ‘ਪਿੰਡ ਗਲੀਆਂ, ਨਾਲੀਆਂ ਤੇ ਆਮ ਆਦਮੀ ਕਲੀਨਿਕ ਸਮੇਤ ਹੋਰ ਕਈ ਕੰਮ ਕੀਤੇ ਗਏ ਹਨ। ਸਾਰੇ ਕੰਮ ਸਰਪੰਚ ਦੇ ਸਾਥ ਤੋਂ ਬਗੈਰ ਹੋ ਰਹੇ ਹਨ।’ ਮੰਤਰੀ ਨੇ ਐਲਾਨ ਕਰਦਿਆਂ ਕਿਹਾ ‘ਸਰਪੰਚ ਜੋ ਮਰਜ਼ੀ ਕਹੇ, ਮੈਂ ਤੁਹਾਡੇ ਪਿੰਡ ਲਈ ਢਾਈ ਕਰੋੜ ਦੀ ਗ੍ਰਾਂਟ ਲੈ ਕੇ ਆਇਆਂ, ਸਰਪੰਚ ਦਾ ਕੰਮ ਇਹ ਨਹੀਂ ਕਿਸੇ ਨੂੰ ਕਾਰ ਵਿਚੋਂ ਕੱਢ ਕੇ ਕੁੱਟ ਦੇਵੇ, ਉਸਦਾ ਕੰਮ ਹੁੰਦਾ ਸਾਰਿਆਂ ਨੂੰ ਨਾਲ ਲੈ ਕੇ ਪਿੰਡ ਦੇ ਕੰਮ ਕਰੇ, ਹੁਣ ਕੋਈ ਗੁੰਡਾਗਰਦੀ ਨਹੀਂ ਚੱਲਣੀ ਦਿਹਦੀ, ਇਹ ਨਿਕੰਮਾ ਸਰਪੰਚ ਹੈ, ਮੈਂ ਪਿੰਡ ਦੇ ਸਾਰੇ ਕੰਮ ਕਰਕੇ ਦਿਊਂਗਾ।’

### ਨਸ਼ੀਲੀਆਂ ਗੋਲੀਆਂ ਸਮੇਤ ਵਿਅਕਤੀ ਗ੍ਰਿਫਤਾਰ

ਬਟਾਲਾ 31 ਅਗਸਤ। ਥਾਣਾ ਸਿਟੀ ਦੀ ਪੁਲਸ ਨੇ 60 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ’ਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਚ.ਓ. ਗੁਰਵਿਕਰਮਜੀਤ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਪੀ ਬਟਾਲਾ ਡਾ. ਮਹਿਤਾਬ ਸਿੰਘ ਅਤੇ ਡੀ.ਐੱਸ.ਪੀ ਸਿਟੀ ਸੁਖਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੁਲਸ ਵੱਲੋਂ ਨਸ਼ਾ ਤਸਕਰਾਂ ਦੇ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਏ.ਐੱਸ.ਆਈ ਪਵਨਦੀਪ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਨੇੜੇ ਭੱਠਾ ਮੋੜ ਬੈਂਕ ਕਾਲੋਨੀ ਬਟਾਲਾ ਤੋਂ ਨਵਲ ਮਸੀਹ ਵਾਸੀ ਬਟਾਲਾ ਨੂੰ 60 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ।